22-FEB-PAGE-1.qxd 2/21/2025 10:59 PM Page 1

ਸ਼ਨੀਵਾਰ, 22 ਫਰਵਰੀ 2025
11 ਫੱਗਣ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 263

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • SATURDAY, 22 FEBRUARY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਸਾਈਬਰ ਠੱਗ ਚੀਫ ਜਸਟਿਸ ਆਫ ਇੰਡੀਆ ਬਣ ਗਏ

ਲੁਧਿਆਣਾ ਦੇ ਬੰਦੇ ਨਾਲ 7 ਕਰੋੜ ਦੀ ਠੱਗੀ 'ਚ ਹੈਰਾਨਕੁੰਨ ਖੁਲਾਸੇ

ਚੰਡੀਗੜ੍ਹ : ਸਾਈਬਰ ਅਪਰਾਧ ਦਾ ਇਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਠੱਗਾਂ ਨੇ ਖੁਦ ਨੂੰ ਸੀ ਬੀ ਆਈ ਅਧਿਕਾਰੀ ਦੱਸ ਕੇ ਅਤੇ ਸੁਪਰੀਮ ਕੋਰਟ ਦੇ ਜਾਲ੍ਹੀ ਦਸਤਾਵੇਜ਼ਾਂ ਦੇ ਅਧਾਰ 'ਤੇ ਲੁਧਿਆਣਾ ਰਹਿੰਦੇ ਇਕ ਵਿਅਕਤੀ ਨਾਲ 7 ਕਰੋੜ ਰੁਪਏ ਦੀ ਧੋਖਾਧੜੀ ਕਰ ਲਈ।

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਦੱਸਿਆ ਗਿਆ ਕਿ ਇਨ੍ਹਾਂ ਠੱਗਾਂ ਨੇ ਬੜੀ ਚਲਾਕੀ ਨਾਲ ਕੋਰਟ ਦੇ ਫਰਜ਼ੀ ਹੁਕਮਾਂ, ਗ੍ਰਿਫਤਾਰੀ ਵਾਰੰਟਾਂ ਦੀ ਕਾਪੀ ਤਿਆਰ ਕਰਕੇ ਸ਼ਿਕਾਇਤਕਰਤਾ ਨੂੰ ਫੰਡ ਟਰਾਂਸਫਰ ਕਰਨ ਲਈ ਮਜਬੂਰ ਕੀਤਾ। ਇਹੀ ਨਹੀਂ ਭਾਰਤ ਦੇ ਤੱਤਕਾਲੀ ਚੀਫ ਜਸਟਿਸ ਡੀ ਵਾਈ ਚੰਦਰਚੂੜ ਦੇ ਨਾਂਅ ਹੇਠ ਕਿਸੇ ਹੋਰ ਨੂੰ ਬਿਠਾ ਕੇ ਵਰਚੁਅਲ ਸੁਣਵਾਈ ਦਾ ਪੂਰਾ ਡਰਾਮਾ ਵੀ ਰਚਿਆ। ਜਸਟਿਸ ਮਹਾਂਬੀਰ ਸਿੰਘ ਸਿੱਧੂ ਦੀ ਬੈਂਚ ਸਾਹਮਣੇ ਇਹ ਮਾਮਲਾ ਉਦੋਂ ਆਇਆ, ਜਦੋਂ ਉਪਰੋਕਤ ਫਰਜ਼ੀ ਕੇਸ ਵਿੱਚ ਮੁਲਜ਼ਮ ਵੱਲੋਂ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਗਈ। ਇਸ ਮਾਮਲੇ ਵਿੱਚ ਲੁਧਿਆਣਾ ਦੇ ਸਾਈਬਰ ਕ੍ਰਾਈਮ ਪੁਲਸ ਥਾਣੇ ਵਿਚ ਐੱਫ ਆਈ ਆਰ ਦਰਜ ਕੀਤੀ ਗਈ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਅਣਪਛਾਤੇ ਵਿਅਕਤੀਆਂ ਨੇ ਸਰਕਾਰੀ/ਈ ਡੀ ਅਧਿਕਾਰੀਆਂ ਦਾ ਭੇਸ ਧਾਰ ਕੇ ਸਾਈਬਰ ਅਪਰਾਧ ਕੀਤਾ ਅਤੇ 7 ਕਰੋੜ ਰੁਪਏ ਦੀ ਧੋਖਾਧੜੀ ਕੀਤੀ।

ਸੁਣਵਾਈ ਦੌਰਾਨ ਬੈਂਚ ਨੂੰ ਦੱਸਿਆ ਗਿਆ ਕਿ ਪਟੀਸ਼ਨਰ ਨੇ ਇੱਕ ਗੁੰਝਲਦਾਰ ਸਾਈਬਰ ਅਪਰਾਧ ਯੋਜਨਾ ਬਣਾਈ ਹੈ, ਜਿਸ ਵਿੱਚ ਭਾਰਤ ਦੀ ਸੁਪਰੀਮ ਕੋਰਟ, ਐੱਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਅਤੇ ਸੀ ਬੀ ਆਈ ਵੱਲੋਂ ਕਥਿਤ ਤੌਰ 'ਤੇ ਜਾਰੀ ਕੀਤੇ ਗਏ ਜਾਲ੍ਹੀ ਦਸਤਾਵੇਜ਼ ਤਿਆਰ ਕਰਨਾ ਅਤੇ ਪ੍ਰਸਾਰ ਸ਼ਾਮਲ ਹੈ। ਬੈਂਚ ਨੂੰ ਦੱਸਿਆ ਗਿਆ ਕਿ ਉਪਰੋਕਤ ਧੋਖਾਧੜੀ 27 ਅਗਸਤ, 2024 ਨੂੰ ਸ਼ੁਰੂ ਹੋਈ ਸੀ, ਜਦੋਂ ਸ਼ਿਕਾਇਤਕਰਤਾ ਨੂੰ ਟੈਲੀਕਾਮ ਰੈਗੂਲੇਟਰੀ ਅਥਾਰਟੀ ਆਫ ਇੰਡੀਆ ਦੇ ਹਵਾਲੇ ਨਾਲ ਕਿਸੇ ਵਿਅਕਤੀ ਦਾ ਫੋਨ

ਆਇਆ, ਜਿਸ ਵਿੱਚ ਉਸ ਦਾ ਮੋਬਾਇਲ ਨੰਬਰ ਕੱਟਣ ਦੀ ਧਮਕੀ ਦਿੱਤੀ ਗਈ ਸੀ। ਫਿਰ ਜਾਲ੍ਹਸਾਜ਼ਾਂ ਨੇ ਸੀ ਬੀ ਆਈ ਅਧਿਕਾਰੀਆਂ ਦੀ ਨਕਲ ਕੀਤੀ, ਜਾਲ੍ਹੀ ਜਾਂਚ ਦਸਤਾਵੇਜ਼ ਸਾਂਝੇ ਕੀਤੇ ਅਤੇ ਇੱਥੋਂ ਤੱਕ ਕਿ ਉਸ ਨੂੰ 7 ਕਰੋੜ ਰੁਪਏ ਨਿਰਧਾਰਤ ਬੈਂਕ ਖਾਤਿਆਂ ਵਿੱਚ ਟਰਾਂਸਫਰ ਕਰਨ ਲਈ ਮਨਾਉਣ ਲਈ ਇੱਕ ਵਰਚੁਅਲ ਅਦਾਲਤ ਵਿੱਚ ਸੁਣਵਾਈ ਵੀ ਕੀਤੀ। ਭਾਰਤ ਵਿੱਚ ਸਾਈਬਰ ਧੋਖਾਧੜੀ ਦੇ ਵਧਦੇ ਰੁਝਾਨ ਦਾ ਹਵਾਲਾ ਦਿੰਦੇ ਹੋਏ ਜਸਟਿਸ ਸਿੱਧੂ ਨੇ ਭਾਰਤੀ ਰਿਜ਼ਰਵ ਬੈਂਕ ਦੇ ਅੰਕੜਿਆਂ ਦਾ ਹਵਾਲਾ ਦਿੱਤਾ, ਜਿਸ ਵਿੱਚ ਵਿੱਤੀ ਸਾਲ 2020 ਤੇ 2024 ਦਰਮਿਆਨ ਸਾਈਬਰ ਧੋਖਾਧੜੀ ਦੇ 5.82 ਲੱਖ ਮਾਮਲਿਆਂ ਕਾਰਨ 3,207 ਕਰੋੜ ਰੁਪਏ ਦੇ ਨੁਕਸਾਨ ਦਾ ਖੁਲਾਸਾ ਹੋਇਆ ਹੈ। ਜਸਟਿਸ ਸਿੱਧੂ ਨੇ ਦਲੀਲਾਂ ਅਤੇ ਦਸਤਾਵੇਜ਼ਾਂ ਨੂੰ ਦੇਖਣ ਉਪਰੰਤ ਜ਼ੋਰ ਦੇ ਕੇ ਆਖਿਆ—ਸਾਫ ਪਤਾ ਲੱਗਦਾ ਹੈ ਕਿ ਪਟੀਸ਼ਨਕਰਤਾ ਨੇ ਹੋਰ ਸਹਿ-ਮੁਲਜ਼ਮਾਂ ਨਾਲ ਮਿਲ ਕੇ ਸ਼ਿਕਾਇਤਕਰਤਾ ਨਾਲ 7 ਕਰੋੜ ਰੁਪਏ ਦੀ ਧੋਖਾਧੜੀ ਕੀਤੀ ਹੈ ਅਤੇ ਸੁਪਰੀਮ ਕੋਰਟ ਦੇ ਹੁਕਮ ਨੂੰ ਵੀ ਜਾਲ੍ਹੀ ਬਣਾਇਆ ਹੈ। ਇਸ ਤੋਂ ਇਲਾਵਾ ਈ ਡੀ ਵੱਲੋਂ ਜਾਰੀ ਕੀਤਾ ਗਿਆ ਇੱਕ ਜਾਲ੍ਹੀ ਗ੍ਰਿਫਤਾਰੀ ਆਦੇਸ਼ ਵੀ ਅਸਲ ਵਿੱਚ ਸ਼ਿਕਾਇਤਕਰਤਾ ਨੂੰ ਦਿਖਾਇਆ ਗਿਆ ਸੀ ਅਤੇ ਉਸ ਨੂੰ ਕਥਿਤ ਰਕਮ ਟਰਾਂਸਫਰ ਕਰਨ ਲਈ ਮਜਬੂਰ ਕੀਤਾ ਗਿਆ ਸੀ। ਇਹ ਧਿਆਨ ਦੇਣ ਯੋਗ ਹੈ ਕਿ ਸਾਈਬਰ-ਧੋਖਾਧੜੀ ਦੇ ਮਾਮਲੇ ਦਿਨੋ-ਦਿਨ ਵਧ ਰਹੇ ਹਨ।

ਪੀ ਯੂ ਦੇ ਹੋਸਟਲ ਦਾ ਨਾਂਅ ਪੰਜਾਬ ਦੀਆਂ ਨਾਇਕਾਵਾਂ ਦੇ ਨਾਂਅ 'ਤੇ ਰੱਖਣ 'ਤੇ ਜ਼ੋਰ

ਰਾਣੀ ਅਹਿਲਿਆ ਬਾਈ ਹੋਲਕਰ ਦੇ ਨਾਂਅ 'ਤੇ ਰੱਖਣਾ ਨਾਵਾਜਬ

ਚੰਡੀਗੜ੍ਹ : ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਕੁੜੀਆਂ ਲਈ ਬਣ ਰਹੇ ਨਵੇਂ ਹੋਸਟਲ ਦਾ ਨਾਂਅ ਇੰਦੌਰ ਦੀ ਰਾਣੀ ਅਹਿਲਿਆ ਬਾਈ ਹੋਲਕਰ ਦੇ ਨਾਂਅ 'ਤੇ ਰੱਖਣ ਦਾ ਪੰਜਾਬ ਦੇ ਨਾਮਵਰ ਬੁੱਧੀਜੀਵੀਆਂ, ਸਿੱਖਿਆ ਮਾਹਰਾਂ, ਪੱਤਰਕਾਰਾਂ ਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਆਗੂਆਂ ਨੇ ਵਿਰੋਧ ਕੀਤਾ ਹੈ।ਵੱਡੇ ਚਿੰਤਕ ਡਾ. ਮਨਮੋਹਨ ਸਿੰਘ ਸਾਬਕਾ ਸਿੱਖਿਆ ਸਕੱਤਰ, ਸਾਬਕਾ ਵਾਈਸ ਚਾਂਸਲਰ ਡਾ. ਸਰਦਾਰਾ ਸਿੰਘ ਜੌਹਲ, ਸਾਬਕਾ ਵਾਈਸ ਚਾਂਸਲਰ ਸ ਪ ਸਿੰਘ, ਜਮਹੂਰੀ ਅਧਿਕਾਰ ਸਭਾ ਦੇ ਆਗੂ ਪ੍ਰੋ. ਜਗਮੋਹਨ ਸਿੰਘ, ਡਾ. ਪਰਮਿੰਦਰ ਸਿੰਘ, ਗੁਰਮੀਤ ਸਿੰਘ ਸ਼ੁਗਲੀ ਸਕੱਤਰ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ, ਡਾ. ਓਮ ਪ੍ਰਕਾਸ਼ ਵਸ਼ਿਸ਼ਠ, ਡਾ. ਸੁਰਜੀਤ ਸਿੰਘ ਭੱਟੀ, ਪ੍ਰੋ. ਕੁਲਦੀਪ ਸਿੰਘ, ਪ੍ਰੋ. ਪਰਮਿੰਦਰ ਸਿੰਘ, ਪਲਸ ਮੰਚ ਆਗੂ ਅਮੋਲਕ ਸਿੰਘ, ਪ੍ਰੋ. ਸਵਰਨਜੀਤ ਕੌਰ ਮਹਿਤਾ, ਪ੍ਰੋ. ਰੌਣਕੀ ਰਾਮ, ਪ੍ਰੋ. ਮਨਜੀਤ ਸਿੰਘ, ਪ੍ਰੋ. ਖਾਲਿਦ ਹੁਸੈਨ, ਪ੍ਰੋ. ਕੁਲਦੀਪ ਪੁਰੀ, ਪ੍ਰਸਿੱਧ ਪੱਤਰਕਾਰ ਜਤਿੰਦਰ ਪਨੂੰ, ਸਤਨਾਮ ਚਾਨਾ, ਬਲਬੀਰ ਪਰਵਾਨਾ, ਤਰਲੋਚਨ ਸਿੰਘ, ਸਤਨਾਮ ਮਾਣਕ, ਰਿਪੁਦਮਨ ਸਿੰਘ ਰਿੰਪੀ, ਹਮੀਰ ਸਿੰਘ, ਚੰਦ ਫਤਿਹਪੁਰੀ ਸੰਪਾਦਕ 'ਨਵਾਂ ਜ਼ਮਾਨਾ', ਪ੍ਰੋ. ਹਰਕ੍ਰਿਸ਼ਨ ਸਿੰਘ ਮਹਿਤਾ, ਜਗੀਰ ਸਿੰਘ ਕਾਹਲੋਂ, ਇਪਟਾ ਆਗੂ ਸੰਜੀਵਨ ਸਿੰਘ, ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਪੰਜਾਬ ਇਕਾਈ ਦੇ ਪ੍ਰਧਾਨ ਸੁਰਜੀਤ ਜੱਜ ਤੇ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ, ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਉੱਘੇ ਚਿੰਤਕ ਸਵਰਾਜਬੀਰ, ਉੱਘੇ ਸ਼ਾਇਰ ਡਾ. ਪਾਲ ਕੌਰ ਅਤੇ ਹਰਮੀਤ ਵਿਦਿਆਰਥੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਪੰਜਾਬ ਦੇ ਇਤਿਹਾਸ, ਸੱਭਿਆਚਾਰ ਅਤੇ ਵਿਰਾਸਤ ਨੂੰ ਪ੍ਰਮੋਟ ਕਰਨ ਵਾਲਾ ਵਿਦਿਅਕ ਅਦਾਰਾ ਹੈ। ਪੰਜਾਬ ਕੋਲ ਆਪਣੀ ਸੱਭਿਆਚਾਰਕ ਅਤੇ ਕ੍ਰਾਂਤੀਕਾਰੀ ਵਿਰਾਸਤ ਹੈ, ਜਿਸ ਵਿਚ ਬਹੁਤ ਸਾਰੀਆਂ ਔਰਤਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਮਾਤਾ ਖੀਵੀ, ਗ਼ਦਰੀ ਬੀਬੀ ਗੁਲਾਬ ਕੌਰ, ਦੁਰਗਾ ਭਾਬੀ ਅਤੇ ਮਾਤਾ ਵਿਦਿਆਵਤੀ ਵਰਗੀਆਂ ਔਰਤਾਂ ਨੇ ਆਪਣੇ ਮਹਾਨ ਯੋਗਦਾਨ ਸਦਕਾ ਦੇਸ਼ ਦੇ ਇਤਿਹਾਸ ਵਿਚ ਵਡੇਰਾ ਕਾਰਜ ਕੀਤਾ ਹੈ।ਉਹਨਾਂ ਕਿਹਾ ਕਿ ਮਾਤਾ ਖੀਵੀ, ਵਿਦਿਆਵਤੀ, ਗਦਰੀ ਗੁਲਾਬ ਕੌਰ ਅਤੇ ਕਲਪਨਾ ਚਾਵਲਾ ਵਰਗੀਆਂ ਸ਼ਖ਼ਸੀਅਤਾਂ ਨੂੰ ਛੱਡ ਕੇ ਅਹਿਲਿਆ ਬਾਈ ਹੋਲਕਰ ਦੇ ਨਾਂਅ 'ਤੇ ਹੋਸਟਲ ਦਾ ਨਾਂਅ ਰੱਖਣਾ ਵਾਜਿਬ ਨਹੀਂ। ਇਸ ਲਈ ਪ੍ਰਗਤੀਸ਼ੀਲ ਲੇਖਕ ਸੰਘ ਦੇ ਆਗੂਆਂ ਡਾ. ਹਰਵਿੰਦਰ ਸਿਰਸਾ, ਗੁਲਜ਼ਾਰ ਪੰਧੇਰ, ਕਰਨੈਲ ਸਿੰਘ ਵਜੀਰਾਬਾਦ, ਡਾ. ਅਨੂਪ ਸਿੰਘ, ਬਲਦੇਵ ਸਿੰਘ ਬੱਲੀ, ਅਰਵਿੰਦਰ ਕਾਕੜਾ, ਜਸਪਾਲ ਮਾਨਖੇੜਾ, ਤਰਸੇਮ, ਸੰਤੋਖ ਸੁੱਖੀ ਤੇ ਸਤਪਾਲ ਭੀਖੀ ਨੇ ਅਪੀਲ ਕੀਤੀ ਕਿ ਕੁੜੀਆਂ ਦੇ ਹੋਸਟਲ ਦਾ ਇਹ ਨਾਂਅ ਬਦਲ ਕੇ ਇਸ ਦੀ ਥਾਂ 'ਤੇ ਪੰਜਾਬ ਨਾਲ ਸੰਬੰਧਤ ਜਾਂ ਭਾਰਤ ਦੇ ਆਜ਼ਾਦੀ ਸੰਗਰਾਮ ਨਾਲ ਸੰਬੰਧਤ ਨਾਇਕਾਵਾਂ ਦੇ ਨਾਂਅ 'ਤੇ ਰੱਖਿਆ ਜਾਵੇ।

ਧੰਨਪ੍ਰੀਤ ਕੌਰ ਜਲੰਧਰ ਦੀ ਨਵੀਂ ਪੁਲਸ ਕਮਿਸ਼ਨਰ, 8 ਜ਼ਿਲ੍ਹਿਆਂ ਦੇ ਪੁਲਸ ਮੁਖੀ ਬਦਲੇ

ਜਲੰਧਰ (ਸੁਰਿੰਦਰ ਕੁਮਾਰ)

ਪੰਜਾਬ ਸਰਕਾਰ ਨੇ ਸ਼ੁੱਕਰਵਾਰ ਪ੍ਰਸ਼ਾਸਕੀ ਫੇਰ-ਬਦਲ ਕਰਦਿਆਂ ਅੱਠ ਜ਼ਿਲ੍ਹਿਆਂ ਦੇ ਜ਼ਿਲ੍ਹਾ ਪੁਲਸ ਕਪਤਾਨਾਂ ਦਾ ਤਬਾਦਲਾ ਕਰ ਦਿੱਤਾ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਆਈ ਪੀ ਐੱਸ ਪਤਨੀ ਡਾ. ਜਯੋਤੀ ਯਾਦਵ ਨੂੰ ਐੱਸ ਐੱਸ ਪੀ ਖੰਨਾ ਲਾਇਆ ਗਿਆ ਹੈ, ਜੋ ਇਸ ਵੇਲੇ ਮੁਹਾਲੀ ਵਿੱਚ ਐੱਸ ਪੀ ਵਜੋਂ ਤਾਇਨਾਤ ਸਨ। ਇਸ ਤੋਂ ਇਲਾਵਾ ਧੰਨਪ੍ਰੀਤ ਕੌਰ ਨੂੰ ਲੁਧਿਆਣਾ ਰੇਂਜ ਤੋਂ ਬਦਲ ਕੇ ਜਲੰਧਰ ਦੀ ਕਮਿਸ਼ਨਰ ਪੁਲਸ ਵਜੋਂ ਤਾਇਨਾਤ ਕੀਤਾ ਹੈ। ਨਵੇਂ ਹੁਕਮਾਂ ਵਿੱਚ ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ ਰਹੇ ਵਰਿੰਦਰ ਕੁਮਾਰ ਨੂੰ ਹਾਲੇ ਨਵੀਂ ਨਿਯੁਕਤੀ ਨਹੀਂ ਦਿੱਤੀ ਗਈ। ਜਲੰਧਰ ਦੇ ਕਮਿਸ਼ਨਰ ਪੁਲਸ ਸਵਪਨ ਸ਼ਰਮਾ ਨੂੰ ਬਦਲ ਕੇ ਹੁਣ ਫ਼ਿਰੋਜ਼ਪੁਰ ਰੇਂਜ ਦੇ ਡੀ ਆਈ ਜੀ ਲਾ ਦਿੱਤਾ ਹੈ। ਆਈ ਪੀ ਐੱਸ ਅਧਿਕਾਰੀ ਸੁਧਾਂਸ਼ੂ ਸ੍ਰੀਵਾਸਤਵਾ ਨੂੰ ਏ ਡੀ ਜੀ ਪੀ ਸਕਿਊਰਿਟੀ ਦੇ ਨਾਲ-ਨਾਲ ਏ ਡੀ ਜੀ ਪੀ ਪ੍ਰੋਵਿਜ਼ਨਿੰਗ ਦਾ ਵਾਧੂ ਚਾਰਜ ਦਿੱਤਾ ਹੈ। ਨਵੇਂ ਹੁਕਮਾਂ ਅਨੁਸਾਰ ਮੁਹੰਮਦ ਸਰਫ਼ਰਾਜ਼ ਆਲਮ ਨੂੰ ਐੱਸ ਐੱਸ ਪੀ ਬਰਨਾਲਾ, ਮਨਿੰਦਰ ਸਿੰਘ ਨੂੰ ਐੱਸ ਐੱਸ ਪੀ ਅੰਮ੍ਰਿਤਸਰ ਦਿਹਾਤੀ, ਅਦਿੱਤਿਆ ਨੂੰ ਐੱਸ ਐੱਸ ਪੀ ਗੁਰਦਾਸਪੁਰ, ਸ਼ੁਭਮ ਅਗਰਵਾਲ ਨੂੰ ਐੱਸ ਐੱਸ ਪੀ ਫ਼ਤਿਹਗੜ੍ਹ ਸਾਹਿਬ, ਅੰਕੁਰ ਗੁਪਤਾ ਨੂੰ ਐੱਸ ਐੱਸ ਪੀ ਲੁਧਿਆਣਾ ਦਿਹਾਤੀ, ਸੰਦੀਪ ਕੁਮਾਰ ਨੂੰ ਐੱਸ ਐੱਸ ਪੀ ਹੁਸ਼ਿਆਰਪੁਰ, ਗੁਰਮੀਤ ਚੌਹਾਨ ਨੂੰ ਐੱਸ ਐੱਸ ਪੀ ਫ਼ਿਰੋਜ਼ਪੁਰ ਅਤੇ ਅਖਿਲ ਚੌਧਰੀ ਨੂੰ ਐੱਸ ਐੱਸ ਪੀ ਮੁਕਤਸਰ ਸਾਹਿਬ ਲਾਇਆ ਗਿਆ ਹੈ।

ਜਥੇਦਾਰ ਲਾਉਣ ਤੇ ਹਟਾਉਣ ਦਾ ਹੱਕ ਐੱਸ ਜੀ ਪੀ ਸੀ ਕੋਲ : ਵਿਰਕ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਦਿੱਤੇ ਗਏ ਅਸਤੀਫ਼ੇ ਦਾ ਮਾਮਲਾ ਵਿਚਾਰਨ ਲਈ ਸ਼ੁੱਕਰਵਾਰ ਸ਼੍ਰੋਮਣੀ ਕਮੇਟੀ ਦੀ ਅੰਤਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਵਿੱਚ ਫਿਲਹਾਲ ਉਨ੍ਹਾ ਦਾ ਅਸਤੀਫ਼ਾ ਪੈਂਡਿੰਗ ਰੱਖ ਲਿਆ ਗਿਆ। ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਹੋਈ ਇਕੱਤਰਤਾ ਵਿੱਚ ਅਸਤੀਫ਼ੇ ਉੱਪਰ ਦੀਰਘ ਵਿਚਾਰ-ਵਟਾਂਦਰਾ ਕਰਨ ਉਪਰੰਤ ਇਹ ਫੈਸਲਾ ਹੋਇਆ ਕਿ ਐਡਵੋਕੇਟ ਧਾਮੀ ਦੀਆਂ ਸੇਵਾਵਾਂ ਦੀ ਸਿੱਖ ਸੰਸਥਾ ਨੂੰ ਅਜੇ ਵੱਡੀ ਲੋੜ ਹੈ, ਇਸ ਲਈ ਉਨ੍ਹਾ ਨੂੰ ਸੇਵਾਵਾਂ ਜਾਰੀ ਰੱਖਣ ਲਈ ਕਿਹਾ ਜਾਵੇ।

ਇਕੱਤਰਤਾ ਤੋਂ ਬਾਅਦ ਜਾਣਕਾਰੀ ਦਿੰਦਿਆਂ

ਅੰਤਰਿੰਗ ਕਮੇਟੀ ਵੱਲੋਂ ਐਡਵੋਕੇਟ ਧਾਮੀ ਦੇ ਅਸਤੀਫ਼ੇ 'ਤੇ ਫੈਸਲਾ ਪੈਂਡਿੰਗ

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸਰਬਸੰਮਤੀ ਨਾਲ ਐਡਵੋਕੇਟ ਧਾਮੀ ਦਾ ਅਸਤੀਫ਼ਾ ਪੈਂਡਿੰਗ ਰੱਖ ਕੇ ਉਨ੍ਹਾ ਨਾਲ ਗੱਲਬਾਤ ਕਰਨ ਦਾ ਫ਼ੈਸਲਾ ਹੋਇਆ। ਉਨ੍ਹਾ ਕਿਹਾ ਕਿ ਐਡਵੋਕੇਟ ਧਾਮੀ ਨੇ ਕਠਿਨ ਹਾਲਤਾਂ ਵਿੱਚ ਸ਼੍ਰੋਮਣੀ ਕਮੇਟੀ ਦੀ ਸੁਚੱਜੀ ਅਗਵਾਈ ਕੀਤੀ ਹੈ ਅਤੇ ਇਸ ਅਰਸੇ ਦੌਰਾਨ ਸੰਸਥਾ ਵੱਲੋਂ ਤਰੱਕੀ ਦੀਆਂ ਪੁਲਾਂਘਾਂ ਪੁੱਟੀਆਂ ਗਈਆਂ ਹਨ। ਇਸ ਲਈ ਅੰਤਰਿੰਗ ਕਮੇਟੀ ਨੇ ਉਨ੍ਹਾ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਮਹਿਸੂਸ ਕੀਤਾ ਹੈ ਕਿ ਜਿਹੜੇ ਕਾਰਨਾਂ ਕਰਕੇ ਐਡਵੋਕੇਟ ਧਾਮੀ ਨੇ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਅਸਤੀਫ਼ਾ ਦਿੱਤਾ ਹੈ, ਉਹ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ ਦਾ ਮਾਮਲਾ ਹੈ, ਕਿਉਂਕਿ ਸਿੰਘ ਸਾਹਿਬਾਨ ਸਮੇਤ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਦੀ ਜਾਂਚ-ਪੜਤਾਲ ਉਪਰੰਤ ਫੈਸਲਾ ਲੈਣ ਦਾ ਹੱਕ ਅੰਤਰਿੰਗ ਕਮੇਟੀ ਪਾਸ ਹੈ। ਇਸੇ ਤਹਿਤ ਹੀ ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾਮੁਕਤ ਕਰਨ ਦਾ ਫ਼ੈਸਲਾ ਇਕੱਲੇ ਪ੍ਰਧਾਨ ਐਡਵੋਕੇਟ ਧਾਮੀ ਦਾ ਨਹੀਂ, ਬਲਕਿ ਸਮੁੱਚੀ ਅੰਤਰਿੰਗ ਕਮੇਟੀ ਵੱਲੋਂ ਕੀਤਾ ਗਿਆ ਹੈ। ਇਸ ਲਈ ਉਨ੍ਹਾ ਦਾ ਅਸਤੀਫ਼ਾ ਵਧੇਰੇ ਵਿਚਾਰ ਲਈ ਪੈਂਡਿੰਗ ਕਰ ਦਿੱਤਾ ਗਿਆ ਹੈ ਅਤੇ ਇਹ ਵੀ ਫੈਸਲਾ ਹੋਇਆ ਹੈ ਕਿ ਅੰਤਰਿੰਗ ਕਮੇਟੀ ਐਡਵੋਕੇਟ ਧਾਮੀ ਨਾਲ ਮੁਲਾਕਾਤ ਕਰਕੇ ਉਨ੍ਹਾ ਨੂੰ ਅਸਤੀਫ਼ਾ ਵਾਪਸ ਲੈਣ ਲਈ ਅਪੀਲ ਕਰੇਗੀ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਸਿੰਘ ਸਾਹਿਬਾਨ ਦੇ ਅਧਿਕਾਰ ਖੇਤਰ ਵੱਖੋ-ਵੱਖਰੇ ਹਨ। ਉਨ੍ਹਾ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਸਿੱਖ ਗੁਰਦੁਆਰਾ ਐਕਟ 1925 ਵਿੱਚ ਸਾਰੇ ਕਾਨੂੰਨੀ, ਵਿੱਤੀ, ਪ੍ਰਸ਼ਾਸਨਿਕ ਅਤੇ ਸੰਵਿਧਾਨਕ ਅਧਿਕਾਰ ਦਿੱਤੇ ਗਏ ਹਨ, ਉੱਥੇ ਹੀ ਇਸ ਦੇ ਅਧਿਕਾਰੀਆਂ, ਕਰਮਚਾਰੀਆਂ ਸੰਬੰਧੀ ਸੇਵਾ ਨਿਯਮ ਬਣਾਉਣ ਦੇ ਵੀ ਮੁਕੰਮਲ ਹੱਕ-ਹਕੂਕ ਹਨ। ਸੇਵਾ ਨਿਯਮਾਂ ਅਧੀਨ ਆਉਂਦੇ ਕਿਸੇ ਵੀ ਅਧਿਕਾਰੀ, ਕਰਮਚਾਰੀ ਵੱਲੋਂ ਕੋਈ ਗਲਤੀ, ਗੁਨਾਹ ਜਾਂ ਅਣਗਹਿਲੀ

22-FEB-PAGE-1.qxd 2/21/2025 11:00 PM Page 2

ਲੋਕਾਂ ਨੂੰ ਹਰ ਸਹੂਲਤ ਮੁਹੱਈਆ ਕਰਵਾਉਣ ਲਈ ਸਰਕਾਰ ਵਚਨਬੱਧ : ਪ੍ਰਿੰ. ਬੁੱਧ ਰਾਮ

ਬਰੇਟਾ (ਗੀਤਵਾਲ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਜੀ ਦੀ ਗਤੀਸ਼ੀਲ ਅਗਵਾਈ ਹੇਠ ਸੂਬਾ ਵਾਸੀਆਂ ਨੂੰ ਹਰ ਸਹੂਲਤ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਬਰੇਟਾ ਵਿਖੇ ਕਰੀਬ 5.83 ਕਰੋੜ ਦੀ ਲਾਗਤ ਵਾਲੇ ਵਾਟਰ ਸਪਲਾਈ ਤੇ ਸੀਵਰੇਜ ਦੀ ਪਾਇਪ ਲਾਈਨ, ਐੱਸ. ਐਂਡ ਐੱਸ. ਟੈਂਕ, ਪੰਪ ਚੈਂਬਰ ਤੇ ਕੀਅਰ ਵਾਟਰ ਟੈਂਕ ਦਾ ਉਦਘਾਟਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮਾਨਸਾ ਚਰਨਜੀਤ ਸਿੰਘ ਅੱਕਾਂਵਾਲੀ ਮੌਜੂਦ ਸਨ। ਇਸ ਮੌਕੇ ਵਿਧਾਇਕ ਨੇ ਦੱਸਿਆ ਕਿ ਇਸ ਪ੍ਰੋਜੈਕਟ ਨਾਲ ਕਰੀਬ 20341 ਲੋਕਾਂ ਨੂੰ ਪੀਣ ਵਾਲਾ ਸਾਫ਼ ਨਹਿਰੀ (ਬੋਹਾ ਡਿਸਟ੍ਰੀਬਿਊਟਰੀ) ਪਾਣੀ ਤੇ ਸੀਵਰੇਜ ਦੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਬਰੇਟਾ ਟਾਊਨ ਵਿਖੇ ਵਾਟਰ ਸਪਲਾਈ ਤੇ ਸੀਵਰੇਜ ਦੀ ਸਹੂਲਤ ਦੇਣ ਲਈ ਇਸ ਟਾਊਨ ਦੀ ਚੋਣ ਸਪੈਸ਼ਲ ਅਸਿਸਟੈਂਸ ਸਕੀਮ ਦੇ ਅਧੀਨ ਕੀਤੀ ਗਈ। ਉਨ੍ਹਾਂ ਦੱਸਿਆ ਕਿ ਬਰੇਟਾ ਟਾਊਨ ਵਿਖੇ ਲੋਕਾਂ ਨੂੰ ਪੀਣ ਵਾਲੇ ਸਾਫ਼ ਪਾਣੀ ਤੇ ਸੀਵਰੇਜ ਦੀ ਸਹੂਲਤ ਦੇਣ ਲਈ 5.83 ਕਰੋੜ ਰੁਪਏ ਦੀ ਲਾਗਤ ਨਾਲ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਬੋਹਾ ਡਿਸਟ੍ਰੀਬਿਊਟਰੀ ਨਹਿਰ ਤੋਂ ਲੈ ਕੇ ਐੱਸ. ਐਂਡ ਐੱਸ. ਟੈਂਕਾਂ ਤੱਕ 650 ਮੀਟਰ ਗਰੈਵਟੀ ਮੇਨ ਪਾਇਪ ਲਾਇਨ, ਸ਼ਹਿਰ ਵਿੱਚ ਕਰੀਬ 2500 ਮੀਟਰ ਸੀਵਰੇਜ ਦੀ ਪਾਇਪ ਪਾਉਣ ਦਾ ਕੰਮ ਤੇ ਇਨ੍ਹਾਂ ਦੇ ਹਾਊਸ ਕੁਨੈਕਸ਼ਨ, ਸ਼ਹਿਰ ਵਿੱਚ ਕਰੀਬ 4000 ਮੀਟਰ ਪਾਣੀ ਦੀ ਪਾਇਪ ਪਾਉਣ ਦਾ ਕੰਮ ਤੇ ਇਨ੍ਹਾਂ ਦੇ ਹਾਊਸ ਕੁਨੈਕਸ਼ਨ, ਕੀਅਰ ਵਾਟਰ ਟੈਂਕ-2 ਨੰਬਰ, ਟੈਂਕੀ 50 ਹਜ਼ਾਰ ਗੇਲਣ-1 ਨੰਬਰ, ਐੱਸ. ਐਂਡ ਐੱਸ. ਟੈਂਕ (28318290 ਲੀਟਰ/7480900 ਗੇਲਣ) 1 ਨੰਬਰ, ਸਪ ਵੈਲ 3 ਮੀਟਰ ਡਾਇਆ-1 ਨੰਬਰ, ਪੰਪ ਚੈਂਬਰ, ਮੋਟਰਾਂ 60 ਐੱਚ.ਪੀ. 3 ਨੰਬਰ, 40 ਐੱਚ.ਪੀ. 1 ਨੰਬਰ, 15 ਐੱਚ.ਪੀ. ਕੰਮ ਕਰਵਾਏ ਗਏ। ਉਨ੍ਹਾਂ ਕਿਹਾ ਕਿ ਇਸ ਕੰਮ ਨਾਲ ਬਰੇਟਾ ਟਾਊਨ ਦੇ ਵਾਸੀਆਂ ਨੂੰ ਸਾਫ਼ ਪੀਣ ਵਾਲੇ ਪਾਣੀ ਦੀ ਸੁਵਿਧਾ ਵਿੱਚ ਵਾਧਾ ਹੋਵੇਗਾ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਨੂੰ ਬਚਾਉਣ ਤੇ ਸੀਵਰੇਜ ਵਿੱਚ ਕੁੜਾ ਕਰਕਟ ਨਾ ਸੁੱਟਣ ਲਈ ਵੀ ਅਪੀਲ ਕੀਤੀ, ਤਾਂ ਜੋ ਇਨ੍ਹਾਂ ਸੇਵਾਵਾਂ ਨੂੰ ਲੰਮੇਂ ਸਮੇਂ ਲਈ ਸੁਚਾਰੂ ਢੰਗ ਨਾਲ ਚਾਲੂ ਰੱਖਿਆ ਜਾ ਸਕੇ। ਇਸ ਮੌਕੇ ਲਲਿਤ ਕੁਮਾਰ, ਕੇਵਲ ਸ਼ਰਮਾ, ਪ੍ਰੀਤ ਕੁਮਾਰ ਪ੍ਰੀਤਾ, ਕਾਕੂ ਬਰੇਟਾ ਗੱਗੀ ਐੱਮ.ਸੀ., ਚਮਕੌਰ ਸਿੰਘ ਚੇਅਰਮੈਨ, ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਦੀਪੂ ਐੱਮ.ਸੀ., ਗਾਂਧੀ ਰਾਮ ਪ੍ਰਧਾਨ, ਸੰਦੀਪ ਬੱਗਾ, ਜੀਵਨ, ਦਰਸ਼ਨ ਐੱਮ.ਸੀ., ਕਪਿਲ ਕੁਮਾਰ, ਮਨਿੰਦਰ ਕੁਮਾਰ ਪ੍ਰਧਾਨ ਕਰਿਆਨਾ ਜਨਰਲ ਸਟੋਰ ਮੌਜੂਦ ਸਨ।

ਮੁਲਾਜ਼ਮਾਂ ਦੀ ਬਕਾਇਆ ਰਾਸ਼ੀ ਦੀ ਅਦਾਇਗੀ ਮਹਿਜ਼ ਡਰਾਮੇਬਾਜ਼ੀ : ਡੀ ਟੀ ਐੱਫ

ਮਨੀਸ਼ ਸਿਸੋਦੀਆ ਦੀ ਸਰਕਾਰੀ ਸਕੂਲਾਂ 'ਚ ਦਖਲ-ਅੰਦਾਜ਼ੀ ਦਾ ਸਖ਼ਤ ਵਿਰੋਧ

ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਦੀ ਆਪ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਨੂੰ 2016 ਤੋਂ ਰਹਿਂਦੇ ਹਰ ਤਰ੍ਹਾਂ ਦੇ ਬਕਾਏ ਜਾਰੀ ਕਰਨ ਦੇ ਬਿਆਨ ਨੇ ਮੁਲਾਜ਼ਮ ਵਰਗ ਵਿੱਚ ਵੱਖਰੀ ਤਰ੍ਹਾਂ ਦੀ ਚਰਚਾ ਛੇੜ ਦਿੱਤੀ ਹੈ। ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਸਰਕਾਰੀ ਤਜਵੀਜ਼ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਗੈਰ-ਸਿਧਾਂਤਕ ਤੇ ਗੈਰ-ਜ਼ਿੰਮੇਵਾਰਾਨਾ ਤਜਵੀਜ਼ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਫਰਵਰੀ 2027 ਵਿੱਚ ਸੱਤਾ ਛੱਡਣ ਵਾਲੀ ਪੰਜਾਬ ਸਰਕਾਰ ਅਪ੍ਰੈਲ 2027 ਤੋਂ ਬਕਾਇਆ ਦੀ ਅਦਾਇਗੀ ਦੇ ਲਾਰੇ ਲਾ ਰਹੀ ਹੈ।ਡੀ ਟੀ ਐੱਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉੱਭਾ, ਰਾਜਵਿੰਦਰ ਸਿੰਘ ਬਹਿਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਸੂਬਾ ਸਰਕਾਰ ਕੇਵਲ ਗੱਲੀਂ ਬਾਤੀਂ ਵੱਡੀ ਹੋਣ ਦੀ ਦੌੜ 'ਚ ਲੱਗੀ ਹੋਈ ਹੈ।ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਪੰਜਾਬ ਦੇ ਮੁਲਾਜ਼ਮਾਂ ਦੇ 37 ਤਰ੍ਹਾਂ ਦੇ ਕੱਟੇ ਭੱਤਿਆਂ ਤੇ ਪੇਂਡੂ ਭੱਤੇ ਦੀ ਅੱਜ ਤੱਕ ਬਹਾਲੀ ਨਹੀਂ ਕਰ ਸਕੀ, ਉਸ ਤੋਂ ਕੀ ਉਮੀਦ ਕੀਤੀ ਜਾ ਸਕਦੀ ਹੈ?

ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਪੰਜਾਬ ਸਰਕਾਰ ਦੀ ਲੱਗਭਗ ਤਿੰਨ ਸਾਲ ਦੀ ਕਾਰਗੁਜ਼ਾਰੀ ਨੂੰ ਪੂਰੀ ਤਰ੍ਹਾਂ ਮੁਲਾਜ਼ਮ ਵਿਰੋਧੀ ਕਰਾਰ ਦਿੰਦਿਆਂ ਕਿਹਾ ਕਿ ਨਾ ਸਿਰਫ਼ ਆਰਥਿਕ ਪੱਖੋਂ ਮੁਲਾਜ਼ਮਾਂ ਤੇ ਅਧਿਆਪਕਾਂ ਨਾਲ ਧੱਕੇਸ਼ਾਹੀ ਕੀਤੀ ਗਈ ਸਗੋਂ ਅਧਿਆਪਕਾਂ ਦੀਆਂ ਤਰੱਕੀਆਂ, ਬਦਲੀਆਂ ਤੇ ਭਰਤੀਆਂ ਵੀ ਸਿਆਸੀ ਦਖਲਅੰਦਾਜ਼ੀ ਤੇ ਅਫ਼ਸਰਸ਼ਾਹੀ ਦੀਆਂ ਗਲਤ ਨੀਤੀਆਂ ਦੀ ਭੇਟ ਚੜ੍ਹ ਚੁੱਕੀਆਂ ਹਨ।ਉਨ੍ਹਾਂ ਮੰਗ ਕੀਤੀ ਕਿ ਮੁਲਾਜ਼ਮਾਂ ਦੇ ਬਣਦੇ ਬਕਾਇਆਂ ਦਾ ਯਕਮੁਸ਼ਤ ਭੁਗਤਾਨ ਕੀਤਾ ਜਾਵੇ, ਤਰੱਕੀ ਯਾਫ਼ਤਾ ਅਧਿਆਪਕਾਂ ਨੂੰ ਮੁੜ ਸਟੇਸ਼ਨ ਚੋਣ ਦਾ ਹੱਕ ਦਿੱਤਾ ਜਾਵੇ।ਹਰ ਪੱਧਰ 'ਤੇ ਖਾਲੀ ਅਸਾਮੀਆਂ ਦੀ ਭਰਤੀ ਪੂਰੇ ਤਨਖਾਹ ਸਕੇਲਾਂ 'ਤੇ ਮੁਕੰਮਲ ਕੀਤੀ ਜਾਵੇ।ਠੇਕਾ ਤੇ ਆਊਟ ਸੋਰਸਿੰਗ ਖ਼ਤਮ ਕੀਤੀ ਜਾਵੇ। ਜਥੇਬੰਦੀ ਦੇ ਆਗੂਆਂ ਨੇ ਆਮ ਆਦਮੀ ਪਾਰਟੀ ਆਗੂ ਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਜੋ ਕਿ ਅੱਜਕੱਲ੍ਹ ਕਿਸੇ ਵੀ ਸੰਵਿਧਾਨਕ ਅਹੁਦੇ 'ਤੇ ਨਹੀਂ, ਵੱਲੋਂ ਪੰਜਾਬ ਦੇ ਸਕੂਲਾਂ ਤੇ ਅਧਿਕਾਰੀਆਂ ਦੀ ਚੈਕਿੰਗ ਦਾ ਵੀ ਸਖ਼ਤ ਵਿਰੋਧ ਕੀਤਾ।ਇਸ ਮੌਕੇ ਅਮਰੀਕ ਬੋਹਾ, ਰਾਜ ਸਿੰਘ, ਨਵਜੋਸ਼ ਸਪੋਲੀਆ, ਸੰਦੀਪ ਧਰਮਪੁਰਾ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਜਗਦੇਵ ਸਿੰਘ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਕੁਲਵਿੰਦਰ ਜੋਗਾ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ ਆਦਿ ਅਧਿਆਪਕ ਆਗੂ ਹਾਜ਼ਰ ਸਨ।

ਬਿਡਾਸ ਐਗਰੋ ਫੂਡਜ਼ ਵੱਲੋਂ ਲਗਾਈ ਪ੍ਰਦਰਸ਼ਨੀ ਦਾ ਕੇਂਦਰੀ ਮੰਤਰੀ ਵੱਲੋਂ ਨਿਰੀਖਣ



ਬਾਘਾ ਪੁਰਾਣਾ (ਮਨੀ ਸਿੰਗਲਾ)-ਦੁਬਈ ਵਿੱਚ ਆਯੋਜਿਤ ਫੂਡ ਫੇਅਰ ਵਿੱਚ 125 ਦੇਸ਼ਾਂ ਦੇ ਵਪਾਰੀਆਂ ਨੇ ਹਿੱਸਾ ਲਿਆ।ਇਸ ਫੂਡ ਫੇਅਰ ਵਿੱਚ ਪੰਜਾਬ ਦੇ ਮੋਗਾ ਜ਼ਿਲ੍ਹੇ ਦੇ ਬਾਘਾ ਪੁਰਾਣਾ ਦੇ ਬਿਡਾਸ ਐਗਰੋ ਫੂਡਜ਼ ਨੇ ਵੀ ਆਪਣੇ ਵੱਖ-ਵੱਖ ਕਿਸਮਾਂ ਦੇ ਬਾਸਮਤੀ ਚਾਵਲਾਂ ਦੀ ਪ੍ਰਦਰਸ਼ਨੀ ਲਗਾਈ।ਇਸ ਪ੍ਰਦਰਸ਼ਨੀ ਦਾ ਨਰੀਖਣ ਭਾਰਤ ਦੇ ਫੂਡ ਪ੍ਰੋਸੈਸਿੰਗ ਕੈਬਨਿਟ ਮੰਤਰੀ ਚਿਰਾਗ ਪਾਸਵਾਨ ਨੇ ਕੀਤਾ।ਉਨ੍ਹਾਂ ਬਿਡਾਸ ਐਗਰੋ ਫੂਡਜ਼ ਦੇ ਮੈਨੇਜਿੰਗ ਡਾਇਰੈਕਟਰ ਬਾਲ ਕ੍ਰਿਸ਼ਨ ਬਾਲੀ ਤੋਂ ਚਾਵਲਾਂ ਦੀਆਂ ਵੱਖ-ਵੱਖ ਕਿਸਮਾਂ ਤੇ ਗੁਣਵੱਤਾ ਬਾਰੇ ਜਾਣਕਾਰੀ ਲਈ ਅਤੇ ਇਸ ਪ੍ਰਦਰਸ਼ਨੀ ਲਈ ਖੁਸ਼ੀ ਪ੍ਰਗਟ ਕੀਤੀ।ਇਸ ਫੂਡ ਫੇਅਰ ਵਿੱਚ ਬਿਡਾਸ ਐਗਰੋ ਫੂਡਜ਼ ਨੇ ਪੰਜਾਬ ਦੇ ਖੇਤੀਬਾੜੀ ਉਤਪਾਦਾਂ ਦੀ ਗੁਣਵੱਤਾ ਤੇ ਵਿਭਿੰਨਤਾ ਨੂੰ ਵਿਸ਼ਵ ਪੱਧਰ 'ਤੇ ਪ੍ਰਦਰਸ਼ਤ ਕੀਤਾ।ਇਹ ਇਵੈਂਟ ਖੇਤੀਬਾੜੀ ਤੇ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਉਤਸ਼ਾਹਤ ਕਰਨ ਅਤੇ ਵਿਸ਼ਵ ਬਾਜ਼ਾਰਾਂ ਵਿੱਚ ਪੰਜਾਬ ਦੇ ਉਤਪਾਦਾਂ ਦੀ ਮੰਗ ਨੂੰ ਵਧਾਉਣ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਸੀ।ਇਸ ਤਰ੍ਹਾਂ, ਬਿਡਾਸ ਐਗਰੋ ਫੂਡਜ਼ ਨੇ ਨਾ ਸਿਰਫ ਪੰਜਾਬ ਦੇ ਖੇਤੀਬਾੜੀ ਉਤਪਾਦਾਂ ਨੂੰ ਵਿਸ਼ਵ ਪੱਧਰ 'ਤੇ ਪ੍ਰਦਰਸ਼ਤ ਕੀਤਾ, ਬਲਕਿ ਇਸ ਨਾਲ ਪੰਜਾਬ ਦੇ ਕਿਸਾਨਾਂ ਤੇ ਉਦਯੋਗਾਂ ਨੂੰ ਵੀ ਗਲੋਬਲ ਮਾਰਕੀਟ ਵਿੱਚ ਮੌਕੇ ਮਿਲਣ ਦੀ ਉਮੀਦ ਹੈ।

ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ 'ਚ ਮਨਾਇਆ ਕੌਮਾਂਤਰੀ ਮਾਂ ਬੋਲੀ ਦਿਵਸ

ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)-ਕੌਮਾਂਤਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਹੜੇ 'ਚ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਸਕੂਲ ਮੁਖੀ ਅਮਨਦੀਪ ਸ਼ਰਮਾ ਨੇ ਬੱਚਿਆਂ ਨੂੰ ਦੱਸਿਆ ਕਿ ਸਾਨੂੰ ਪੰਜਾਬੀ ਬੋਲੀ 'ਤੇ ਫਖਰ ਮਹਿਸੂਸ ਕਰਨਾ ਚਾਹੀਦਾ ਹੈ।ਮਾਂ ਬੋਲੀ ਪੰਜਾਬੀ ਦਾ ਬਹੁਤ ਵਿਸ਼ਾਲ ਅਤੇ ਵੱਡਾ ਸਾਹਿਤਕ ਭੰਡਾਰ ਹੈ।ਇਸ ਦੀਆਂ ਬਹੁਤ ਸਾਰੀਆਂ ਉਪ-ਭਾਸ਼ਾਵਾਂ ਵੀ ਹਨ।ਉਨਾਂ ਮਾਂ ਬੋਲੀ 'ਤੇ ਆਪਣੀ ਕਵਿਤਾ 'ਮਾਂ ਬੋਲੀ ਪੰਜਾਬੀਏ ਨੀ' ਵੀ ਸੁਣਾਈ। ਪ੍ਰੋਗਰਾਮ ਦੇ ਇੰਚਾਰਜ ਮੈਡਮ ਪ੍ਰੀਤੀ ਅਰੋੜਾ, ਮੈਡਮ ਮੰਜੂ ਸ਼ਰਮਾ ਅਤੇ ਵੀਰਪਾਲ ਨੇ ਵੀ ਬੱਚਿਆਂ ਨੂੰ ਪੰਜਾਬੀ ਮਾਂ ਬੋਲੀ ਦੀ ਮਹੱਤਤਾ ਬਾਰੇ ਅਤੇ ਸਾਡੇ ਵਿਰਸੇ ਬਾਰੇ ਵਿਸਥਾਰਪੂਰਵਕ ਗੱਲਬਾਤ ਕੀਤੀ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਪਰਸਨ ਸਰੋਜ ਰਾਣੀ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਪਣੀ ਮਾਂ ਬੋਲੀ ਤੇ ਫਖਰ ਕਰਨਾ ਚਾਹੀਦਾ ਹੈ ਅਤੇ ਆਪਣੇ ਵਿਰਸੇ ਬਾਰੇ ਵੀ ਪੂਰੀ ਜਾਣਕਾਰੀ ਰੱਖਣੀ ਚਾਹੀਦੀ ਹੈ। ਇਸ ਮੌਕੇ ਨੰਨ੍ਹੇ ਮੁੰਨੇ ਵਿਦਿਆਰਥੀਆਂ ਵੱਲੋਂ ਆਪਣੀਆਂ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ।

ਡਿਪਟੀ ਕਮਿਸ਼ਨਰ ਵੱਲੋਂ ਸੀਵਰੇਜ ਟਰੀਟਮੈਂਟ ਪਲਾਂਟ ਦਾ ਦੌਰਾ

ਮਲੋਟ (ਗੁਰਮੀਤ ਸਿੰਘ ਮੱਕੜ)

ਸ਼ਹਿਰ ਵਾਸੀਆਂ ਨੂੰ ਸੀਵਰੇਜ ਸਬੰਧੀ ਆ ਰਹੀਆਂ ਸਮੱਸਿਆਵਾਂ ਦੇ ਪੁਖ਼ਤਾ ਹੱਲ ਲਈ ਡਿਪਟੀ ਕਮਿਸ਼ਨਰ ਸ੍ਰੀ ਅਭਿਜੀਤ ਕਪਲਿਸ਼ ਨੇ ਬੱਲੂਮਗੜ੍ਹ ਰੋਡ 'ਤੇ ਬਣੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਦੌਰਾ ਕੀਤਾ। ਇਸ ਮੌਕੇ ਕਾਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ, ਐੱਸ.ਡੀ.ਓ. ਪਬਲਿਕ ਹੈਲਥ ਜਗਮੋਹਣ ਸਿੰਘ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਪਬਲਿਕ ਹੈਲਥ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨਾਲ ਚੱਲ ਰਹੇ ਪ੍ਰਾਜੈਕਟਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਸਬੰਧੀ ਤਕਨੀਕੀ ਜਾਣਕਾਰੀ ਸਾਂਝੀ ਕਰਦੇ ਹੋਏ ਜੇ. ਈ. ਹਰਿਰਾਏ ਸਿੰਘ ਨੇ ਦੱਸਿਆ ਕਿ ਇਸ ਸੀਵਰੇਜ ਟਰੀਟਮੈਂਟ ਪਲਾਂਟ ਵਿੱਚ 8.7 ਐੱਮ.ਐੱਲ.ਡੀ. ਸਮੱਰਥਾ ਤੇ 3 ਐੱਮ.ਐੱਲ.ਡੀ. ਸਮੱਰਥਾ ਵਾਲੇ ਦੋ ਐੱਸ.ਟੀ.ਪੀ. ਨੂੰ ਰਿਪੇਅਰ ਕੀਤਾ ਜਾਣਾ ਹੈ ਤੇ ਇੱਕ 5 ਐੱਮ.ਐੱਲ.ਡੀ. ਸਮੱਰਥਾ ਦਾ ਐੱਸ.ਟੀ.ਪੀ. ਜਲਦ ਹੀ ਨਵਾਂ ਬਣਾਇਆ ਜਾਣਾ ਹੈ ਅਤੇ ਸੋਧਿਆ ਹੋਇਆ ਪਾਣੀ ਵਾਪਸ ਪਬਲਿਕ ਹੈਲਥ ਨੂੰ ਭੇਜਿਆ ਜਾਵੇਗਾ ਅਤੇ ਅੱਗੇ ਸਬੰਧਤ ਵਿਭਾਗ ਕਿਸਾਨਾਂ ਨੂੰ ਜ਼ਮੀਨ ਦੀ ਸਿੰਚਾਈ ਹਿੱਤ ਦੇਣ ਲਈ ਭੂਮੀ ਰੱਖਿਆ ਵਿਭਾਗ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ ਜਾਂ ਕਿਸੇ ਹੋਰ ਜ਼ਰੂਰਤ ਲਈ ਵਰਤਿਆ ਜਾਵੇਗਾ। ਇਸੇ ਲੜੀ ਤਹਿਤ ਉਪ-ਮੰਡਲ ਮੈਜਿਸਟ੍ਰੇਟ ਮਲੋਟ ਡਾ. ਸੰਜੀਵ ਕੁਮਾਰ ਵੱਲੋਂ ਪਿੰਡ ਦਾਨੇਵਾਲਾ ਵਿਖੇ 10 ਐੱਮ.ਐੱਲ.ਡੀ. ਸਮਰੱਥਾ, ਜੋ ਕਿ ਐੱਮ.ਬੀ.ਬੀ.ਆਰ. ਤਕਨੀਕ ਦਾ ਚੱਲ ਰਿਹਾ ਹੈ ਤੇ ਭਗਵਾਨਪੁਰਾ ਵਿਖੇ ਚੱਲ ਰਹੇ 3 ਐੱਮ.ਐੱਲ.ਡੀ. ਸਮਰੱਥਾ ਦੇ ਪਲਾਂਟਾਂ ਦਾ ਦੌਰਾ ਕੀਤਾ। ਉਨ੍ਹਾ ਦੱਸਿਆ ਕਿ ਪਿੰਡ ਦਾਨੇਵਾਲਾ ਦੇ ਟਰੀਟਮੈਂਟ ਪਲਾਂਟ ਦੇ ਸੋਧੇ ਹੋਏ ਪਾਣੀ ਨੂੰ ਜ਼ਿਮੀਂਦਾਰਾਂ ਨੂੰ ਸਿੰਚਾਈ ਲਈ ਦੇਣ ਲਈ ਭੂਮੀ ਰੱਖਿਆ ਵਿਭਾਗ ਵੱਲੋਂ 1.60 ਕਰੋੜ ਰੁਪਏ ਦੀ ਲਾਗਤ ਦਾ ਪ੍ਰਾਜੈਕਟ ਤਿਆਰ ਕੀਤਾ ਜਾ ਰਿਹਾ ਹੈ। ਇਸ ਨਾਲ ਕਰੀਬ 500 ਏਕੜ ਦੇ ਰਕਬੇ ਵਿੱਚ ਸਿੰਚਾਈ ਕੀਤੀ ਜਾ ਸਕੇਗੀ। ਇਸ ਮੌਕੇ ਸੀਵਰੇਜ ਬੋਰਡ ਦੇ ਉਪ ਮੰਡਲ ਇੰਜੀਨੀਅਰ ਵਿਸ਼ਵਜੀਤ ਸਿੰਘ, ਇੰਜੀਨੀਅਰ ਰਾਕੇਸ਼ ਮੋਹਨ ਮੱਕੜ ਤੇ ਹਰਜਿੰਦਰ ਸਿੰਘ, ਰਾਜਵੰਤ ਸਿੰਘ ਤੇ ਗਗਨ ਬਜਾਜ ਮੌਜੂਦ ਸਨ। ਉਪ-ਮੰਡਲ ਮੈਜਿਸਟ੍ਰੇਟ ਗਿੱਦੜਬਾਹਾ ਵੱਲੋਂ ਵੀ ਅੱਜ ਗਿੱਦੜਬਾਹਾ ਦੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਦੌਰਾ ਕੀਤਾ ਗਿਆ। ਉਨ੍ਹਾ ਦੱਸਿਆ ਕਿ ਗਿੱਦੜਬਾਹਾ ਵਿਖੇ 7 ਐੱਮ.ਐੱਲ.ਡੀ. ਸਮਰੱਥਾ ਵਾਲਾ ਐੱਸ.ਟੀ.ਪੀ. ਕੰਮ ਕਰ ਰਿਹਾ ਹੈ। ਇਹ ਪਲਾਂਟ ਐੱਮ.ਬੀ.ਬੀ.ਆਰ. ਤਕਨੀਕ ਦਾ ਹੈ। ਉਨ੍ਹਾ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਸੀਵਰੇਜ ਸਿਸਟਮ ਦੇ ਫ਼ਲੋ ਨੂੰ ਸੋਧਣ ਹ

22 Feb Page-3.qxd 2/21/2025 11:11 PM Page 1

ਅਣ-ਅਧਿਕਾਰਤ ਕਾਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏ ਡੀ ਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਏ ਡੀ ਏ ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਜਗਬੀਰ ਸਿੰਘ, ਉੱਪ-ਮੰਡਲ ਇੰਜੀਨੀਅਰ (ਜ ਸ), ਏ ਡੀ ਏ, ਅੰਮ੍ਰਿਤਸਰ ਅਤੇ ਥਾਣਾ ਘਰਿੰਡਾ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਛੇਹਰਟਾ ਸਾਹਿਬ ਤੋਂ ਗੁਰਦੁਆਰਾ ਸੰਨ੍ਹ ਸਾਹਿਬ ਰੋਡ ਤੇ ਪਿੰਡ ਬਾਸਰਕੇ ਗਿੱਲਾਂ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੂਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਬਾਸਰਕੇ ਗਿੱਲਾਂ ਵਿਖੇ ਵਿਕਸਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ

ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 15 ਅਣ-ਅਧਿਕਾਰਿਤ ਕਲੋਨੀ ਕੱਟਣ ਵਾਲੇ ਕਲੋਨਾਈਜ਼ਰਾਂ ਅਤੇ ਅਣ-ਅਧਿਕਾਰਤ ਉਸਾਰੀ ਕਰਨ ਵਾਲੇ ਉਸਾਰੀ-ਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ 'ਤੇ ਜ਼ਿਲ੍ਹਾ ਅੰਮ੍ਰਿਤਸਰ ਅੰਦਰ ਵਿਕਸਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮਨਜ਼ੂਰਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲ੍ਹੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

ਮੀਂਹ ਹਨੇਰੀ ਨਾਲ ਕਣਕ ਤੇ ਸਰ੍ਹੋਂ ਖੇਤਾਂ 'ਚ ਵਿਛੀ

ਗੁਰਦਾਸਪੁਰ, (ਜਨਕ ਮਹਾਜਨ)- ਬੀਤੇ ਦਿਨ ਮੀਂਹ ਪੈਣ ਅਤੇ ਤੇਜ਼ ਹਨੇਰੀ ਚੱਲਣ ਕਾਰਨ ਕਿਸਾਨਾਂ ਦੀ ਪੱਕਣ ਲਈ ਤਿਆਰ ਕਣਕ ਤੇ ਸਰ੍ਹੋਂ ਦੀ ਫ਼ਸਲ ਖੇਤਾਂ ਵਿਚ ਵਿਛ ਗਈ ਅਤੇ ਇਸ ਨਾਲ ਦੋਵਾਂ ਫ਼ਸਲਾਂ ਦਾ ਭਾਰੀ ਨੁਕਸਾਨ ਹੋਣ ਕਰਕੇ ਕਣਕ ਦਾ ਝਾੜ ਵੀ ਘਟੇਗਾ, ਜਿਸ ਨਾਲ ਕਿਸਾਨਾਂ ਦਾ ਆਰਥਿਕ ਤੌਰ 'ਤੇ ਨੁਕਸਾਨ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ। ਕਿਸਾਨ ਆਗੂ ਦਿਲਬਾਗ ਸਿੰਘ ਸੈਣੀ ਨੁਸ਼ਹਿਰਾ, ਮਾਸਟਰ ਸੋਹਣ ਸਿੰਘ ਸੈਣੀ, ਮਾ. ਪ੍ਰਤਾਪ ਸਿੰਘ, ਜਸਵਿੰਦਰ ਸਿੰਘ ਲਾਡੀ, ਗੁਰਨਾਮ ਸਿੰਘ, ਨਿਸ਼ਾਨ ਸਿੰਘ, ਗੁਰਮੀਤ ਸਿੰਘ ਤੋਂ ਇਲਾਵਾ ਹੋਰ ਕਿਸਾਨਾਂ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵਾਰ ਕਣਕ ਤੇ ਸਰ੍ਹੋਂ ਦੀ ਫ਼ਸਲ ਕਾਫ਼ੀ ਭਰਪੂਰ ਸੀ ਪਰ ਹੁਣ ਤੇਜ਼ ਹਨੇਰੀ ਅਤੇ ਵਰਖਾ ਕਾਰਨ ਸਰ੍ਹੋਂ ਅਤੇ ਕਣਕ ਦੀ ਫ਼ਸਲ ਨੂੰ ਲੰਮੇ ਪਾ ਦਿੱਤਾ ਹੈ। ਇਸ ਤਰ੍ਹਾਂ ਡਿੱਗੀ ਫਸਲ ਦੇ ਦਾਣੇ ਕਾਲੇ ਹੋਣ ਨਾਲ ਕਣਕ ਖਰਾਬ ਹੋ ਜਾਵੇਗੀ। ਉਨ੍ਹਾਂ ਕਿਹਾ ਸਰਕਾਰ ਵਲੋਂ ਹਰ ਸਾਲ ਕਿਹਾ ਜਾਂਦਾ ਹੈ ਕਿ ਕਿਸਾਨਾਂ ਦੀ ਕਣਕ ਦੇ ਫ਼ਸਲ ਲਈ ਬੀਮੇ ਹੋਣਗੇ ਅਤੇ ਕਣਕ ਖਰਾਬ ਹੋਣ 'ਤੇ ਗਿਰਦਾਵਰੀ ਉਪਰੰਤ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ ਪਰ ਅਜਿਹਾ ਕਦੇ ਨਹੀਂ ਹੋਇਆ। ਉਨ੍ਹਾਂ ਕਿਹਾ ਬੇਟ ਇਲਾਕਾ ਪਹਿਲਾਂ ਹੀ ਸੇਮ ਸਮੱਸਿਆ ਨਾਲ ਜੂਝ ਰਿਹਾ ਹੈ ਅਤੇ ਹੁਣ ਇਸ ਬਾਰਿਸ਼ ਨਾਲ ਸੇਮ ਵਾਲੀ ਜ਼ਮੀਨ ਵਿਚ ਖੜ੍ਹੀ ਕਮਾਦ ਦੀ ਫ਼ਸਲ ਨੂੰ ਵੀ ਖੇਤਾਂ ਵਿਚੋਂ ਬਾਹਰ ਕੱਢਣਾ ਮੁਸ਼ਕਲ ਹੋ ਜਾਵੇਗਾ। ਕਿਸਾਨਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਬੇਟ ਇਲਾਕੇ ਅੰਦਰ ਕਣਕ, ਸਰ੍ਹੋਂ, ਕਮਾਦ ਦੀ ਫ਼ਸਲ ਪ੍ਰਭਾਵਿਤ ਹੋਣ 'ਤੇ ਕਿਸਾਨਾਂ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ।

ਭਾਜਪਾ ਦੀਆਂ ਨੀਤੀਆਂ ਤੋਂ ਦੇਸ਼ ਦੇ ਲੋਕ ਪ੍ਰਭਾਵਿਤ : ਅੰਕੁਰ ਨਈਅਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਭਾਜਪਾ ਦੇ ਸਾਬਕਾ ਸੀਨੀਅਰ ਵਾਈਸ ਪ੍ਰਧਾਨ ਮੰਡਲ ਦੀਨਾਨਗਰ ਦੇ ਅੰਕੁਰ ਨਈਅਰ ਨੇ ਪ੍ਰੈਸ ਨੂੰ ਬਿਆਨ ਦਿੰਦਿਆਂ ਕਿਹਾ ਕਿ ਦਿੱਲੀ ਵਿੱਚ ਭਾਜਪਾ ਦੀ ਜਿੱਤ ਕੇਂਦਰ ਦੀ ਮੋਦੀ ਸਰਕਾਰ ਦੀ ਪ੍ਰਸਿੱਧੀ ਨੂੰ ਦਰਸਾਉਂਦੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦਿੱਲੀ 'ਤੇ ਲੰਬੇ ਸਮੇਂ ਤੱਕ ਰਾਜ ਕੀਤਾ ਹੈ, ਪਰ ਉਨ੍ਹਾਂ ਨੇ ਲੋਕਾਂ ਨੂੰ ਭ੍ਰਿਸ਼ਟਾਚਾਰ ਤੋਂ ਇਲਾਵਾ ਕੁਝ ਨਹੀਂ ਦਿੱਤਾ। ਆਖਰਕਾਰ ਦਿੱਲੀ ਦੇ ਲੋਕਾਂ ਨੇ ਕੇਜਰੀਵਾਲ ਨੂੰ ਵੀ ਸ਼ੀਸ਼ਾ ਦਿਖਾ ਦਿੱਤਾ ਹੈ।ਅੰਕੁਰ ਨਈਅਰ ਨੇ ਅੱਗੇ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਤੋਂ ਦੇਸ਼ ਦੇ ਲੋਕ ਪ੍ਰਭਾਵਿਤ ਹਨ, ਜਿਸ ਕਾਰਨ ਦੇਸ਼ ਦੇ ਜ਼ਿਆਦਾਤਰ ਰਾਜਾਂ ਵਿੱਚ ਭਾਜਪਾ ਦੀਆਂ ਸਰਕਾਰਾਂ ਬਣੀਆਂ ਹਨ। ਉਨ੍ਹਾਂ ਕਿਹਾ ਕਿ ਲਗਾਤਾਰ ਤਿੰਨ ਵਾਰ ਨਰਿੰਦਰ ਮੋਦੀ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਉਨ੍ਹਾਂ ਦੇ ਕਾਰਜਕਾਲ ਦੌਰਾਨ ਹਰ ਵਰਗ ਲਈ ਲੋਕ ਭਲਾਈ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ। ਜਿਨ੍ਹਾਂ ਨੀਤੀਆਂ ਦਾ ਫ਼ਾਇਦਾ ਦੇਸ਼ ਦੇ ਹਰ ਵਰਗ ਦੇ ਲੋਕ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਤੋਂ ਬਾਅਦ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਭਾਜਪਾ ਦੀ ਹੀ ਸਰਕਾਰ ਬਣੇਗੀ।

ਟਰੈਕਟਰ, ਟਰਾਲੀ ਤੇ ਕਾਰ ਦੀ ਟੱਕਰ, ਜਾਨੀ ਨੁਕਸਾਨ ਤੋਂ ਬਚਾਅ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪੁਲਸ ਥਾਣਾ ਕਾਦੀਆਂ ਅਧੀਨ ਪੈਂਦੇ ਅੱਡਾ ਕੋਟ ਟੋਡਰਮੱਲ ਦੇ ਨਜ਼ਦੀਕ ਗੁਰਦਾਸਪੁਰ ਰੋਡ ਸਥਿਤ ਨਵਾਂ ਪੈਟਰੋਲ ਪੰਪ ਦੇ ਕੋਲ ਕਾਰ ਅਤੇ ਟਰੈਕਟਰ ਟਰਾਲੀ ਦੀ ਟੱਕਰ ਹੋਣ ਦਾ ਸਮਾਚਾਰ ਮਿਲਿਆ ਹੈ। ਜਾਣਕਾਰੀ ਅਨੁਸਾਰ ਟਰੈਕਟਰ ਚਾਲਕ ਗੁਰਵਿੰਦਰ ਸਿੰਘ ਪੁੱਤਰ ਰਸ਼ਪਾਲ ਸਿੰਘ ਵਾਸੀ ਪੱਤੀ ਮੱਲੀਆਂ

ਜੋ ਕਿ ਟਰੈਕਟਰ ਟਰਾਲੀ 'ਤੇ ਸਵਾਰ ਹੋ ਕੇ ਜਾ ਰਿਹਾ ਸੀ ਤਾਂ ਇਸ ਦੌਰਾਨ ਕਾਰ ਚਾਲਕ ਜਿਸ ਨੂੰ ਕਿ ਅਮਰੀਕ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਮੁਹੱਲਾ ਪ੍ਰਤਾਪ ਨਗਰ ਕਾਦੀਆਂ ਚਲਾ ਰਿਹਾ ਸੀ, ਜਿਸ ਨਾਲ ਉਸ ਦੀ ਟੱਕਰ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਟਰੈਕਟਰ ਦੇ ਹਾਦਸੇ ਦੌਰਾਨ ਦੋ ਟੋਟੇ ਹੋ ਗਏ ਅਤੇ ਕਾਰ ਬੁਰੀ ਤਰ੍ਹਾਂ ਚਕਨਾਚੂਰ ਹੋ ਗਈ। ਇਸ ਹਾਦਸੇ ਦੇ ਵਿੱਚ ਜਾਨੀ ਨੁਕਸਾਨ ਤੋਂ ਬਚਾ ਰਿਹਾ। ਉਧਰ ਦੂਜੇ ਪਾਸੇ ਜਾਣਕਾਰੀ ਦਿੰਦੇ ਹੋਏ ਥਾਣਾ ਕਾਦੀਆਂ ਦੇ ਐਸ ਐਚ ਓ ਨਿਰਮਲ ਸਿੰਘ ਨੇ ਦੱਸਿਆ ਕਿ ਇਹ ਮਾਮਲਾ ਉਹਨਾਂ ਦੇ ਧਿਆਨ ਵਿੱਚ ਹੈ ਅਤੇ ਵਾਹਨਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਜੋ ਵੀ ਮੁਦਈ ਬਿਆਨ ਦਰਜ ਕਰਵਾਉਣਗੇ ਉਸ ਦੇ ਆਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

ਸਾਹੋਵਾਲ ਮੰਡਲ ਦੇ ਬੂਥ ਇੰਚਾਰਜ ਤੇ ਸ਼ਕਤੀ ਕੇਂਦਰ ਇੰਚਾਰਜਾਂ ਦੀ ਮੀਟਿੰਗ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਭਾਰਤੀ ਜਨਤਾ ਪਾਰਟੀ ਅਤੇ ਜ਼ਿਲ੍ਹਾ ਪ੍ਰਧਾਨ ਸ਼ਿਵਬੀਰ ਸਿੰਘ ਰਾਜਨ ਦੇ ਨਿਰਦੇਸ਼ਾਂ ਅਨੁਸਾਰ ਅੱਜ ਸਾਹੋਵਾਲ ਮੰਡਲ ਦੇ ਬੂਥ ਇੰਚਾਰਜ ਅਤੇ ਸ਼ਕਤੀ ਕੇਂਦਰ ਇੰਚਾਰਜਾ ਦੀ ਇਕ ਅਹਿਮ ਮੀਟਿੰਗ ਮੰਡਲ ਪ੍ਰਧਾਨ ਸ਼ੈਂਪੀ ਸੋਹਲ ਦੀ ਅਗਵਾਈ ਹੇਠ ਰੱਖੀ ਗਈ। ਇਸ ਵਿੱਚ ਵਿਸ਼ੇਸ਼ ਤੌਰ 'ਤੇ ਦੀਨਾਨਗਰ ਦੇ ਹਲਕਾ ਇੰਚਾਰਜ ਰੇਨੂੰ ਕਸ਼ਯਪ ਅਤੇ ਸਾਹੋਵਾਲ ਮੰਡਲ ਪ੍ਰਭਾਰੀ ਪੂਰਨ ਠਾਕੁਰ ਪਹੁੰਚੇ। ਉਹਨਾਂ ਪਾਰਟੀ ਦੀ ਮਜ਼ਬੂਤੀ ਅਤੇ ਇਕਜੁਟ ਹੋ ਕੇ ਕੰਮ ਕਰਨ ਲਈ ਸੁਝਾਅ ਦਿੱਤੇ।ਇਸ ਦੌਰਾਨ ਮੀਟਿੰਗ ਵਿੱਚ ਸ਼ਕਤੀ ਕੇਂਦਰ ਇੰਚਾਰਜ, ਬੂਥ ਇੰਚਾਰਜ ਅਤੇ ਹੋਰ ਕਾਰਜਕਰਤਾ ਭਾਰੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਮੌਕੇ ਮੰਡਲ ਪ੍ਰਧਾਨ ਸ਼ੈਂਪੀ ਸੋਹਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਲਗਾਤਾਰ ਮਿਹਨਤ ਕਰਦੇ ਆ ਰਹੇ ਹਾਂ ਅਤੇ ਮਿਹਨਤ ਕਰਦੇ ਰਹਾਂਗੇ। ਇਸ ਮੌਕੇ ਮੰਡਲ ਦੇ ਜਨਰਲ ਸਕੱਤਰ ਪੂਰਨ ਚੰਦ ਬਰਿਆਰ, ਲੀਲ੍ਹਾ ਠਾਕੁਰ, ਜਤਿੰਦਰ ਠਾਕੁਰ, ਆਈ ਟੀ ਸੈੱਲ ਵਿਕਰਾਂਤ ਸੈਨੀ, ਐਸ ਸੀ ਮੋਰਚਾ ਜ਼ਿਲ੍ਹਾ ਪ੍ਰਧਾਨ ਲੱਕੀ ਸੂਰਿਆਵੰਸ਼ੀ ਅਤੇ ਵਾਈਸ ਪ੍ਰੈਜ਼ੀਡੈਂਟ ਸੁਮਨ ਬਾਲਾ, ਰਮਨਪ੍ਰੀਤ ਸਿੰਘ, ਨੀਟ ਰਾਇਲ, ਪਰਦੀਪ ਠਾਕੁਰ, ਕੇ ਡੀ ਸ਼ਰਮਾ, ਦੀਪੂ ਸੈਨੀ, ਤਜਿੰਦਰ ਸਿੰਘ, ਦਰਸ਼ਨ ਲਾਲ, ਰਾਕੇਸ਼ ਕੁਮਾਰ, ਬਲਵਿੰਦਰ ਸਿੰਘ, ਸਨੀ ਕੁਮਾਰ, ਹੈਪੀ ਸਿੰਘ ਮੌਜੂਦ ਸਨ।

ਸਵ. ਹਰਭਜਨ ਸਿੰਘ ਖੁਜਾਲਾ ਨੂੰ ਸਮਰਪਤ ਦਸਵੀਂ ਐਥਲੈਟਿਕਸ ਮੀਟ ਸ਼ਾਨੋ-ਸ਼ੌਕਤ ਨਾਲ ਸੰਪੰਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪੀ ਐਸ ਕਾਹਲੋਂ ਮਾਝਾ ਸਪੋਰਟਸ ਕਲੱਬ ਖਜਾਲਾ ਵੱਲੋਂ ਅਥਲੈਟਿਕਸ ਕੋਚ ਸਵ. ਹਰਭਜਨ ਸਿੰਘ ਖੁਜਾਲਾ ਨੂੰ ਸਮਰਪਤ ਦਸਵੀਂ ਅਥਲੈਟਿਕਸ ਮੀਟ ਪਿੰਡ ਖੁਜਾਲਾ 'ਚ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਈ। ਹਰਜਿੰਦਰ ਸਿੰਘ ਕਾਹਲੋਂ ਐਨ ਆਰ ਆਈ ਤੇ ਹਰਵਿੰਦਰ ਸਿੰਘ ਖੁਜਾਲਾ ਨੇ ਦੱਸਿਆ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਪਿੰਡਾਂ 'ਚ ਅਜਿਹੀਆਂ ਖੇਡਾਂ ਕਰਾਉਣਾ ਬਹੁਤ ਹੀ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਪੀ ਐਸ ਕਾਹਲੋਂ ਮਾਝਾ ਸਪੋਰਟਸ ਕਲੱਬ ਖੁਜਾਲਾ ਵੱਲੋਂ ਸਵ. ਹਰਭਜਨ ਸਿੰਘ ਖੁਜਾਲਾ ਦੀ ਯਾਦ ਵਿੱਚ ਇਹ ਦਸਵੀਂ ਅਥਲੈਟਿਕ ਮੀਟ ਕਰਵਾਈ ਗਈ ਹੈ। ਜਿਸ ਵਿੱਚ ਵੱਖ-ਵੱਖ ਥਾਵਾਂ ਤੋਂ ਖਿਡਾਰੀਆਂ ਨੇ ਹਿੱਸਾ ਲਿਆ । ਜਿਸ ਦਾ ਉਦਘਾਟਨ ਗੁਰਦੁਆਰਾ ਰਾਮ ਥੰਮਣ ਸਾਹਿਬ ਤਪ ਅਸਥਾਨ ਪਿੰਡ ਮਨੇਸ ਖੁਜਾਲਾ ਦੇ ਮੁਖੀ ਬਾਬਾ ਗੁਰਪ੍ਰੀਤ ਸਿੰਘ ਵੈਦ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਖੇਡਾਂ ਦੀ ਸ਼ੁਰੂਆਤ ਕਰਵਾਈ ਗਈ। ਇਹਨਾਂ ਖੇਡਾਂ 'ਚ 100 ਮੀਟਰ, 200 ਮੀਟਰ, 400 ਮੀਟਰ ਤੇ 1500 ਮੀਟਰ ਦੌੜਾਂ, ਲੰਬੀ ਛਾਲ, ਗੋਲਾ ਸੁੱਟਣਾ ਤੇ

ਹੈਮਰ ਥਰੋ ਆਦਿ ਖੇਡਾਂ 'ਚ ਬੱਚਿਆਂ ਨੇ ਭਾਗ ਲਿਆ। ਖੇਡਾਂ ਦੇ ਮੁੱਖ ਪ੍ਰਬੰਧਕਾਂ ਊਧਮ ਸਿੰਘ ਮਾਨ, ਹਰਵਿੰਦਰ ਸਿੰਘ ਖੁਜਾਲਾ ਅਤੇ ਲਖਵਿੰਦਰ ਸਿੰਘ ਸੋਨਾ ਵੱਲੋਂ ਜੇਤੂ ਖਿਡਾਰੀਆਂ ਨੂੰ ਨਗਦ ਇਨਾਮ ਅਤੇ ਮੈਡਲ ਸਮੇਤ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਸੁੱਚਾ ਸਿੰਘ ਅਰਜਨ ਐਵਾਰਡੀ ਅਥਲੀਟ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾ ਕੇ ਖੇਡਾਂ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ। ਐਨ ਆਰ ਆਈ ਹਰਜਿੰਦਰ ਸਿੰਘ ਕਾਹਲੋਂ ਅਤੇ ਹਰਵਿੰਦਰ ਸਿੰਘ ਖੁਜਾਲਾ ਵੱਲੋਂ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਖੇਡਾਂ ਦੇ ਨਾਲ ਜੁੜਨ ਲਈ ਅਪੀਲ ਕੀਤੀ ਗਈ। ਟੂਰਨਾਮੈਂਟ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ 11 ਮੈਂਬਰੀ ਆਫਿਸ਼ੀਅਲ ਟੀਮ ਮੰਗਵਾਈ ਗਈ। ਇਹਨਾਂ ਖੇਡਾਂ 'ਚ ਪੰਜਾਬ, ਹਰਿਆਣਾ, ਹਿਮਾਚਲ ਅਤੇ ਹੋਰ ਨੇੜਲੇ ਸੂਬਿਆਂ ਨਾਲ ਸੰਬੰਧਤ ਤੇ ਆਲ ਇੰਡੀਆ ਯੂਨੀਵਰਸਿਟੀ ਅਥਲੀਟਾਂ ਵੱਲੋਂ ਭਾਗ ਲਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਸਪੈਕਟਰ ਊਧਮ ਸਿੰਘ ਮਾਨ, ਹਰਵਿੰਦਰ ਸਿੰਘ ਖੁਜਾਲਾ, ਮਨਜੀਤ ਸਿੰਘ, ਜਸਵੰਤ ਸਿੰਘ, ਲਖਵਿੰਦਰ ਸਿੰਘ,ਭਗਤ ਸਿੰਘ, ਇੰਦਰਜੀਤ ਸਿੰਘ, ਰਣਜੋਧ ਸਿੰਘ ਪੱਡਾ ਪ੍ਰਧਾਨ ਹਾਕੀ ਅਕੈ

ਨਵਾਂ ਜ਼ਮਾਨਾ
ਸ਼ਨੀਵਾਰ, 22 ਫ਼ਰਵਰੀ 2025

ਅਮਰੀਕਾ ਯੂਕਰੇਨ ਨੂੰ ਲੁੱਟ ਲੈਣਾ ਚਾਹੁੰਦੈ

ਹਰ ਜੰਗ ਅਮਰੀਕਾ ਲਈ ਉਸ ਦੇਸ਼ ਨੂੰ ਲੁੱਟਣ ਦੀ ਯੋਜਨਾ ਦਾ ਹਿੱਸਾ ਹੁੰਦੀ ਹੈ। ਇਸ ਵੇਲੇ ਰੂਸ-ਯੂਕਰੇਨ ਜੰਗ ਕੌਮਾਂਤਰੀ ਪਿੜ ਵਿੱਚ ਅਹਿਮ ਮਸਲਾ ਬਣੀ ਹੋਈ ਹੈ। ਅਮਰੀਕਾ ਨੇ ਪਹਿਲਾਂ ਤਾਂ ਯੂਕਰੇਨ ਨੂੰ ਅਰਬਾਂ ਡਾਲਰ ਦੇ ਹਥਿਆਰ ਦੇ ਕੇ ਇਸ ਜੰਗ ਨੂੰ ਭੜਕਾਈ ਰੱਖਿਆ, ਹੁਣ ਹੱਥ ਪਿੱਛੇ ਖਿੱਚ ਕੇ ਯੂਕਰੇਨ ਨਾਲ ਸੌਦੇਬਾਜ਼ੀ ਉੱਤੇ ਉੱਤਰ ਆਇਆ ਹੈ। ਯੂਕਰੇਨ ਸਿਰਫ਼ ਇੱਕ ਯੁੱਧ ਦਾ ਅਖਾੜਾ ਨਹੀਂ, ਸਗੋਂ ਖਰਬਾਂ ਡਾਲਰਾਂ ਦੀ ਖਣਿਜ ਸੰਪਤੀ ਦਾ ਖ਼ਜ਼ਾਨਾ ਵੀ ਹੈ। ਲੀਥੀਅਮ, ਗ੍ਰੇਫਾਈਟ, ਯੂਰੇਨੀਅਮ, ਟਾਈਟੇਨੀਅਮ ਤੇ ਬੇਰੀਲੀਅਮ ਵਰਗੇ ਬੇਸ਼ਕੀਮਤੀ ਖਣਿਜਾਂ ਨੂੰ ਅਮਰੀਕਾ ਆਪਣੀਆਂ ਸਨਅਤੀ ਤੇ ਫੌਜੀ ਲੋੜਾਂ ਲਈ ਵਰਤਣ ਦੀ ਧਾਰੀ ਬੈਠਾ ਹੈ। ਯੂਕਰੇਨ ਕੋਲ ਯੂਰਪ ਦਾ ਸਭ ਤੋਂ ਵੱਡਾ ਲੀਥੀਅਮ ਦਾ ਭੰਡਾਰ ਹੈ, ਜਿਸ ਦੀ ਸੰਸਾਰਕ ਮੰਗ ਆਉਣ ਵਾਲਿਆਂ ਸਾਲਾਂ ਵਿੱਚ ਕਈ ਗੁਣਾ ਵਧਣ ਦੀ ਸੰਭਾਵਨਾ ਹੈ। ਇਹ ਧਾਤੂ ਬਿਜਲਈ ਕਾਰ ਬੈਟਰੀਆਂ ਦੀ ਜਾਨ ਹੈ। ਟੈਸਲਾ ਵਰਗੀਆਂ ਕਾਰ ਕੰਪਨੀਆਂ ਇਸੇ ਉੱਤੇ ਨਿਰਭਰ ਹਨ। ਟੈਸਲਾ ਦੇ ਮਾਲਕ ਤੇ ਟਰੰਪ ਦੇ ਸਹਿਯੋਗੀ ਐਲਨ ਮਸਕ ਦੀ ਇਸੇ ਉੱਤੇ ਗਿਰਝ ਅੱਖ ਟਿਕੀ ਹੋਈ ਹੈ। ਇਸ ਤੋਂ ਬਿਨਾਂ ਯੂਕਰੇਨ ਕੋਲ 10,700 ਮੀਟ੍ਰਿਕ ਟਨ ਯੂਰੇਨੀਅਮ ਦਾ ਭੰਡਾਰ ਹੈ, ਜੋ ਪ੍ਰਮਾਣੂ ਊਰਜਾ ਵਿੱਚ ਇਸਤੇਮਾਲ ਹੁੰਦਾ ਹੈ। ਯੂਕਰੇਨ ਕੋਲ ਗ੍ਰੇਫਾਈਟ ਦਾ ਵੀ ਵੱਡਾ ਭੰਡਾਰ ਹੈ, ਜੋ ਬੈਟਰੀਆਂ ਤੇ ਸੈਮੀ ਕੰਡਕਟਰਜ਼ ਬਣਾਉਣ ਲਈ ਜ਼ਰੂਰੀ ਹੈ। ਅਮਰੀਕਾ ਲਈ ਯੂਕਰੇਨ ਦਾ ਟਾਈਟੇਨੀਅਮ ਦਾ ਭੰਡਾਰ ਵੀ ਅਨਮੋਲ ਹੈ, ਕਿਉਂਕਿ ਇਹ ਏਅਰੋਸਪੇਸ ਤੇ ਸੈਨਿਕ ਉਦਯੋਗ ਲਈ ਬੇਹੱਦ ਜ਼ਰੂਰੀ ਹੈ। ਅਮਰੀਕਾ ਪਹਿਲਾਂ ਵੀ ਯੂਕਰੇਨ ਤੋਂ ਟਾਈਟੇਨੀਅਮ ਦਰਾਮਦ ਕਰਦਾ ਰਿਹਾ ਹੈ, ਪਰ ਹੁਣ ਉਹ ਇਸ ਭੰਡਾਰ 'ਤੇ ਪੂਰੀ ਤਰ੍ਹਾਂ ਕਬਜ਼ਾ ਕਰਨਾ ਚਾਹੁੰਦਾ ਹੈ।

ਇਸ ਸਮੇਂ ਅਮਰੀਕਾ ਆਰਥਕ ਸੰਕਟ ਨਾਲ ਜੂਝ ਰਿਹਾ ਹੈ। ਅਮਰੀਕਾ ਦੀਆਂ ਬਹੁਰਾਸ਼ਟਰੀ ਕੰਪਨੀਆਂ ਮੰਦੀ 'ਚੋਂ ਉੱਭਰਨ ਲਈ ਲਗਾਤਾਰ ਮਜ਼ਦੂਰਾਂ ਦੀ ਛਾਂਟੀ ਕਰ ਰਹੀਆਂ ਹਨ। ਮਹਿੰਗਾਈ ਨੇ ਲੋਕਾਂ ਦੀ ਖ਼ਰੀਦ ਸ਼ਕਤੀ ਵਿੱਚ ਵੱਡੀ ਗਿਰਾਵਟ ਕੀਤੀ ਹੋਈ ਹੈ। ਬੈਂਕਾਂ ਨੇ ਵਿਆਜ ਦਰਾਂ 20 ਫ਼ੀਸਦੀ ਤੱਕ ਵਧਾ ਦਿੱਤੀਆਂ ਹਨ। ਇਸ ਕਾਰਨ ਰੀਅਲ ਅਸਟੇਟ ਪੂਰੀ ਤਰ੍ਹਾਂ ਠੱਪ ਪਿਆ ਹੈ। ਸਰਕਾਰੀ ਮੁਲਾਜ਼ਮਾਂ ਦੀ ਛਾਂਟੀ, ਪ੍ਰਵਾਸੀਆਂ ਦੇ ਦੇਸ਼ ਨਿਕਾਲੇ ਤੇ ਵਿਦੇਸ਼ੀ ਸਹਾਇਤਾ ਵਿੱਚ ਕਟੌਤੀ ਆਦਿ ਉਪਾਵਾਂ ਰਾਹੀਂ ਆਰਥਿਕਤਾ ਨੂੰ ਠੁੰਮ੍ਹਣਾ ਦੇਣ ਦੀ ਕੋਸ਼ਿਸ਼ ਵਕਤੀ ਚਾਰਾਜੋਈ ਹੀ ਸਾਬਤ ਹੋਵੇਗੀ। ਇਸ ਲਈ ਬਹੁ-ਰਾਸ਼ਟਰੀ ਕੰਪਨੀਆਂ ਕਮਜ਼ੋਰ ਦੇਸ਼ਾਂ ਨੂੰ ਲੁੱਟ ਕੇ ਆਪਣੇ ਮੁਨਾਫ਼ੇ ਕਾਇਮ ਰੱਖਣ ਦੀਆਂ ਜੁਗਤਾਂ ਲੜਾ ਰਹੀਆਂ ਹਨ। ਡੋਨਾਲਡ ਟਰੰਪ ਦਾ ਗਾਜ਼ਾ ਪਲਾਨ ਵੀ ਇਸੇ ਯੋਜਨਾ ਦਾ ਹਿੱਸਾ ਹੈ।

ਯੂਕਰੇਨ ਤਾਂ ਇਸ ਵੇਲੇ ਪੂਰੀ ਤਰ੍ਹਾਂ ਅਮਰੀਕਾ ਦੇ ਸ਼ਿਕੰਜੇ ਵਿੱਚ ਫਸ ਚੁੱਕਾ ਹੈ। ਟਰੰਪ ਜ਼ੇਲੈਂਸਕੀ ਦੀ ਤੌਹੀਨ ਦਾ ਕੋਈ ਮੌਕਾ ਖੁੰਝਣ ਨਹੀਂ ਦਿੰਦਾ। ਪਿਛਲੇ ਦਿਨੀਂ ਸਾਊਦੀ ਅਰਬ ਵਿੱਚ ਯੂਕਰੇਨ-ਰੂਸ ਜੰਗ ਨੂੰ ਖ਼ਤਮ ਕਰਨ ਬਾਰੇ ਰੂਸ ਤੇ ਅਮਰੀਕਾ ਦੇ ਵਿਦੇਸ਼ ਮੰਤਰੀਆਂ ਦੀ ਮੀਟਿੰਗ ਹੋਈ ਸੀ। ਯੂਕਰੇਨ ਨੂੰ ਇਸ ਮੀਟਿੰਗ ਵਿੱਚ ਨਾ ਸੱਦਣ ਉੱਤੇ ਜਦੋਂ ਇਤਰਾਜ਼ ਕੀਤਾ ਤਾਂ ਟਰੰਪ ਨੇ ਰਾਸ਼ਟਰਪਤੀ ਵਲੋਦੀਮੀਰ ਜ਼ੇਲੈਂਸਕੀ ਨੂੰ ਤਾਨਾਸ਼ਾਹ ਤੇ ਕਮੇਡੀਅਨ ਤੱਕ ਕਹਿ ਕੇ ਅਮਰੀਕਾ ਤੋਂ 350 ਅਰਬ ਡਾਲਰ ਲੈ ਕੇ ਜੰਗ ਛੇੜਨ ਦਾ ਦੋਸ਼ੀ ਕਰਾਰ ਦੇ ਦਿੱਤਾ। ਇਸ ਦੇ ਨਾਲ ਟਰੰਪ ਨੇ ਮੰਗ ਰੱਖ ਦਿੱਤੀ ਕਿ ਯੂਕਰੇਨ ਤੋਂ ਉਸ ਨੂੰ 500 ਅਰਬ ਡਾਲਰ ਮੁੱਲ ਦੇ ਖਣਿਜ ਪਦਾਰਥ ਮਿਲਣੇ ਚਾਹੀਦੇ ਹਨ।

ਯੂਕਰੇਨ ਦੇ ਖਣਿਜ ਪਦਾਰਥਾਂ ਉਤੇ ਸਿਰਫ਼ ਅਮਰੀਕਾ ਹੀ ਨਹੀਂ, ਰੂਸ ਦੀ ਵੀ ਨਜ਼ਰ ਹੈ। ਇਸ ਸਮੇਂ ਰੂਸ ਦੇ ਕਬਜ਼ੇ ਵਿੱਚ ਯੂਕਰੇਨ ਦੇ 12 ਟ੍ਰਿਲੀਅਨ ਡਾਲਰ ਤੋਂ ਵੱਧ ਦੇ ਊਰਜਾ ਸਾਧਨ, ਖਣਿਜ ਤੇ ਧਾਤੂਆਂ ਹਨ। ਰੂਸ ਇਹ ਕਬਜ਼ਾ ਛੱਡਣਾ ਨਹੀਂ ਚਾਹੁੰਦਾ। ਜਾਪਦਾ ਇਹੋ ਹੈ ਕਿ ਅਮਰੀਕਾ ਤੇ ਰੂਸ ਮਿਲ ਕੇ ਯੂਕਰੇਨ ਦੀ ਬਾਂਦਰ-ਵੰਡ ਕਰਨੀ ਚਾਹੁੰਦੇ ਹਨ। ਜੰਗ ਨਾਲ ਪੂਰੀ ਤਰ੍ਹਾਂ ਤਹਿਸ-ਨਹਿਸ ਹੋ ਚੁੱਕਿਆ ਯੂਕਰੇਨ ਇਨ੍ਹਾਂ ਦੋ ਵੱਡੀਆਂ ਤਾਕਤਾਂ ਦਾ ਮੁਕਾਬਲਾ ਕਰਨ ਦੇ ਸਮਰੱਥ ਨਹੀਂ। ਸਪੱਸ਼ਟ ਹੈ ਕਿ ਯੂਕਰੇਨ ਦਾ ਹਾਲ ਵੀ ਆਉਂਦੇ ਸਮੇਂ ਦੌਰਾਨ ਇਰਾਕ ਵਾਲਾ ਹੋਣ ਵਾਲਾ ਹੈ।

ਇਹ ਤਾਂ ਸ਼ੁਰੂਆਤ ਹੈ। ਅਮਰੀਕਾ ਦੀ ਨਜ਼ਰ ਗਰੀਨਲੈਂਡ ਤੇ ਖਾੜੀ ਦੇ ਕੁਝ ਦੇਸ਼ਾਂ ਉੱਤੇ ਵੀ ਟਿਕੀ ਹੋਈ ਹੈ। ਅਸਲ ਵਿੱਚ ਅਮਰੀਕਾ ਰੂਸ ਤੇ ਚੀਨ ਨਾਲ ਮਿਲ ਕੇ ਸਾਰੇ ਸੰਸਾਰ ਦੇ ਦੇਸ਼ਾਂ ਦੀ ਆਪਸੀ ਵੰਡ ਕਰ ਲੈਣ ਦੀ ਯੋਜਨਾ ਉੱਤੇ ਕੰਮ ਕਰ ਰਿਹਾ ਹੈ। ਚੀਨ ਤੇ ਰੂਸ ਕੀ ਅਮਰੀਕਾ ਦੀ ਇਸ ਯੋਜਨਾ ਦਾ ਹਿੱਸਾ ਬਣਨਗੇ, ਇਹ ਸਮਾਂ ਹੀ ਦੱਸੇਗਾ।

-ਚੰਦ ਫਤਿਹਪੁਰੀ

ਅਸਤੀਫ਼ਾ ਬਨਾਮ ਜੁਰ੍ਹਤ

ਕਰ'ਤੀ ਦੇਰ ਅਸਤੀਫ਼ੇ ਤੱਕ ਪਹੁੰਚਦੇ ਨੇ,
ਸਮਾਂ ਲਿਆ ਗੁਲਾਮੀ ਵਿੱਚ ਗਾਲ ਮੀਆਂ।
ਆਖਾ ਮੰਨਿਆ 'ਤਖ਼ਤ' ਅਣਡਿੱਠ ਕਰਕੇ,
ਕਹਿੰਦਾ ਰਿਹਾ ਜੋ 'ਗੁਰੂ-ਘੰਟਾਲ' ਮੀਆਂ।
ਚੋਣ ਲੜਨੀ ਸੀ ਕਾਹਤੋਂ 'ਪ੍ਰਧਾਨਗੀ' ਦੀ,
ਜੇਕਰ ਮਾਰਨੀ ਏਦਾਂ ਸੀ 'ਛਾਲ' ਮੀਆਂ।
ਰਿਹਾ 'ਬਾਦਲੀ-ਪ੍ਰੇਮ' ਨਾ ਹੀ ਪੰਥ ਪੱਲੇ,
ਲੈਣਾ 'ਮਾਲਕਾਂ' ਹੋਰ ਕੋਈ ਭਾਲ ਮੀਆਂ।
ਥਾਂਹ ਅਸਤੀਫੇ ਦੀ ਜੁਰ੍ਹਤ ਨੂੰ ਵਰਤ ਲੈਂਦਾ,
ਦਿੰਦਾ ਉਤਲਿਆਂ ਹੁਕਮਾਂ ਨੂੰ ਟਾਲ ਮੀਆਂ।
'ਤਾਲੋਂ ਖੁੰਝੀ' ਕੋਈ ਡੂੰਮਣੀ 'ਰਾਗ' ਗਾਵੇ,
ਉਸ ਨੂੰ ਕਹਿੰਦੇ ਨੇ 'ਆਲ-ਪਤਾਲ' ਮੀਆਂ।

-ਤਰਲੋਚਨ ਸਿੰਘ ਦੁਪਾਲਪੁਰ, 001-408-915-1268

ਮਸਨੂਈ ਬੌਧਿਕਤਾ ਤੇ ਖੁਫੀਆ ਤੰਤਰ ਮਨੁੱਖਤਾ ਨੂੰ ਗੁਲਾਮੀ ਵੱਲ ਧਕੇਲ ਰਿਹਾ

ਮਨੁੱਖ ਦੀ ਗੁਲਾਮੀ ਨੂੰ ਜਾਇਜ਼ ਠਹਿਰਾਉਣ ਲਈ ਧਰਮ ਦੀ ਵਰਤੋਂ ਕੀਤੀ ਜਾਂਦੀ ਰਹੀ ਹੈ, ਲੋਕਾਂ ਅੰਦਰ ਜਾਗਰੂਕਤਾ ਆਉਣ ਨਾਲ ਭਾਵੇਂ ਮਨੁੱਖ ਨੂੰ ਸਿੱਧੀ ਗੁਲਾਮੀ ਤੋਂ ਛੁਟਕਾਰਾ ਤਾਂ ਮਿਲ ਗਿਆ, ਪ੍ਰੰਤੂ ਜਗੀਰੂ ਯੱਗ ਆਉਣ ਨਾਲ ਗੁਲਾਮੀ ਨਵਾਂ ਰੂਪ ਧਾਰਨ ਕਰ ਗਈ। ਗੁਲਾਮੀ ਮੁਫਤ ਕਿਰਤ ਦਾ ਮੁੱਖ ਰੂਪ ਬਣ ਗਈ, ਜਿਸ ਵਿੱਚ ਗੁਲਾਮ ਇੱਕ ਕਿਸਮ ਦੇ ਖੇਤੀਬਾੜੀ ਮਜ਼ਦੂਰ ਬਣ ਗਏ। ਜਗੀਰੂ ਯੁੱਗ ਦੇ ਖਾਤਮੇ ਬਾਅਦ ਪੂੰਜੀਵਾਦ ਦਾ ਦੌਰ ਸ਼ੁਰੂ ਹੋ ਗਿਆ, ਜਿਸ ਅੰਦਰ ਗੁਲਾਮੀ ਨਵੇਂ ਰੂਪ ਵਿੱਚ ਅੱਜ ਵੀ ਜਾਰੀ ਹੈ।

ਪੂੰਜੀਵਾਦ ਨੇ ਮਜ਼ਦੂਰ ਨੂੰ ਸਮਾਜਿਕ ਹੋਣ ਦੇ ਉਸ ਦੇ ਸੁਭਾਅ ਤੋਂ ਪਿੱਛੇ ਖਿੱਚ ਲਿਆ ਹੈ, ਇਸ ਤਰ੍ਹਾਂ ਉਸ ਦੀ ਜ਼ਿੰਦਗੀ ਸਿਰਫ਼ ਉਸ ਉਤਪਾਦ/ਪੈਦਾਵਾਰ 'ਤੇ ਕੰਮ ਕਰਕੇ ਮਜ਼ਦੂਰੀ ਕਮਾਉਣ ਵਿੱਚ ਬਦਲ ਜਾਂਦੀ ਹੈ। ਮਜ਼ਦੂਰ ਉਸ ਦੇ ਸ਼ੋਸ਼ਣ ਕਾਰਨ ਸੰਤਾਪ, ਕੰਮ ਕਰਨ ਦੀਆਂ ਅਣਮਨੁੱਖੀ ਹਾਲਤਾਂ ਕਾਰਨ ਉਦਾਸੀ ਮਹਿਸੂਸ ਕਰ ਰਹੇ ਹਨ। ਉਹ ਗੁਲਾਮਾਂ ਦੀ ਜ਼ਿੰਦਗੀ ਜੀ ਰਹੇ ਹਨ।

ਧਰਮ ਪਹਿਲਾਂ ਦੀ ਤਰ੍ਹਾਂ ਮਜ਼ਦੂਰਾਂ ਦੇ ਹੋ ਰਹੇ ਸ਼ੋਸ਼ਣ ਨੂੰ ਜਾਇਜ਼ ਠਹਿਰਾਉਂਦਾ ਹੈ। ਵਿਗਿਆਨ ਦੀ ਤਰੱਕੀ ਕਾਰਨ ਭਾਵੇਂ ਧਰਮ ਦੀ ਭੂਮਿਕਾ ਘਟਦੀ ਜਾ ਰਹੀ ਹੈ, ਪ੍ਰੰਤੂ ਅੱਜ ਦੇ ਯੁੱਗ ਅੰਦਰ ਇਹ ਕੰਮ ਵਿਗਿਆਨ ਨੇ ਆਪਣੇ ਹੱਥਾਂ'ਚ ਲੈ ਲਿਆ ਹੈ। ਕਾਰਪੋਰੇਟ ਘਰਾਣੇ ਵਿਗਿਆਨਕ ਖੋਜਾਂ ਦੀ ਵਰਤੋਂ ਮਨੱਖ ਦਾ ਸ਼ੋਸ਼ਣ ਬਰਕਰਾਰ ਰੱਖਣ ਲਈ ਅਤੇ ਉਸ ਨੂੰ ਗੁਲਾਮ ਬਨਾਉਣ ਲਈ ਵਰਤ ਰਹੇ ਹਨ।

ਵਿਗਿਆਨ ਦਾ ਕੰਮ ਕੁਦਰਤ ਦੇ ਭੇਤਾਂ ਨੂੰ ਖੋਲ੍ਹਣਾ ਅਤੇ ਉਨ੍ਹਾਂ ਪ੍ਰਤੀ ਮਨੁੱਖਤਾ ਅੰਦਰ ਫੈਲੇ ਭਰਮ-ਭੁਲੇਖੇ ਅਤੇ ਅੰਧ-ਵਿਸ਼ਵਾਸ ਦੂਰ ਕਰਕੇ ਉਨ੍ਹਾਂ ਦੀ ਵਰਤੋਂ ਮਨੁੱਖਤਾ ਦੇ ਭਲੇ ਲਈ ਕਰਨਾ ਹੁੰਦਾ ਹੈ, ਪ੍ਰੰਤੂ ਅਜਿਹਾ ਕੁਝ ਨਹੀ ਹੋ ਰਿਹਾ। ਕਾਰਪੋਰੇਟ ਘਰਾਣਿਆਂ ਰਾਹੀਂ ਹਾਕਮ ਜਮਾਤਾਂ ਵਿਗਿਆਨਕ ਕਾਢਾਂ ਨੂੰ ਲੋਕਾਂ ਦੇ ਭਲੇ ਦੀ ਥਾਂ ਆਪਣੇ ਨਿੱਜੀ ਹਿੱਤਾਂ ਅਤੇ ਸਮੁਚੀ ਮਨੁੱਖਤਾ ਨੂੰ ਆਪਣੇ ਅਧੀਨ ਕਰਨ ਲਈ ਵਰਤੋਂ ਕਰ ਰਹੀਆਂ ਹਨ।

ਜੀਨ ਸੋਧੀਆਂ ਫਸਲਾਂ ਲਿਆਉਣਾ, ਜੀਵਾਂ ਸਮੇਤ ਮਨੁੱਖੀ ਦਿਮਾਗ ਨੂੰ ਜੈਨੇਟਿਕ ਸੋਧ ਰਾਹੀਂ ਆਪਣੇ ਵਸ ਵਿੱਚ ਕਰਨਾ, ਉਨ੍ਹਾਂ ਦੇ ਡੀ ਐੱਨ ਏ ਵਿੱਚ ਸੋਧ ਰਾਹੀਂ ਨਸਲਾਂ ਵਿੱਚ ਤਬਦੀਲੀਆਂ ਕਰਨ ਦੇ ਮਨੁੱਖਤਾ ਲਈ ਖਤਰਨਾਕ ਤਜਰਬੇ ਹੋ ਰਹੇ ਹਨ। ਪ੍ਰਮਾਣੂ ਊਰਜਾ ਦੀ ਵਰਤੋਂ ਮਨੁੱਖੀ ਵਿਕਾਸ ਦੀ ਥਾਂ ਮਨੁੱਖੀ ਵਿਨਾਸ਼ ਵੱਲ ਵਧੇਰੇ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਟੀ ਵੀ, ਮੋਬਾਈਲ, ਕੰਪਿਊਟਰ ਅਤੇ ਕੰਪਿਊਟਰੀਕ੍ਰਿਤ ਯੰਤਰਾਂ ਦੀ ਵਰਤੋਂ ਮਨੁੱਖੀ ਨਿੱਜਤਾ ਨੂੰ ਖਤਮ ਕਰ ਰਹੀ ਹੈ।

ਭਾਵੇਂ ਕੰਪਿਊਟਰੀਕ੍ਰਿਤ ਯੰਤਰਾਂ ਦੀ ਵਰਤੋਂ ਦੇ ਮਨੁੱਖੀ ਜੀਵਨ ਵਿੱਚ ਬਹੁਤ ਉਪਯੋਗ ਹਨ, ਪ੍ਰੰਤੂ ਇਨ੍ਹਾਂ ਯੰਤਰਾਂ ਦੀ ਅਸਲੀ ਵਰਤੋਂ ਸਮੁੱਚੀ ਮਨੁੱਖਤਾ ਨੂੰ ਅਧੁਨਿਕ ਗੁਲਾਮੀ ਵੱਲ ਧਕੇਲ ਰਹੀ ਹੈ।ਇਨ੍ਹਾਂ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ (ਮਸਨੂਈ ਬੌਧਿਕਤਾ, ਏ ਆਈ) ਦੀ ਵਰਤੋਂ ਸ਼ਾਮਲ ਹੈ। ਏ ਆਈ ਉਹ ਪ੍ਰਣਾਲੀਆਂ ਹਨ, ਜੋ ਮਨੁੱਖੀ ਦਿਮਾਗੀ ਪ੍ਰਣਾਲੀ (ਵਿਚਾਰ, ਭਾਵਨਾਵਾਂ, ਧਾਰਨਾਵਾਂ ਆਦਿ) ਨਾਲ ਛੇੜ-ਛਾੜ ਕਰਦੀਆਂ ਹਨ ਅਤੇ ਬੁਨਿਆਦੀ ਮਨੁੱਖੀ ਅਧਿਕਾਰਾਂ ਦਾ ਘਾਣ ਕਰਦੀਆਂ ਹਨ।

ਬਹੁ-ਕੌਮੀ ਕਾਰਪੋਰੇਸ਼ਨਾਂ ਅਤੇ ਹੋਰ ਵਿਸ਼ਵ ਪੱਧਰ ਦੀਆਂ ਸੰਸਥਾਵਾਂ ਰਾਹੀਂ ਮਨੁੱਖਤਾ ਨੂੰ ਗੁਲਾਮ ਬਨਾਉਣ ਦੇ ਉਪਰਾਲੇ ਤੇਜ਼ ਹੁੰਦੇ ਜਾ ਰਹੇ ਹਨ। ਔਨਲਾਈਨ (ਡਿਜੀਟਲ) ਭੁਗਤਾਨ ਇਸੇ ਨੀਤੀ ਦਾ ਇੱਕ ਹਿੱਸਾ ਹੈ। ਔਨਲਾਈਨ ਭੁਗਤਾਨਾਂ ਵਿੱਚ ਨਿੱਜੀ ਜਾਣਕਾਰੀ ਦਾ ਸੰਗ੍ਰਹਿ ਅਤੇ ਸਟੋਰੇਜ (ਜਮ੍ਹਾਂ ਕੀਤਾ) ਡੇਟਾ ਦਾ ਚੋਰੀ ਹੋਣਾ ਸੰਭਵ ਹੈ। ਬੈਂਕਿੰਗ ਧੋਖਾਧੜੀ ਅਤੇ ਹੈਕਿੰਗ ਵਰਗੀਆਂ ਸੁਰੱਖਿਆ ਚਿੰਤਾਵਾਂ, ਨਿੱਜੀ ਡੇਟਾ ਸਟੋਰੇਜ ਨਾਲ ਗੋਪਨੀਯਤਾ ਮੁੱਦੇ, ਸੰਭਾਵੀ ਲੈਣ-ਦੇਣ ਆਦਿ ਵਿੱਚ ਮੁਸ਼ਕਲਾਂ, ਇੰਟਰਨੈੱਟ ਕਨੈਕਟੀਵਿਟੀ 'ਤੇ ਨਿਰਭਰਤਾ, ਤਕਨੀਕੀ ਗਲਤੀਆਂ ਅਤੇ ਭੁਗਤਾਨ ਜਾਣਕਾਰੀ ਤੱਕ ਅਣਅਧਿਕਾਰਤ ਪਹੁੰਚ ਦਾ ਜੋਖਮ; ਇਹ ਸਭ ਗਾਹਕਾਂ ਦੇ ਵਿਸ਼ਵਾਸ ਅਤੇ ਸੰਭਾਵੀ ਵਿੱਤੀ ਨੁਕਸਾਨ ਦਾ ਕਾਰਨ ਬਣਦੇ ਹਨ।

ਸਾਡੀਆਂ ਖਾਣ-ਪੀਣ, ਰਹਿਣ-ਸਹਿਣ, ਸੌਣ-ਜਾਗਣ, ਪਹਿਨਣ ਅਤੇ ਬੋਲ-ਚਾਲ ਦੀਆਂ ਆਦਤਾਂ ਸਭ ਉਪੱਰ ਬਹੁ-ਕੌਮੀ ਕਾਰਪੋਰੇਸ਼ਨਾਂ ਕੰਟਰੋਲ ਕਰ ਰਹੀਆਂ ਹਨ। ਮਨੁੱਖਤਾ ਮੋਬਾਇਲ ਦੀ ਵਰਤੋਂ ਦੀ ਗੁਲਾਮ ਬਣ ਚੁੱਕੀ ਹੈ।

ਏ ਆਈ (ਆਰਟੀਫੀਸ਼ੀਅਲ ਇੰਟੈਲੀਜੈਂਸ, ਮਸਨੂਈ ਬੌਧਿਕਤਾ) ਤਕਨਾਲੋਜੀਆਂ ਦਾ ਇੱਕ ਸਮੂਹ ਹੈ, ਜੋ ਕੰਪਿਊਟਰਾਂ ਨੂੰ ਅਜਿਹੇ ਕੰਮ ਕਰਨ ਦੇ ਯੋਗ ਬਣਾਉਂਦਾ ਹੈ, ਜਿਨ੍ਹਾਂ ਲਈ ਆਮ ਤੌਰ 'ਤੇ ਮਨੁੱਖੀ ਬੁੱਧੀ ਦੀ ਲੋੜ ਹੁੰਦੀ ਹੈ। ਮਸਨੂਈ ਬੌਧਿਕਤਾ ਡਾਟਾ/ਅੰਕੜੇ ਦਾ ਵਿਸ਼ਲੇਸ਼ਣ ਕਰ ਸਕਦਾ ਹੈ, ਭਾਸ਼ਾ ਨੂੰ ਸਮਝ ਸਕਦਾ ਹੈ ਅਤੇ ਸਿਫ਼ਾਰਸ਼ਾਂ ਕਰ ਸਕਦਾ ਹੈ।

ਮਸਨੂਈ ਬੌਧਿਕਤਾ ਕੰਪਿਊਟਰ ਵਿਗਿਆਨ ਦੀ ਇੱਕ ਖਾਸ ਸ਼ਾਖਾ ਹੈ, ਜੋ ਮਨੁੱਖੀ ਸੋਚ ਅਤੇ ਫੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਦੀ ਨਕਲ ਕਰਨ ਨਾਲ ਸੰਬੰਧਤ ਹੈ। ਇਹ ਪ੍ਰੋਗਰਾਮ ਡੇਟਾ ਸੈੱਟਾਂ ਦਾ ਵਿਸ਼ਲੇਸ਼ਣ ਕਰਕੇ ਅਤੇ ਮਨੁੱਖ ਦੀ ਮਦਦ ਦੀ ਲੋੜ ਤੋਂ ਬਿਨਾਂ ਆਪਣੇ ਪ੍ਰਦਰਸ਼ਨ ਨੂੰ ਬਿਹਤਰ ਬਣਾ ਕੇ ਆਪਣੇ ਖੁਦ ਦੇ ਐਲਗੋਰਿਦਮ ਜਿਹੜਾ ਕਮਾਂਡਾਂ ਦਾ ਇੱਕ ਸਮੂਹ ਹੁੰਦਾ ਹੈ, ਜਿਸ ਦੀ ਪਾਲਣਾ ਕੰਪਿਊਟਰ ਨੂੰ ਗਣਨਾਵਾਂ ਜਾਂ ਹੋਰ ਸਮੱਸਿਆ ਹੱਲ ਕਰਨ ਦੇ ਕਾਰਜ ਕਰਨ ਲਈ ਕਰਨੀ ਪੈਂਦੀ ਹੈ, ਨੂੰ ਸੋਧ ਸਕਦੇ ਹਨ।

ਮਸਨੂਈ ਬੌਧਿਕਤਾ ਪ੍ਰਣਾਲੀਆਂ ਦੁਆਰਾ ਨਿਊਰੋ-ਤਕਨਾਲੋਜੀ (ਤੰਤੂ ਤਕਨੀਕ) ਦੀ ਵੀ ਵਰਤੋਂ ਕਰਨਾ ਸ਼ਾਮਲ ਹੈ, ਜੋ ਦਿਮਾਗੀ-ਕੰਪਿਊਟਰ ਇੰਟਰਫੇਸ (ਜਿਸ ਤਰੀਕੇ ਨਾਲ ਇੱਕ ਕੰਪਿਊਟਰ ਪ੍ਰੋਗਰਾਮ ਉਪਭੋਗਤਾ ਨੂੰ ਜਾਣਕਾਰੀ ਦੇਣ ਲਈ ਪ੍ਰਾਪਤ ਕਰਦਾ ਹੈ) ਦੁਆਰਾ ਇਕੱਠੇ ਕੀਤੇ ਗਏ ਨਿਊਰਲ ਡੇਟਾ ਦੀ ਨਿਗਰਾਨੀ ਲਈ ਵਰਤੀਆਂ ਜਾਂਦੀਆਂ ਹਨ।

ਪਵਨ ਕੁਮਾਰ ਕੌਸ਼ਲ

ਇਹ ਮਨੁੱਖੀ ਦਿਮਾਗੀ ਪ੍ਰਣਾਲੀ (ਵਿਚਾਰਾਂ, ਭਾਵਨਾਵਾਂ, ਧਾਰਨਾਵਾਂ, ਅੰਦਰੂਨੀ ਅੰਗਾਂ ਆਦਿ ਦੇ ਕੰਮ ਕਰਨ ਬਾਰੇ) ਦੇ ਵੱਡੇ ਪੱਧਰ 'ਤੇ ਹੇਰਾਫੇਰੀ ਕਰਨ ਦੀ ਸੰਭਾਵਨਾ ਨੂੰ ਸੰਬੋਧਤ ਕਰਦੇ ਅਤੇ ਛੁਪਾਉਂਦੇ ਹਨ। ਇਹ ਸਪੱਸ਼ਟ ਹੈ ਕਿ ਇਹ ਲੋਕਾਂ ਦੇ ਦਿਮਾਗ਼ਾਂ ਦੀ ਵੱਡੀ ਗਿਣਤੀ ਨੂੰ ਦੂਰੀ ਤੋਂ ਨਿਯੰਤਰਿਤ ਕੀਤਾ ਜਾਂਦਾ ਹੈ, ਏ ਆਈ ਪ੍ਰਣਾਲੀਆਂ ਨੂੰ ਵੋਟਰਾਂ ਦੀ ਸਿਆਸੀ ਰਾਏ ਬਣਾ ਕੇ ਅਤੇ ਕੁਝ ਪਾਰਟੀਆਂ ਜਾਂ ਵਿਅਕਤੀਆਂ ਨੂੰ ਵੋਟ ਦੇਣ ਦਾ ਫੈਸਲਾ ਥੋਪ ਕੇ ਚੋਣਾਂ ਦੇ ਨਤੀਜਿਆਂ ਅਤੇ ਵੋਟਰਾਂ ਦੇ ਵਿਹਾਰ ਨੂੰ ਪ੍ਰਭਾਵਿਤ ਕਰਨ ਲਈ ਵੀ ਵਰਤਿਆ ਜਾ ਸਕਦਾ ਹੈ।

ਤੇਜ਼ ਮਾਈਕ੍ਰੋਵੇਵਜ਼ (ਬਿਜਲੀ-ਚੁੰਬਕ ਤਰੰਗਾਂ), ਵਾਧੂ ਲੰਮੀਆਂ ਇਲੈਕਟ੍ਰੋਮੈਗਨੈਟਿਕ ਤਰੰਗਾਂ ਜਾਂ ਅਜੇ ਤੱਕ ਅਣਪ੍ਰਕਾਸ਼ਿਤ ਊਰ

25-FEB-PAGE-5.qxd 2/21/2025 11:02 PM Page 1

ਸੀਵਰੇਜ ਸੰਘਰਸ਼ ਕਮੇਟੀ ਵੱਲੋਂ ਭਵਿੱਖੀ ਸੰਘਰਸ਼ ਦੀ ਰੂਪ ਰੇਖਾ ਉਲੀਕਣ ਲਈ ਅਹਿਮ ਮੀਟਿੰਗ

ਚੱਲ ਰਿਹਾ ਪੱਕਾ ਧਰਨਾ 117ਵੇਂ ਦਿਨ ਵੀ ਜਾਰੀ ਰਿਹਾ

ਮਾਨਸਾ (ਆਤਮਾ ਸਿੰਘ ਪਮਾਰ)-ਸੀਵਰੇਜ ਸਮੱਸਿਆ ਦੇ ਪੱਕੇ ਹੱਲ ਲਈ ਚੱਲ ਰਿਹਾ ਧਰਨਾ ਅੱਜ 117ਵੇਂ ਦਿਨ ਵੀ ਜਾਰੀ ਰਿਹਾ।ਧਰਨੇ ਦੀ ਅਗਵਾਈ ਵਾਇਸ ਪ੍ਰਧਾਨ ਨਗਰ ਕੌਂਸਲ ਰਾਮਪਾਲ ਸਿੰਘ ਬੱਪੀਆਣਾ, ਅੰਮ੍ਰਿਤ ਪਾਲ ਗੋਗਾ, ਹੰਸਾ ਸਿੰਘ ਤੇ ਅਜੀਤ ਸਿੰਘ ਸਰਪੰਚ ਦੀ ਅਗਵਾਈ ਵਿੱਚ ਸ਼ਹਿਰੀਆਂ ਤੇ ਸੰਸਥਾਵਾਂ ਦੇ ਸਹਿਯੋਗ ਨਾਲ ਕੀਤੀ ਗਈ।

ਇਸ ਸਮੇਂ ਮੌਜੂਦ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੀਵਰੇਜ ਸੰਘਰਸ਼ ਕਮੇਟੀ ਦੇ ਬੈਨਰ ਹੇਠ ਪੱਕੇ ਹੱਲ ਲਈ ਜਾਰੀ ਧਰਨੇ ਦੀ ਬਦੌਲਤ ਸਬੰਧਤ ਵਿਭਾਗ ਵੱਲੋਂ ਸੀਵਰੇਜ ਸਮੱਸਿਆ ਦੇ ਹੱਲ ਲਈ ਟੈਂਡਰ ਕਾਲ ਸਬੰਧੀ ਇਸ਼ਤਿਹਾਰ ਦਿੱਤਾ ਗਿਆ ਹੈ, ਜਿਸ ਨੂੰ ਲੈ ਕੇ ਧਰਨੇ ਵਾਲੀ ਜਗ੍ਹਾ 'ਤੇ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਸ੍ਰੀ ਸੁਨੀਲ ਕੁਮਾਰ ਨੀਨੂ ਵੱਲੋਂ ਧਰਨੇ ਨੂੰ ਸਮਾਪਤ ਕਰਨ ਸਬੰਧੀ ਸੰਘਰਸ਼ ਕਮੇਟੀ ਕੋਲ ਪਹੁੰਚ ਕੀਤੀ। ਉਨ੍ਹਾਂ ਕਿਹਾ ਕਿ ਧਰਨੇ ਵਾਲੀ ਜਗ੍ਹਾ 'ਤੇ ਖੁਦ ਵਿਧਾਇਕ ਡਾ. ਵਿਜੈ ਸਿੰਗਲਾ ਆ ਕੇ ਸਮੁੱਚੀ ਪ੍ਰਕਿਰਿਆ ਬਾਰੇ ਜਾਣਕਾਰੀ ਦੇਣ ਤੋਂ ਇਲਾਵਾ ਸੰਘਰਸ਼ ਕਮੇਟੀ ਨੂੰ ਵਿਸ਼ਵਾਸ ਵੀ ਦਿਵਾਉਣਗੇ। ਉੱਧਰ ਦੂਜੇ ਪਾਸੇ ਕਮੇਟੀ ਵੱਲੋਂ ਅੱਜ ਇਸ ਧਰਨੇ ਨਾਲ ਜੁੜੀਆਂ ਜਥੇਬੰਦੀਆਂ ਵੱਲੋਂ ਇਸ ਸਬੰਧੀ ਇੱਕ ਹੰਗਾਮੀ ਮੀਟਿੰਗ ਬੁਲਾ ਕੇ ਵਿਚਾਰ ਵਟਾਂਦਰਾ ਕੀਤਾ ਗਿਆ।ਵਿਚਾਰ ਵਟਾਂਦਰਾ ਕਰਨ ਉਪਰੰਤ ਫੈਸਲਾ ਕੀਤਾ ਗਿਆ ਕਿ ਜੇਕਰ ਪ੍ਰਸ਼ਾਸਨ ਵੱਲੋਂ ਸਮੱਸਿਆ ਦੇ ਹੱਲ ਸਬੰਧੀ ਕੋਈ ਸਮਰੱਥ ਅਧਿਕਾਰੀ ਧਰਨੇ ਵਾਲੀ ਜਗ੍ਹਾ 'ਤੇ ਆ ਕੇ ਵਿਸ਼ਵਾਸ ਦਿਵਾਉਂਦਾ ਹੈ ਤਾਂ ਸੰਘਰਸ਼ ਕਮੇਟੀ ਵੱਲੋਂ ਅੱਜ ਦੀ ਨਿਰਧਾਰਤ ਮੀਟਿੰਗ 'ਚ ਧਰਨਾ ਮੁਲਤਵੀ ਕਰਨ ਬਾਰੇ ਸੋਚਿਆ ਜਾ ਸਕਦਾ ਹੈ।ਸੰਘਰਸ਼ ਕਮੇਟੀ ਵੱਲੋਂ ਸਮੁੱਚੀਆਂ ਜਥੇਬੰਦੀਆਂ ਦੇ ਸਹਿਯੋਗ ਨਾਲ ਹੋਈ ਇਸ ਅੰਸ਼ਿਕ ਜਿੱਤ ਲਈ ਤਸੱਲੀ ਦਾ ਪ੍ਰਗਟਾਵਾ ਕੀਤਾ ਹੈ।ਆਗੂਆਂ ਨੇ ਅੱਜ ਦੀ ਮੀਟਿੰਗ ਤੇ ਧਰਨੇ 'ਚ ਸ਼ਾਮਲ ਸਮੂਹ ਜਥੇਬੰਦੀਆਂ ਦੇ ਆਗੂਆਂ ਤੇ ਸ਼ਹਿਰੀਆਂ ਦਾ ਧੰਨਵਾਦ ਕਰਦਿਆਂ ਤਨਦੇਹੀ ਨਾਲ ਡਟੇ ਰਹਿਣ ਦੀ ਅਪੀਲ ਵੀ ਕੀਤੀ।

ਇਸ ਸਮੇਂ ਸਾਬਕਾ ਪ੍ਰਧਾਨ ਨਗਰ ਕੌਂਸਲ ਮਨਦੀਪ ਸਿੰਘ ਗੋਰਾ, ਡਾ. ਧੰਨਾ ਮੱਲ ਗੋਇਲ, ਕ੍ਰਿਸ਼ਨ ਚੌਹਾਨ, ਭਗਵੰਤ ਸਿੰਘ ਸਮਾਓਂ, ਜਤਿੰਦਰ ਆਗਰਾ, ਨਿਰਮਲ ਸਿੰਘ ਝੰਡੂਕੇ, ਜਸਬੀਰ ਕੌਰ ਨੱਤ, ਆਤਮਾ ਸਿੰਘ ਪਮਾਰ, ਐਡਵੋਕੇਟ ਬਲਕਰਨ ਬੱਲੀ ਤੇ ਐਡਵੋਕੇਟ ਬਲਵੀਰ ਕੌਰ, ਐਡਵੋਕੇਟ ਰੁਪਿੰਦਰ ਕੌਰ, ਹਰਵਿੰਦਰ ਸ਼ਰਮਾ, ਸਾਬਕਾ ਕੌਂਸਲਰ ਪਰਮਜੀਤ ਸਿੰਘ ਢੁੱਡਾ ਤੇ ਗੁਰਦੀਪ ਸਿੰਘ ਦੀਪਾ, ਮਨਜੀਤ ਸਿੰਘ ਮੀਹਾਂ, ਮੇਜਰ ਸਿੰਘ ਦੂਲੋਵਾਲ, ਅਮ੍ਰਿਤ ਪਾਲ ਕੂਕਾ, ਅਭੀ ਮੌੜ, ਸੁਰਿੰਦਰਪਾਲ ਸ਼ਰਮਾ, ਰਤਨ ਭੋਲਾ, ਜਸਵੰਤ ਸਿੰਘ ਮਾਨਸਾ, ਕਾਕਾ ਮਾਨ, ਦਲਵਿੰਦਰ ਸਿੰਘ ਆਦਿ ਆਗੂ ਮੌਜੂਦ ਸਨ।

ਗੈਂਗਸਟਰ ਗੋਲਡੀ ਢਿੱਲੋਂ ਦੇ ਮਿੱਥ ਕੇ ਹੱਤਿਆ ਕਰਨ ਵਾਲੇ ਗਰੋਹ ਦਾ ਪਰਦਾ ਫਾਸ਼

- 5 ਪਿਸਤੌਲ ਤੇ ਨਸ਼ੀਲੀਆਂ ਗੋਲੀਆਂ ਸਮੇਤ ਦੋ ਗ੍ਰਿਫ਼ਤਾਰ
- ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਨੂੰ ਮੋਹਾਲੀ ਤੇ ਰਾਜਪੁਰਾ 'ਚ ਮਿੱਥ ਕੇ ਹੱਤਿਆ ਕਰਨ ਦਾ ਕੰਮ ਸੌਂਪਿਆ ਗਿਆ ਸੀ : ਡੀ ਜੀ ਪੀ

ਪਟਿਆਲਾ (ਰਾਜਿੰਦਰ ਸਿੰਘ ਬਿੰਦ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਰਾਜ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਤਹਿਤ ਪਟਿਆਲਾ ਪੁਲਸ ਨੇ ਵਿਦੇਸ਼ੀ ਗੈਂਗਸਟਰ ਗੋਲਡੀ ਢਿੱਲੋਂ ਦੁਆਰਾ ਚਲਾਏ ਜਾ ਰਹੇ ਟਾਰਗੈਟ ਕਿਲਿੰਗ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਰਾਜਪੁਰਾ ਤੋਂ ਗ੍ਰਿਫ਼ਤਾਰ ਕਰਕੇ ਇਸ ਗਰੋਹ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਲਕੀਤ ਸਿੰਘ ਉਰਫ਼ ਮੈਕਸ, ਜੋ ਕਿ ਅਜਨਾਲਾ, ਅੰਮ੍ਰਿਤਸਰ ਦੇ ਪਿੰਡ ਰੋਡਾਲਾ ਦਾ ਰਹਿਣ ਵਾਲਾ ਹੈ ਤੇ ਮੌਜੂਦਾ ਸਮੇਂ ਫਤਿਹਗੜ੍ਹ ਸਾਹਿਬ ਦੇ ਪਿੰਡ ਸੋਮਪਾਲੀ ਵਿੱਚ ਰਹਿੰਦਾ ਹੈ ਅਤੇ ਸੰਦੀਪ ਸਿੰਘ ਉਰਫ਼ ਦੀਪ, ਜੋ ਕਿ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਦਾ ਰਹਿਣ ਵਾਲਾ ਹੈ, ਵਜੋਂ ਹੋਈ ਹੈ।ਪੁਲਸ ਟੀਮਾਂ ਨੇ ਫੜੇ ਗਏ ਮੁਲਜ਼ਮਾਂ ਦੇ ਕਬਜ਼ੇ 'ਚੋਂ ਪੰਜ ਪਿਸਤੌਲ, ਜਿਨ੍ਹਾਂ ਵਿੱਚ ਤਿੰਨ .32 ਕੈਲੀਬਰ, ਇੱਕ .30 ਕੈਲੀਬਰ ਤੇ ਇੱਕ .315 ਕੈਲੀਬਰ ਦੇਸੀ ਕੱਟਾ ਸ਼ਾਮਲ ਹਨ ਸਮੇਤ 15 ਕਾਰਤੂਸ ਤੇ 1300 ਨਸ਼ੀਲੀਆਂ ਗੋਲੀਆਂ ਵੀ ਬਰਾਮਦ ਕੀਤੀਆਂ ਹਨ, ਇਸ ਤੋਂ ਇਲਾਵਾ ਉਨ੍ਹਾਂ ਦਾ ਕਾਲੇ ਰੰਗ ਦਾ ਹੌਂਡਾ ਐਕਟਿਵਾ ਸਕੂਟਰ (ਪੀਬੀ 23 ਏਏ 0795) ਵੀ ਜ਼ਬਤ ਕੀਤਾ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਜਬਰਨ ਵਸੂਲੀ ਨਾਲ ਸਬੰਧਤ ਦੋ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਸਨ ਤੇ ਉਨ੍ਹਾਂ ਦੇ ਹੈਂਡਲਰ ਗੋਲਡੀ ਢਿੱਲੋਂ ਨੇ ਉਨ੍ਹਾਂ ਨੂੰ ਮੋਹਾਲੀ ਤੇ ਰਾਜਪੁਰਾ ਵਿੱਚ ਮਿੱਥ ਕੇ ਹੱਤਿਆ ਕਰਨ ਦਾ ਕੰਮ ਸੌਂਪਿਆ ਸੀ।ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਅਪਰਾਧਕ ਪਿਛੋਕੜ ਵਾਲੇ ਹਨ ਤੇ ਇਨ੍ਹਾਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ, ਅਸਲਾ ਐਕਟ, ਇਰਾਦਾ ਕਤਲ, ਜਬਰਨ ਵਸੂਲੀ, ਡਕੈਤੀ, ਲੁੱਟ-ਖੋਹ ਆਦਿ ਕਈ ਮਾਮਲੇ ਦਰਜ ਹਨ।

ਡੀ ਜੀ ਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਆਸ ਹੈ।

ਯੂਥ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਨ ਲਈ ਮੋਗਾ 'ਚ ਵਿਸ਼ਾਲ ਮੀਟਿੰਗ

ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਮਾਨ ਸਰਕਾਰ ਨਸ਼ਿਆਂ ਦੀ ਦਲਦਲ ਤੇ ਗੈਂਗਸਟਰ ਵਰਗੇ ਖਿਤਾਬ ਨਾਲ ਨਿਵਾਜ਼ ਰਹੀ : ਝਿੰਜਰ, ਢਿੱਲੋਂ, ਮਾਹਲਾ

ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਦੀ ਨੌਜਵਾਨੀ ਨੂੰ ਅਕਾਲੀ ਦਲ ਨਾਲ ਜੋੜਨ ਲਈ ਅੱਜ ਮੋਗਾ ਦੇ ਮੈਜਿਸਟਿਕ ਰਿਸੋਰਟ ਵਿੱਚ ਸ਼੍ਰੋਮਣੀ ਅਕਾਲੀ ਦਲ ਮੋਗਾ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ ਦੀ ਰਹਿਨੁਮਾਈ ਹੇਠ ਅਤੇ ਯੂਥ ਅਕਾਲੀ ਦਲ ਮੋਗਾ ਦਿਹਾਤੀ ਦੇ ਪ੍ਰਧਾਨ ਹਰਜੋਤ ਸਿੰਘ ਡੋਮਰੂ ਤੇ ਯੂਥ ਅਕਾਲੀ ਦਲ ਮੋਗਾ ਸ਼ਹਿਰੀ ਪ੍ਰਧਾਨ ਦੇਵ ਅਸ਼ਿਸ਼ ਮਲਿਕ ਦੇ ਯਤਨਾਂ ਸਦਕਾ ਮੋਗਾ ਜ਼ਿਲ੍ਹੇ ਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੂੰ ਅਕਾਲੀ ਦਲ ਨਾਲ ਜੋੜਨ ਦੇ ਮੰਤਵ ਤਹਿਤ ਰੱਖੀ ਗਈ ਮੀਟਿੰਗ ਨੇ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਲਿਆ।ਮੀਟਿੰਗ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਲੰਢੇਕੇ, ਸ਼੍ਰੋਮਣੀ ਅਕਾਲੀ ਦਲ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਤ ਸਿੰਘ ਮਾਹਲਾ, ਲੋਕ ਸਭਾ ਹਲਕਾ ਫਰੀਦਕੋਟ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਸੀਨੀਅਰ ਅਕਾਲੀ ਆਗੂ ਰਾਜਵੰਤ ਸਿੰਘ ਮਾਹਲਾ, ਯੂਥ ਅਕਾਲੀ ਆਗੂ ਨਵਜੋਤ ਸਿੰਘ ਮਾਹਲਾ ਵੱਲੋਂ ਸ਼ਮੂਲੀਅਤ ਕੀਤੀ, ਉੱਥੇ ਹੀ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਐੱਸ ਓ ਆਈ ਦੇ ਕੌਮੀ ਪ੍ਰਧਾਨ ਰਣਬੀਰ ਸਿੰਘ ਢਿੱਲੋਂ ਤੇ ਸੁਖਜੀਤ ਸਿੰਘ ਮਾਹਲਾ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਐੱਸ ਓ ਆਈ ਦੇ ਕੌਮੀ ਪ੍ਰਧਾਨ ਰਣਬੀਰ ਸਿੰਘ ਢਿੱਲੋਂ ਤੇ ਸੁਖਜੀਤ ਸਿੰਘ ਮਾਹਲਾ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਕੇ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕਰਨਾ ਸ਼੍ਰੋਮਣੀ ਅਕਾਲੀ ਦਲ, ਯੂਥ ਅਕਾਲੀ ਦਲ ਤੇ ਐੱਸ ਓ ਆਈ ਦਾ ਮੁੱਖ ਉਦੇਸ਼ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਨੌਜਵਾਨ ਪੀੜ੍ਹੀ ਨੂੰ ਗੁੰਮਰਾਹ ਕਰਕੇ ਤੇ ਉਨ੍ਹਾਂ ਨੂੰ ਰੁਜ਼ਗਾਰ ਦੇਣ ਦਾ ਭਰੋਸਾ ਦਿਵਾ ਕੇ ਵੋਟਾਂ ਤਾਂ ਬਟੋਰੀਆਂ, ਪਰ ਪੰਜਾਬ ਦੀ ਨੌਜਵਾਨੀ ਨੂੰ ਰੁਜ਼ਗਾਰ ਦੇਣ ਦੀ ਬਜਾਏ ਨਸ਼ਿਆਂ ਤੇ ਗੈਂਗਸਟਰ ਵਰਗੀ ਦਲ ਦਲ ਵਿੱਚ ਧੱਕਿਆ ਗਿਆ, ਜੋ ਪੰਜਾਬ ਲਈ ਅਤਿਅੰਤ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਇੱਕੋ ਇੱਕ ਸ਼੍ਰੋਮਣੀ ਅਕਾਲੀ ਦਲ ਅਜਿਹੀ ਪਾਰਟੀ ਹੈ, ਜਿਸ ਨੇ ਪੰਜਾਬ ਵਿੱਚ ਜਿੱਥੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ, ਉਥੇ ਹੀ ਨੌਜਵਾਨੀ ਨੂੰ ਰੁਜ਼ਗਾਰ ਵੀ ਮੁਹੱਈਆ ਕਰਵਾਏ। ਅੱਜ ਸੋਚੀ ਸਮਝੀ ਸਾਜ਼ਿਸ਼ ਤਹਿਤ ਅਕਾਲੀ ਦਲ ਨੂੰ ਬਦਨਾਮ ਕਰਨ ਲਈ ਤੇ ਖੇਤਰੀ ਪਾਰਟੀ ਨੂੰ ਖਤਮ ਕਰਨ ਲਈ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ।ਇਸ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਜਿੱਥੇ ਅਕਾਲੀ ਦਲ ਦੀ ਭਰਤੀ ਕੀਤੀ ਗਈ, ਉੱਥੇ ਹੀ ਯੂਥ ਵੱਲੋਂ ਵੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਲਈ ਵੱਡਾ ਹੁੰਗਾਰਾ ਮਿਲ ਰਿਹਾ ਹੈ।ਇਸ ਮੀਟਿੰਗ ਦੇ ਅੰਤ ਵਿੱਚ ਸੁਖਬੀਰ ਸਿੰਘ ਗਿੱਲ ਹਲਕਾ ਪ੍ਰਧਾਨ ਮੋਗਾ, ਜਸ ਨੂਰ ਸਿੰਘ ਸੀਨੀਅਰ ਵਾਈਸ ਪ੍ਰਧਾਨ ਹਲਕਾ ਮੋਗਾ, ਜੋਆਏ ਸ਼ਰਮਾ ਵਾਇਸ ਪ੍ਰਧਾਨ ਹਲਕਾ ਮੋਗਾ ਨੂੰ ਨਿਯੁਕਤ ਕੀਤਾ ਗਿਆ, ਜਿਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

ਕਾਤਰਾਂ

ਮਾਤਾ ਗੁਜਰੀ ਕਾਲਜ ਦੀ ਸਾਲਾਨਾ ਕਨਵੋਕੇਸ਼ਨ ਅੱਜ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਵਿਖੇ ਕਾਲਜ ਦੀ ਸਾਲਾਨਾ ਕਨਵੋਕੇਸ਼ਨ 22 ਫਰਵਰੀ ਨੂੰ ਸਵੇਰੇ 10 ਵਜੇ ਕਾਲਜ ਦੇ ਭਾਈ ਨੰਦ ਲਾਲ ਆਡੀਟੋਰੀਅਮ ਵਿਖੇ ਕਰਵਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਦੱਸਿਆ ਕਿ ਕਾਲਜ ਵਿਖੇ 22 ਫਰਵਰੀ ਨੂੰ ਕਾਲਜ ਗਵਰਨਿੰਗ ਬਾਡੀ ਦੇ ਸਕੱਤਰ ਸ੍ਰ. ਜਗਦੀਪ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਸਾਲਾਨਾ ਕਨਵੋਕੇਸ਼ਨ ਕਰਵਾਈ ਜਾ ਰਹੀ ਹੈ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਸਕੱਤਰ ਵਿੱਦਿਆ ਇੰਜੀਨੀਅਰ ਸ੍ਰ. ਸੁਖਮਿੰਦਰ ਸਿੰਘ ਸੈਸ਼ਨ 2021-2022 ਵਿੱਚ ਪਾਸ ਹੋਏ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨਗੇ ਅਤੇ 30 ਹੋਣਹਾਰ ਵਿਦਿਆਰਥੀਆਂ ਨੂੰ ਗੋਲਡ ਮੈਡਲ ਪ੍ਰਦਾਨ ਕੀਤੇ ਜਾਣਗੇ।

ਪੈਟਰੋਲ ਪੰਪ 'ਤੇ ਲੁੱਟ-ਖੋਹ ਕਰਨ ਵਾਲੇ ਮੁਲਜ਼ਮ ਕਾਬੂ

ਜਗਰਾਉਂ (ਅਮਿਤ ਖੰਨਾ)-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਥਾਣਾ ਜੋਧਾਂ ਅਧੀਨ ਪੈਂਦੇ ਪਿੰਡ ਨਾਰੰਗਵਾਲ ਦੇ ਦਸਮੇਸ਼ ਫੀਲਿੰਗ ਸਟੇਸ਼ਨ 'ਤੇ ਪਟਰੋਲ ਪਵਾਉਣ ਦੇ ਬਹਾਨੇ ਪਲਟੀਨਾ ਮੋਟਰਸਾਈਕਲ 'ਤੇ ਸਵਾਰ ਦੋ ਵਿਅਕਤੀਆਂ ਵੱਲੋਂ ਪਟਰੋਲ ਪੰਪ ਦੇ ਕਰਮਚਾਰੀ ਦੀ ਕੁੱਟਮਾਰ ਕਰਕੇ ਉਸ ਕੋਲੋਂ ਪੈਸਿਆਂ ਵਾਲਾ ਬੈਗ ਖੋਹ ਕੇ ਭੱਜ ਗਏ, ਜਿਸ ਵਿੱਚ ਕਰੀਬ 10-11 ਹਜ਼ਾਰ ਰੁਪਏ ਸਨ।ਇਸ ਮਾਮਲੇ ਸਬੰਧੀ ਥਾਣਾ ਜੋਧਾਂ ਦੇ ਐੱਸ ਐੱਚ ਓ ਇੰਸਪੈਕਟਰ ਦਵਿੰਦਰ ਸਿੰਘ ਵੱਲੋਂ ਬਣਾਈਆਂ ਪੁਲਸ ਪਾਰਟੀਆਂ ਦੇ ਏਐੱਸਆਈ ਸੁਖਜੀਤ ਸਿੰਘ ਨੇ ਪੁਲਸ ਪਾਰਟੀ ਸਮੇਤ ਦੋਨੋਂ ਅਰੋਪੀਆਂ ਨੂੰ ਪਿੰਡ ਲੋਹਗੜ੍ਹ ਨੇੜਿਓਂ ਕਾਬੂ ਕਰਕੇ ਉਨ੍ਹਾਂ ਕੋਲੋਂ ਪਟਰੋਲ ਪੰਪ ਤੋਂ ਖੋਹ ਕੀਤੀ ਹੋਈ ਅਤੇ ਮੋਟਰਸਾਈਕਲ ਅਪਣੇ ਕਬਜ਼ੇ ਵਿੱਚ ਲੈ ਲਏ ਗਏ ਅਤੇ ਪੁਲਸ ਵੱਲੋਂ ਪੁੱਛਗਿੱਛ ਦੌਰਾਨ ਅਰੋਪੀਆਂ ਨੇ ਅਪਣੀ ਪਹਿਚਾਣ ਨਿੱਕਾ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਨਾਰੰਗਵਾਲ ਤੇ ਵਿੱਕੀ ਪੁੱਤਰ ਕਮਲਜੀਤ ਸਿੰਘ ਵਾਸੀ ਪਿੰਡ ਮਾਜਰੀ ਹਾਲ ਵਾਸੀ ਪਿੰਡ ਘੁੰਗਰਾਣਾ ਵਜੋਂ ਦੱਸੀ।ਥਾਣਾ ਜੋਧਾ ਦੀ ਪੁਲਸ ਨੇ ਦੋਨੋਂ ਅਰੋਪੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਹੈ।

ਮਹਾਂ ਕਾਲ ਸਵਰਗ ਧਾਮ ਸੇਵਾ ਸੁਸਾਇਟੀ 26 ਨੂੰ ਮਨਾਏਗੀ ਮਹਾਂ-ਸ਼ਿਵਰਾਤਰੀ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਮਹਾਂ ਕਾਲ ਸਵਰਗ ਧਾਮ ਸੇਵਾ ਸੁਸਾਇਟੀ (ਰਜਿ:) ਫਰੀਦਕੋਟ ਵੱਲੋਂ ਸਥਾਨਕ ਮਹਾਂ ਕਾਲ ਮੰਦਰ ਸ਼੍ਰੀ ਰਾਮ ਬਾਗ਼ ਅਨੰਦੇਆਣਾ ਗੇਟ ਵਿਖੇ ਆਉਣ ਵਾਲੀ 26 ਫ਼ਰਵਰੀ ਨੂੰ ਮਹਾਂ ਸ਼ਿਵਰਾਤਰੀ ਦਾ ਪਰਵ ਮਨਾਇਆ ਜਾਵੇਗਾ।ਸੋਸਾਇਟੀ ਦੇ ਚੇਅਰਮੈਨ ਅਸ਼ੋਕ ਭਟਨਾਗਰ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ 26 ਫ਼ਰਵਰੀ ਨੂੰ ਸਵੇਰੇ 7 ਵਜੇ ਪੂਜਾ ਅਰਚਨਾ ਉਪਰੰਤ ਕੀਰਤਨ

22 - February - Page - 6.qxd 2/21/2025 11:17 PM Page 1

ਬਾਯਰ ਨੇ ਨੌਲਜ ਸ਼ੇਅਰਿੰਗ ਵਰਕਸ਼ਾਪਾਂ ਰਾਹੀਂ 42,000 ਤੋਂ ਵੱਧ ਮੱਕੀ ਕਿਸਾਨਾਂ ਨੂੰ ਸਸ਼ਕਤ ਕੀਤਾ

ਲੁਧਿਆਣਾ : ਸਿਹਤ ਅਤੇ ਖੇਤੀ ਖੇਤਰ ਦੀ ਅਗਰਣੀ ਗਲੋਬਲ ਕੰਪਨੀ ਬਾਯਰ ਨੇ ਹਾਲ ਹੀ ਵਿੱਚ ਪੰਜਾਬ ਵਿੱਚ ਆਪਣੇ ਸਪਰਿੰਗ ਕੌਰਨ ਫੈਸਟੀਵਲ ਦਾ ਸਮਾਪਨ ਕੀਤਾ। ਇੱਕ ਮਹੀਨੇ ਤੱਕ ਚੱਲੇ ਇਸ ਫੈਸਟੀਵਲ ਦਾ ਉਦੇਸ਼ ਕਿਸਾਨਾਂ ਨੂੰ ਮੱਕੀ ਦੀ ਉਤਪਾਦਕਤਾ ਵਧਾਉਣ ਲਈ ਤਕਨੀਕੀ ਗਿਆਨ ਅਤੇ ਖੇਤੀਬਾੜੀ ਵਿਧੀਆਂ ਦੀ ਜਾਣਕਾਰੀ ਦੇਣ ਨਾਲ ਸਸ਼ਕਤ ਕਰਨਾ ਸੀ।

ਖੇਤੀ ਦੇ ਮਾਮਲੇ ਵਿੱਚ ਅੱਗੇ ਰਹਿਣ ਵਾਲੇ ਜ਼ਿਲ੍ਹਿਆਂ ਵਿੱਚ ਵਰਕਸ਼ਾਪਾਂ ਰਾਹੀਂ ਬਾਯਰ ਨੇ ਭਾਰਤ ਦੀ ਆਤਮਨਿਰਭਰਤਾ ਦੀ ਲਕਸ਼ਯ ਪ੍ਰਾਪਤੀ ਵਿੱਚ ਮੱਕੀ ਦੇ ਮਹੱਤਵ ਨੂੰ ਉਜਾਗਰ ਕੀਤਾ ਅਤੇ ਉਤਪਾਦਕਤਾ ਅਤੇ ਆਮਦਨ ਵਧਾਉਣ ਲਈ ਕਿਸਾਨਾਂ ਨੂੰ ਕਾਰਗਰ ਔਜ਼ਾਰ ਉਪਲਬਧ ਕਰਵਾਏ। 7 ਜਨਵਰੀ ਤੋਂ 4 ਫਰਵਰੀ ਤੱਕ ਫਤਿਹਗੜ੍ਹ ਸਾਹਿਬ, ਲੁਧਿਆਣਾ, ਪਟਿਆਲਾ, ਮਲੇਰਕੋਟਲਾ, ਸੰਗਰੂਰ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ ਅਤੇ ਮੋਗਾ ਸਮੇਤ ਕਈ ਥਾਵਾਂ 'ਤੇ ਆਯੋਜਿਤ ਕੀਤੀ ਗਈ ਇਸ ਪਹਿਲ ਵਿੱਚ 42,000 ਤੋਂ ਵੱਧ ਕਿਸਾਨਾਂ ਨੇ ਸਥਿਰ ਖੇਤੀ, ਫ਼ਸਲ ਪ੍ਰਬੰਧਨ ਅਤੇ ਤਕਨਾਲੋਜੀ-ਚਲਿਤ ਹੱਲਾਂ 'ਤੇ ਚਰਚਾ ਵਿੱਚ ਹਿੱਸਾ ਲਿਆ।

COURT NOTICE

(U/o 5 Rule 20 CPC)
In The Court Of Ms Pooja Andotra
Additional District and Sessions Judge, Tarn Taran
Next Date, Purpose of case, Orders and Judgments as well as other case information is available on http://districts.ecourts.gov.in
CNR No. PBTT01-000047-2024
Next Date:- 07-04-2025
Jaswinder Kaur
Vs.
M/S Satnam Bus Service, Prop Kuljit Singh
Publication Issued To:
M/S Satnam Bus Service, Prop Kuljit Singh
Father :- Baldev Singh
R/O Takhtu Chak P.O. Sarhali District Tarn Taran (Owner of Bus Bearing REGN. No. PB02-CC-7203).
In above titled case, the defendant(s)/ respondent could not be served. It is ordered that defendant(s)/ respondent(s) should appear in person or through counsel on 07-04-2025 at 10-00 a.m.
For details logon to https://highcourtchd.gov.in/?trs=district_notice&district=Tarn Taran
Additional District and Sessions Judge Tarn Taran
Dated, this day of 14-02-2025

COURT NOTICE

(U/o 5 Rule 20 CPC)
In the Court of
Ms. Radhika Puri
Additional Civil Judge (Senior Division), Ludhiana
CNR No. PBLD02-013205-2024
Next Date:- 17-03-2025
Manas Preet Singh S/o Ujagar Singh R/o H.No. 3, Warsana, Threekay Road, Rajguru Nagar Ludhiana
V/s.
General Public
Publication Issued To :
General Public
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 17-03-2025 at 10:00 a.m.
For details logon to https://highcourtchd.gov.in/?mod=district_notice&district=mogacourt
Additional Civil Judge (Senior Division) Ludhiana
Dated this day of 17-02-2025

COURT NOTICE

(U/o 5 Rule 20 CPC)
(Succession Case)
In the Court of
Ms. Radhika Puri
Additional Civil Judge (Senior Division) Ludhiana
CNR No. PBLD02-011801-2024
Next Date:- 18-04-2025
Sakina Mittal
Vs
General Public
Notice To :
General Public
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-04-2025 at 10:00 a.m.
For details logon to https://highcourtchd.gov.in/?mod=district_notice&district=mogacourt
Additional Civil Judge (Senior Division) Ludhiana
Dated this day of 17-02-2025

COURT NOTICE

In the Court of
Sh. Akbar Khan
Judicial Magistrate-Ist Class-2, Patiala
CNR No. :- PBPT03-008049-2023
Next Date:- 02-04-2025
Detail of offence :- 138 NI ACT
UCO Bank
Vs.
Ravi Kant
Notice To : Ravi Kant
Father: Mela Ram
New Sular Colony, Sular, Patiala.
In above titled case, the accused could not be served. It is ordered that accused should appear in person or through counsel on 02-04-2025 at 10.00 a.m.
For details logon to https://highcourtchd.gov.in/?mod=district_notice&district=patiala
Judicial Magistrate-Ist Class-2, Patiala
Dated, this day of 20-02-2025

PUBLIC NOTICE

I Gaytri Devi W/o Kaushlesh Dubey R/o House no. 29/9, Inside Gate Khazana Gali Nathe Khan, Amritsar, Near Amandeep Public School, Amitsar, Punjab-143001 have approached Equitas Small Finance Bank Limited at Amritsar, for availing a loan against mortgage of below mentioned immovable property owned and possessed by me vide sale deed dated 5-8-2022 bearing Doc. No. 2022-23/89/1/3803 registered at sub-Registrar, Distt. Amritsar.
Anybody having any claim or objection in creating mortgage over said property in favour of above Bank shall approach concerned authority within seven days from this publication, failing which it shall be presumed that there is no objection or claim of any one over this property and the bank may proceed further in advancing loan by way of mortgaging the said property. Further, any objection or claim made thereafter shall have no legal effect on me or on the Bank.
DESCRIPTION OF THE PROPERTY
One House Khana Shamari No. 29/9, having total area of land measuring 42 square yards i.e, 378 square feet, Situated within the revenue estate of area Urban circle number 107, Gali Nathe Khan, Inside Khazana Gate, Tehsil and district Amritsar, bounded as East : Gali, West: House of Teja Singh, North : House no. 28/9, South: House no. 30/9.
Name & address of property owner
Gaytri Devi W/o Kaushlesh Dubey
DINESH ARORA ADVOCATE
Distt. Courts, Amritsar

COURT NOTICE

In the Court of
Ms. Jasleen Narang
Judicial Magistrate 1st Class, Ludhiana
CNR No. PBLD03-067109-2022
COMA/44304/2022
(Complaint-138 Negotiable Instrument Act)
Kapil Kumar V/S Anisha Kaushal
1) Anisha Kaushal W/o Sh. Vivek Kaushal, R/o House No. 157, Jarnail Enclave, Phase 1, Bhabt Road, Zirakpur, Distt. SAS Nagar, 140603
2nd Address C/o M/S Ekam General Stores, Shop No.11, Ground Floor, Deep Complex, Old MC Road, Main Market, Zirakpur, Distt. SAS Nagar
Whereas It Has Been Proved to the Satisfaction of this court that you the accused above named cannot be served in the Ordinary Way of Service. Hence this Proclamation Under Section 82 CRPC is hereby issued against you with a direction that you should appear personally before the court on 03-05-2025 at 10:00 a.m. or within 30 days from the date of publication of this proclamation. Take notice that, in default of your part to appear as directed above the above said case will be heard and determined as per Law, in your absence given under my hand and seal of the court
For details log on to https://highcourtchd.gov.in/?trs=district_notice&district=ludhiana
Judicial Magistrate 1st Class, Ludhiana
Dated, this day of 17.02.2025

COURT NOTICE

(U/o 5 Rule 20 CPC)
In the Court of Sh. Manu Mittu
Additional Civil Judge (Senior Division), Budhlada
Next Date, Purpose of case, Orders and Judgments as well as other case information is available on http://ecourts.gov.in
CNR No. : PBMNA0-000557-2024
Next Date:- 28-03-2025
Charanjit Singh
Vs.
Harveen Kaur
Publication Issued To:
1. Harveen Kaur W/o Palwinder Singh R/o House No. 1293, Gurudwara Road, Jawahar Colony, Faridabad-121001, 2. Naminder Kaur W/o Harpal Singh R/o L-2/112, New Mahavir Nagar, New Delhi-110018, 3. Shaminder Kaur W/o Vikas Sagar, R/o WZ 88, Ram Nagar Extension, Tilak Nagar, New Delhi-110018, 4. Jasleen Kaur D/o Anoop Singh, R/o WZ 88, Ram Nagar Extension Tilak Nagar, New Delhi-110018.
Whereas it has been proved to the satisfaction of the Court that the defendant(s)/ respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 28-03-2025 at 10:00 a.m.
Take notice that, in default of his/their appearance on the day before mentioned, the above said case will be heard and determined in his/their absence according to law.
Given under my hand and the seal of the Court, this 15-02-2025.
Additional Civil Judge (Senior Division) Budhlada

ਨਿਲਾਮੀ ਨੋਟਿਸ

ਦੀ ਬਿਲਾਸਪੁਰ ਬਹੁਮੰਤਵੀ ਖੇਤੀਬਾੜੀ ਸੇਵਾ ਸਭਾ ਲਿਮ: ਬਿਲਾਸਪੁਰ ਮਿਤੀ 12.03.25 ਦਿਨ ਬੁੱਧਵਾਰ ਨੂੰ ਕੰਪਿਊਟਰ ਕਰਾਹ, ਜ਼ੀਰੋ ਡਰਿੱਲ, ਰੋਟਾਵੇਟਰ 8 ਫੁੱਟ ਆਦਿ ਦੀ ਨਿਲਾਮੀ ਸਭਾ ਦੇ ਦਫਤਰ ਵਿਚ ਸਵੇਰੇ 11.00 ਵਜੇ ਰੱਖੀ ਗਈ ਹੈ। ਇਸ ਦੀ ਸਕਿਉਰਿਟੀ ਜਮ੍ਹਾਂ ਕਰਵਾ ਕੇ ਬੋਲੀਕਾਰ ਬੋਲੀ ਲਾ ਸਕਦਾ ਹੈ। ਸਬ ਕਮੇਟੀ ਦਾ ਫੈਸਲਾ ਅੰਤਿਮ ਹੋਵੇਗਾ। ਸੰਪਰਕ ਨੰ: 98766-53397, 99144-28323.

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਦਸੂਹਾ
Email I.D. tehsildasuya@gmail.com
ਵਿਸ਼ਾ: ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ।
ਨੋਟਿਸ ਬਨਾਮ : ਜਨਰਲ ਪਬਲਿਕ
ਨਿਮਨ ਹਸਤਾਖਰ ਪਾਸ ਸ੍ਰੀ ਜਤਿੰਦਰ ਸਿੰਘ ਪੁੱਤਰ ਦਸੌਧੀ ਰਾਮ ਵਾਸੀ ਪਿੰਡ ਡਡਿਆਲ ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਨੇ ਇਕ ਦਰਖਾਸਤ ਦਿੱਤੀ ਹੈ ਕਿ ਮਾਲ ਰਿਕਾਰਡ ਵਾਕਿਆ ਰਕਬਾ ਪਿੰਡ ਨੇਕਨਾਮਾ ਸੋਸੋਂ/638 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਸ ਦਾ ਨਾਂਅ ਰਛਪਾਲ ਸਿੰਘ ਪੁੱਤਰ ਦਸੌਧੀ ਰਾਮ ਗਲਤ ਚੱਲਿਆ ਆ ਰਿਹਾ ਹੈ, ਜਦ ਕਿ ਉਸ ਦਾ ਅਸਲ ਨਾਂਅ ਸ੍ਰੀ ਜਤਿੰਦਰ ਸਿੰਘ ਪੁੱਤਰ ਦਸੌਧੀ ਰਾਮ ਹੈ। ਪ੍ਰਾਰਥੀ ਵੱਲੋਂ ਦਰਖਾਸਤ ਨਾਲ ਆਪਣੇ ਆਧਾਰ ਕਾਰਡ, ਪੈਨ ਕਾਰਡ ਅਤੇ ਬੈਂਕ ਦੀ ਕਾਪੀ ਆਦਿ ਦੀਆਂ ਕਾਪੀਆਂ ਸਬੂਤ ਵਜੋਂ ਪੇਸ਼ ਕੀਤੀਆਂ ਹਨ। ਪ੍ਰਾਰਥੀ ਦੀ ਦਰਖਾਸਤ ਅਤੇ ਦਸਤਾਵੇਜ਼ਾਂ ਦੇ ਆਧਾਰ 'ਤੇ ਮਾਲ ਰਿਕਾਰਡ ਪਿੰਡ ਨੇਕਨਾਮਾ ਸੋਸੋਂ/638 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੰਜਾਬ ਸਰਕਾਰ ਮਾਲ ਪੁਨਰਵਾਸ ਅਤੇ ਡਿਜ਼ਾਸਟਰ ਮੈਨੇਜਮੈਂਟ ਵਿਭਾਗ, ਚੰਡੀਗੜ੍ਹ ਦੇ ਮੀਮੋ ਨੰਬਰ 25/78/2012-ਭ.ਮ.-2/12445-71 ਮਿਤੀ 26.07.2013 ਮੁਤਾਬਕ ਨਾਂਅ ਦੀ ਸੋਧ ਕੀਤੀ ਜਾਣੀ ਹੈ। ਇਸ ਨਾਂਅ ਦੀ ਸੋਧ ਦੇ ਸੰਬੰਧ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ-ਸਮਾਇਤ ਨਹੀਂ ਹੋਵੇਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।
ਅੱਜ ਮਿਤੀ 21.2.2025 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਦੇ ਨਾਲ ਜਾਰੀ ਹੋਇਆ।
ਸਹਾਇਕ ਕੁਲੈਕਟਰ ਦਰਜਾ ਅੱਵਲ ਦਸੂਹਾ।
ਨੰ: 1437/ ਆਰ-1 ਮਿਤੀ : 21.02.25

COURT NOTICE

In the Court of
Sh. Parsmeet Rishi
Additional Civil Judge (Sr. Divn.), Amloh (P)
CNR NO. PBFGA0-000049-2025
NEXT DATE: 11.03.2025
Petition U/S 8 Of Hindu Minority And Guardianship Act, 1956
Davinder Kaur
Aged About 35 Years Wife Of Late Ravinder Singh Son Of Natha Singh Resident Of # 87, Sector 21-a Mandi Gobindgarh, Tehsil Amloh, Distt. Fatehgarh Sahib Next Friend, Natural Guardian And Mother Of Minor Divanshu Dhiman Aged About 14 Years Son Of Late Ravinder Singh Son Of Natha Singh, Resident Of # 87, Sector 21-a, Mandi Gobindarh, Tehsil Amloh, District Fatehgarh Sahib
Versus
General Public
Publication Issued To
General Public.
In above titled case, the above named defendant/General Public could not be served. It is ordered that above named defendant/ General Public appear himself or through counsel on 11.03.2025 at 10:00 a.m.
For details logon to https://highcourtchd.gov.in/?trs=district notice & district=Fatehgarh Sahib
Additional Civil Judge (Sr. Divn.) Amloh (P)
Dated, this day of 19.02.2025

COURT NOTICE

In the Court of
Ms. Jasleen Narang
Judicial Magistrate 1st Class, Ludhiana
CNR No. PBLD03-039225-2021
COMA/13181/2021
(Complaint-138 Negotiable Instrument Act)
Shriram Transport Finance Co.
V/S
Satwinder Singh
1) Satwinder Singh R/O H.No. 565, MilG Flats Dashmesh Nagar, Ward No. 37 Millarganj, Guru Teg Bahadur Gurudwara, Ludhiana Punjab 80541-97965
2. Yogesh Kumar S/o Vinod Kumar R/o Mohalla Purian, Nr. Gurudwara, Malerkotla, Sangrur, Punjab
Whereas It Has Been Proved to the Satisfaction of this court that you the accused above named cannot be served in the Ordinary Way of Service. Hence this Proclamation Under Section 82 CRPC is hereby issued against you with a direction that you should appear personally before the court on 02-05-2025 at 10:00 a.m. or within 30 days from the date of publication of this proclamation. Take notice that, in default of your part to appear as directed above the above said case will be heard and determined as per Law, in your absence given under my hand and seal of the court.
For details logon to https://highcourtchd.gov.in/?trs=district_notice&district=ludhiana
Judicial Magistrate 1st Class, Ludhiana
Dated, this day of 17.02.2025

ਪਬਲਿਕ ਨੋਟਿਸ

ਦੀ ਝੇੱਲਾ ਆਮਦਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਝੇੱਲਾ ਆਮਦਾ ਵਿਖੇ ਸੇਲਜ਼ਮੈਨ ਦੀ ਭਰਤੀ ਕੀਤੀ ਜਾਣੀ ਹੈ। ਭਰਤੀ ਸੰਬੰਧੀ ਯੋਗਤਾ (1) ਉਮੀਦਵਾਰ ਦੀ ਉਮਰ 18 ਤੋਂ 37 ਸਾਲ ਹੋਵੇ (2) ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਦੀ ਡਿਗਰੀ ਅਤੇ ਦਸਵੀਂ ਪੱਧਰ ਦੀ ਪੰਜਾਬੀ (3) ਭਾਰਤ ਸਰਕਾਰ ਦੇ ਇਲੈਕਟ੍ਰੋਨਿਕਸ ਵਿਭਾਗ ਦੇ 'ਓ' ਲੇਵਲ ਦੇ ਸਰਟੀਫਿਕੇਟ ਦਾ ਕੋਰਸ ਜਾਂ ਕੋਈ ਸੰਸਥਾ ISO-9001 ਪ੍ਰਵਾਨਿਤ ਅਨੁਸਾਰ ਘੱਟੋ-ਘੱਟ 120 ਘੰਟੇ ਦਾ ਪਰਸਨਲ ਕੰਪਿਊਟਰ ਦਾ ਕੋਰਸ (4) ਪੇਂਡੂ ਪਿਛੋਕੜ ਅਤੇ ਸਭਾ ਦੇ ਦਾਇਰਾ ਕਾਰੋਬਾਰ ਦਾ ਨਿਵਾਸੀ (5) ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀ ਨੂੰ ਆਪਣੀ ਨਿਯੁਕਤੀ ਦੇ ਸਮੇਂ ਪ੍ਰਬੰਧਕ ਕਮੇਟੀ ਵੱਲੋਂ ਦਰਸਾਈ ਗਈ ਜ਼ਮਾਨਤ ਉਮੀਦਵਾਰ ਨੂੰ ਗਾਰੰਟੀ ਦੇ ਤੌਰ 'ਤੇ ਦੇਣੀ ਪਵੇਗੀ। ਉਮੀਦਵਾਰ ਆਪਣੀ ਅਰਜ਼ੀ ਨਾਲ ਆਪਣੀ ਯੋਗਤਾ ਸੰਬੰਧੀ ਸਰਟੀਫਿਕੇਟ ਦੀਆਂ ਤਸਦੀਕਸ਼ੁਦਾ ਕਾਪੀਆਂ, ਪਾਸਪੋਰਟ ਸਾਈਜ਼ ਫੋਟੋ ਅਤੇ ਹਲਫੀਆ ਬਿਆਨ ਸਭਾ ਦੇ ਦਫਤਰ ਵਿਖੇ ਮਿਤੀ 10.03.2025 ਸ਼ਾਮ 5 ਵਜੇ ਤੱਕ ਦਸਤੀ ਅਤੇ ਡਾਕ ਰਾਹੀਂ ਕਿਸੇ ਵੀ ਕੰਮ-ਕਾਜ ਦੇ ਦਿਨ ਜਮ੍ਹਾਂ ਕਰਵਾ ਸਕਦੇ ਹਨ। ਭਰਤੀ ਪ੍ਰਕਿਰਿਆ ਸੰਬੰਧੀ ਕੋਈ ਵੀ ਜਾਣਕਾਰੀ ਕਿਸੇ ਵੀ ਕੰਮ-ਕਾਜ ਦੇ ਦਿਨ ਸਭਾ ਦੇ ਦਫ਼ਤਰ ਵਿਖੇ ਹਾਜ਼ਰ ਹੋ ਕੇ ਜਾਂ 87289-95600/98148-95312 'ਤੇ ਸੰਪਰਕ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਉਮੀਦਵਾਰ ਦੀ ਭਰਤੀ ਕਰਨ ਜਾਂ ਨਾ ਕਰਨ ਸੰਬੰਧੀ ਦਾ ਹੱਕ ਸਿਲੈਕਸ਼ਨ ਕਮੇਟੀ ਕੋਲ ਰਾਖਵਾਂ ਹੋਵੇਗਾ।

ਪੰਜਾਬ ਨੈਸ਼ਨਲ ਬੈਂਕ punjab national bank

ਬਰਾਂਚ : ਕਿਸ਼ਨਪੁਰਾ ਚੌਕ (222700), ਜਲੰਧਰ-144001

ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆ ਲਈ ਨੋਟਿਸ

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ : ਕਿਸ਼ਨਪੁਰਾ (222700), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

SR NO.	LOCKER NO.	ਨਾਂਅ	ਬਰਾਂਚ
1	AA00081	ਬਿਪਨ ਚੰਦ ਪੁੱਤਰ ਗਿਆਨ ਚੰਦ	ਪੀ ਐੱਨ ਬੀ ਕਿਸ਼ਨਪੁਰਾ ਚੌਕ, ਜਲੰਧਰ
2	AC00194	ਦਲਜੀਤ ਕੌਰ ਅਤੇ ਸਵਰਨ ਕੌਰ	ਪੀ ਐੱਨ ਬੀ ਕਿਸ਼ਨਪੁਰਾ ਚੌਕ, ਜਲੰਧਰ

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਕਿਰਾਇਆ ਬੈਂਕ ਦੀਆਂ ਗਾਈਡ ਲਾਈਨਜ਼ ਅਨੁਸਾਰ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 19.02.2025 ਸਥਾਨ : ਜਲੰਧਰ **ਪੰਜਾਬ ਨੈਸ਼ਨਲ ਬੈਂਕ**

ਕਲਾਸੀਫਾਈਡ ਇਸ਼ਤਿਹਾਰ

Change of Name

I, Gurjit Kaur W/o. Kuldeep Singh, VPO.+ Tehsil Baba Bakala Sahib, (Amritsar) have changed my name from Gurjit Kaur to Gurjeet Kaur. Concerned Note.

I, Gourav Kumar S/o Raj kumar R/o 124/9 Bhargo Camp Jalandhar declare that Gourav is my Given name and Kumar is my Surname.

I, Gurbux Singh S/O Bawa Singh, V.P.O, Rurka Kalan Tehsil Phillaur, Distt. Jalandhar 144031, Have Change My Name Gurbakhsh Singh. All Concened Please Note.

I, Lalita Kumari W/o Kewal Krishan Kapoor R/o 19 Friends Colony, Taylor Road, Opp Gandhi Ground, Amritsar, Punjab have changed my name after marriage from Lalita Kumari to Lalita Kapoor.

I, Varinder Singh S/o Tarsem Singh R/o Village Bajjumaan, PO Adda Jaintipur, Teh. Batala, Distt. Gurdaspur, Punjab-143505 have changed my name from Varinder Singh to Singh is my surname and Varinder is my given name.

I, Shamsher Singh S/o Pargat Singh R/o Village Chak Patti Balu Bhadar, PO. Kabirpur, Tehsil Sultanpur Lodhi, Distt. Kapurthala, have changed my name from Shamsher Singh to Singh Shamsher. All concerned please note.

I, Paramjit Kaur W/o Dilbag Singh R/o Village Miani Bahadur, Tehsil Sultanpur Lodhi, Distt. Kapurthala have changed my name from Paramjit Kaur to Kaur Paramjit. All concerned please note.

I, Amarjit S/o Sodhi Ram R/o Village Boothgarh, PO Ram Colony Camp Distt. Hoshiarpur Punjab have changed my name from Amarjit to Amarjit Singh. Concerned note.

I, Amandip Kaur W/O Gulzar Singh R/O VPO Bhakna Kalan, Amritsar, Punjab have changed my name from Amandip Kaur to Amandeep Kaur for all future purposes and inform that Amandeep as my Given name and Kaur as my Surname.

I, Guljar Singh S/O Randhir Singh R/O VPO Bhakna Kalan, Amritsar, Punjab have changed my name from Guljar Singh to Gulzar Singh for all future purposes and inform that Gulzar as my Given name and Singh as my Surname.

I Neelam W/o Rajinder Kumar,R/o H.no. 363 Katehra Mohalla,Basti Bawa khel,Jalandhar have changed my name from Neelam to Neelam Rani.All concerned please note.

I Rajni W/o Prem Nath R/O H. No. 204, VPO. Jhander, Mehlanwala, Amritsar Have Changed My Name From Rajni To Raj Rani.all Concerned May Please Note.

I, Rachna Chhabra W/o Sh. Jatin Kumar, R/o House No. B-31-1136/18-B, Street No. 7, 33 Feet Road, Mundian Kalan, Ludhiana hereby declare that I have changed my name from Rachna to Rachna Chhabra for all purpose.

I Surinder Pal S/o Baldev Raj Resident Of H.No. 70 VPO Lidhran, Jalandhar Punjab India, Have Changed My Name From Surinder Pal to Pal Surinder (Surname as Pal). All please note.

I, Harjit Singh Luthra S/o Bhupinder Singh R/o 34, Mall Avenue, Mall Road, Amritsar have changed my name from Harjit Singh Luthra to Harjit Singh.

I, Kamal Bala W/o Narinder Kumar Kanwar R/o A-361, Ranjit Avenue, Amritsar have changed my name from Kamal Bala to Kamal Bala Kanwar.

I, Pargat Singh Sokhal and Pargat Singh S/o Parem Singh R/o Plot No.8, Gali No.19, Sahibjada Fateh Singh Nagar O/s Gate Hakima, Bhardhiwal Amritsar have declare that above both names are mine one and same person.

I, Sunil Kumar S/o Ishwar Kumar R/o 8 G-Line Bhalla Colony Chheharta, Amritsar have declare that my father was known by two names Ishwar Kumar and Ishwar Chand. He was one and same person

I, Amandeep Singh Dadwal S/o Kulbir Singh R/O Vill Dheera Kot Po Gehri Mandi District Amritsar have changed my name from Amandeep Singh Dadwal to Amandeep Singh.

I, Amardeep Kour Dadwal W/o Amandeep Singh R/o Vill Dheera Kot, PO Gehri Mandi District Amritsar have changed my name from Amardeep Kour Dadwal to Amardeep Kour.

I Amardeep Kaur W/o Amandeep Singh R/o Vill Dheera Kot PO Gehri Mandi District Amritsar have changed my name from Amardeep Kaur to Amardeep Kour.

I, Susheel Vats S/o R.G. Sharma, R/o House No-1739, Urban Estate, Ward No-9, Near C.C.A. School, Sector- 4, Gurgain, Haryana-122001, I have changed the name of my minor Son Luv Vats aged about 13 Years and He shall hereafter be known as Laksh Vats.

I, Manju Rani alias Manju Vohra, W/O Avtar Singh R/o House No-D14/1044, Ward No-6, Street No- 4, Near Bhwani Model School, Grewal Colony, Ludhiana, Punjab- 141007. have changed my

22-FEB-PAGE-7.qxd 2/21/2025 11:05 PM Page 1

ਸਿਵਲ ਸਰਜਨ ਨੇ ਹਸਪਤਾਲ ਦਾ ਦੌਰਾ ਕਰ ਸਿਹਤ ਸੇਵਾਵਾਂ ਦਾ ਲਿਆ ਜਾਇਜ਼ਾ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਤਹਿਤ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਸੰਜੇ ਕਾਮਰਾ ਨੇ ਐੱਸ ਐੱਚ ਡੀ ਸੁਨਾਮ, ਊਧਮ ਸਿੰਘ ਵਾਲਾ ਦੀ ਅਚਨਚੇਤ ਚੈਕਿੰਗ ਕੀਤੀ।ਇਸ ਚੈਕਿੰਗ ਦੌਰਾਨ ਹਸਪਤਾਲ ਦੀ ਓ.ਪੀ.ਡੀ., ਆਪ੍ਰੇਸ਼ਨ ਥੀਏਟਰ, ਵਾਰਡ, ਐਮਰਜੰਸੀ ਸਿਹਤ ਸੇਵਾਵਾਂ, ਜੱਚਾ-ਬੱਚਾ ਸਿਹਤ ਸੇਵਾਵਾਂ, ਲੈਬ, ਆਈ.ਸੀ.ਟੀ.ਸੀ. ਸੈਂਟਰ ਆਦਿ ਦਾ ਨਿਰੀਖਣ ਕੀਤਾ।ਉਨ੍ਹਾਂ ਵਾਰਡ ਵਿੱਚ ਦਾਖਲ ਮਰੀਜ਼ਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਬਾਰੇ ਪੁੱਛ-ਗਿੱਛ ਕੀਤੀ। ਉਨ੍ਹਾਂ ਦਾਖਲ ਮਰੀਜ਼ਾਂ ਨੂੰ ਕਿਹਾ ਕਿ ਜੇਕਰ ਉਨ੍ਹਾਂ ਨੂੰ ਸਿਹਤ ਸੇਵਾਵਾਂ ਲੈਣ ਵਿੱਚ ਕੋਈ ਮੁਸ਼ਕਲ ਆਈ ਹੋਵੇ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ।ਉਨ੍ਹਾ ਹਸਪਤਾਲ ਦੀ ਸਾਫ ਸਫਾਈ ਵੱਲ ਵਿਸ਼ੇਸ਼ ਧਿਆਨ ਦੇਣ ਤੇ ਮਰੀਜ਼ਾਂ ਨੂੰ ਸਾਰੀਆਂ ਲੋੜੀਂਦੀਆਂ ਦਵਾਈਆਂ ਹਸਪਤਾਲ ਦੇ ਅੰਦਰੋਂ ਹੀ ਉਪਲਬਧ ਕਰਾਉਣ ਲਈ ਕਿਹਾ।ਉਨ੍ਹਾਂ ਸੰਸਥਾਗਤ ਜਣੇਪੇ ਵਧਾਉਣ 'ਤੇ ਜ਼ੋਰ ਦੇਣ ਲਈ ਕਿਹਾ।ਡਾ: ਸੰਜੇ ਕਾਮਰਾ ਨੇ ਸਮੂਹ ਸਟਾਫ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਆਪੋ ਆਪਣੀ ਡਿਊਟੀ ਮਿਹਨਤ, ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣੀ ਯਕੀਨੀ ਬਣਾਉਣ ਅਤੇ ਹਸਪਤਾਲ ਵਿੱਚ ਇਲਾਜ ਕਰਾਉਣ ਲਈ ਆਏ ਮਰੀਜ਼ਾਂ ਨਾਲ ਆਪਣਾ ਵਿਵਹਾਰ ਚੰਗਾ ਰੱਖਣ ਤੇ ਸਰਕਾਰ ਆਮ ਲੋਕਾਂ ਲਈ ਉਪਲਬਧ ਸਾਰੀਆਂ ਸਿਹਤ ਸਹੂਲਤਾਂ ਉਨ੍ਹਾਂ ਨੂੰ ਪ੍ਰਦਾਨ ਕਰਨੀਆਂ ਯਕੀਨੀ ਬਣਾਉਣ।ਇਸ ਮੌਕੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ. ਅੰਕੁ ਜੈਨ, ਡਾ. ਚਮਨਦੀਪ ਸਿੰਘ ਰੇਖੀ, ਡਾ. ਪਾਵੇਲ ਸਿੰਘ, ਡਾ. ਅਮਿਤ ਸਿੰਗਲਾ, ਡਾ. ਪ੍ਰਭਜੋਤ ਸਿੰਘ, ਡਾ. ਲਵੀਨ ਸਿੰਗਲਾ, ਡਾ. ਕਾਮਨੀ ਸਿੰਗਲਾ, ਜ਼ਿਲ੍ਹਾ ਸਮੂਹ ਸਿੱਖਿਆ ਅਫਸਰ ਕਰਨੈਲ ਸਿੰਘ, ਸੀਨੀਅਰ ਫਾਰਮੇਸੀ ਅਫਸਰ ਲਾਲ ਚੰਦ ਸਿੰਗਲਾ ਤੇ ਸਮੂਹ ਸਟਾਫ ਹਾਜ਼ਰ ਸੀ।

ਕਾਮਰੇਡ ਗੁਰਮੀਤ ਮੋਹਲਾਂ ਦੀ ਯਾਦ 'ਚ ਦੇਸ਼ ਭਗਤੀ ਸੈਮੀਨਾਰ

ਮਲੋਟ (ਗੁਰਮੀਤ ਸਿੰਘ ਮੱਕੜ)-ਕਾਮਰੇਡ ਗੁਰਮੀਤ ਮੋਹਲਾਂ ਦੀ ਯਾਦ ਵਿੱਚ ਸੀ.ਜੀ.ਐੱਮ. ਕਾਲਜ ਮੋਹਲਾਂ ਵਿੱਚ ਐੱਨ.ਐੱਸ.ਐੱਸ. ਵਿਭਾਗ ਵੱਲੋਂ ਦੇਸ਼-ਭਗਤੀ ਦਾ ਸੈਮੀਨਾਰ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਕਾਲਜ ਚੇਅਰਮੈਨ ਸੱਤਪਾਲ ਮੋਹਲਾਂ ਨੇ ਕਿਹਾ ਕਿ ਕਾਮਰੇਡ ਗੁਰਮੀਤ ਮੋਹਲਾਂ ਨੇ ਦੇਸ਼ ਦੇ ਗਰੀਬ ਮਜ਼ਦੂਰਾਂ, ਛੋਟੇ ਕਿਸਾਨਾਂ, ਦੁਕਾਨਦਾਰਾਂ ਤੇ ਆਰਥਿਕ ਹਾਲਾਤਾਂ ਨੂੰ ਚੰਗੇ ਬਣਾਉਣ ਲਈ ਸੰਘਰਸ਼ ਕਰਨ ਦੇ ਨਾਲ-ਨਾਲ ਦੇਸ਼ ਅੰਦਰ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਣ ਤੇ ਸਦਭਾਵਨਾ ਦਾ ਨਾਅਰਾ ਬੁਲੰਦ ਕੀਤਾ। ਉਨ੍ਹਾ ਸਾਰੀ ਉਮਰ ਸਮਾਜ ਨੂੰ ਚੰਗੇ ਬਣਾਉਣ ਲਈ ਸੰਘਰਸ਼ ਦੇ ਲੇਖੇ ਲਾਈ। ਉਨ੍ਹਾਂ ਦੀ ਯਾਦ ਵਿੱਚ ਕਾਲਜ ਬਣਾਉਣ ਦਾ ਉਨ੍ਹਾਂ ਦਾ ਸੁਪਨਾ ਸੀ ਕਿ ਇਲਾਕੇ ਦੇ ਲੋਕ ਦੂਰ-ਦੁਰਾਡੇ ਜਾਣ ਦੀ ਬਜਾਏ ਨਜ਼ਦੀਕ ਬਣਾਇਆ ਜਾਵੇ, ਜਿੱਥੋਂ ਪਿੰਡਾਂ ਦੇ ਬੱਚੇ ਉੱਚ ਸਿੱਖਿਆ ਪ੍ਰਾਪਤ ਕਰਕੇ ਚੰਗੇ ਅਹੁਦੇ ਹਾਸਲ ਕਰ ਸਕਣ। ਪ੍ਰਿੰਸੀਪਲ ਡਾ. ਬਲਜੀਤ ਸਿੰਘ ਨੇ ਕਿਹਾ ਕਿ ਸਮਾਜ ਨੂੰ ਬੰਧਿਕ ਕੰਗਾਲੀ 'ਚ ਕੱਢਣ ਲਈ ਸਾਨੂੰ ਕਿਤਾਬਾਂ ਦਾ ਸਹਾਰਾ ਲੈਣਾ ਚਾਹੀਦਾ ਹੈ। ਵਿਦੇਸ਼ਾਂ ਵਿੱਚ ਜਾ ਕੇ ਅਸੀਂ ਧੱਕੇ ਨਾ ਖਾਈਏ, ਸਗੋਂ ਆਪਣੇ ਦੇਸ਼ ਵਿੱਚ ਰਹਿ ਕੇ ਹੀ ਰੁਜ਼ਗਾਰ ਦੇ ਮੌਕੇ ਪੈਦਾ ਕਰੀਏ ਅਤੇ ਆਪਣੇ ਦੇਸ਼ ਦਾ ਵਿਕਾਸ ਕਰੀਏ। ਕਾਲਜ ਮੈਨੇਜਮੈਂਟ ਕਮੇਟੀ ਮੈਂਬਰ ਨਵਜੀਤ ਮੋਹਲਾਂ, ਜਗਤਾਰ ਬਰਾੜ ਤੇ ਰਾਜ ਕੁਮਾਰ ਨੇ ਇਸ ਸੈਮੀਨਾਰ ਦੀ ਸ਼ਲਾਘਾ ਕੀਤੀ। ਇਸ ਮੌਕੇ ਐੱਨ.ਐੱਸ.ਐੱਸ. ਇੰਚਾਰਜ ਪ੍ਰੋ. ਗਗਨਦੀਪ ਸਿੰਘ, ਸਰਪੰਚ ਜਸਪਾਲ ਸਿੰਘ ਸੰਧੂ, ਪ੍ਰੋ. ਨਿਰਮਲ ਕੌਰ, ਪ੍ਰੋ. ਜਰਮਨਬੀਰ ਸਿੰਘ, ਪ੍ਰੋ. ਸੁਮਨ ਗਾਂਧੀ, ਪ੍ਰੋ. ਪਵਨਪ੍ਰੀਤ ਸਿੰਘ, ਪ੍ਰੋ. ਡਿੱਕੀਪਾਲ ਸਿੰਘ, ਪ੍ਰੋ. ਮਨਦੀਪ ਕੌਰ, ਪ੍ਰੋ. ਪ੍ਰਿਯੰਕਾ ਰਾਣੀ, ਪ੍ਰੋ. ਪਵਨਦੀਪ ਕੌਰ, ਪ੍ਰੋ. ਸਤਵੀਰ ਕੌਰ, ਪ੍ਰੋ. ਗੁਰਜੀਤ ਕੌਰ ਹਾਜ਼ਰ ਸਨ।

ਸਮਾਜ ਸੇਵੀ ਕਰਮਜੀਤ ਸਿੰਘ ਸੈਦੋਕੇ ਦਾ ਸਨਮਾਨ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਮੀਤ ਪ੍ਰਧਾਨ ਮੁਖਤਿਆਰ ਸਿੰਘ ਦੀਨਾ ਸਾਹਿਬ ਦੀ ਅਗਵਾਈ ਹੇਠ ਉੱਘੇ ਸਮਾਜ ਸੇਵੀ ਕਰਮਜੀਤ ਸਿੰਘ ਧਾਲੀਵਾਲ ਸੈਦੋਕੇ ਦਾ ਸਮਾਜ ਦੀ ਬਿਹਤਰੀ ਲਈ ਕੀਤੇ ਜਾ ਰਹੇ ਕਾਰਜਾਂ ਨੂੰ ਮੁੱਖ ਰੱਖਦੇ ਹੋਏ ਉਚੇਚੇ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਮੁਖਤਿਆਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਨੇ ਵੱਡੇ ਪੱਧਰ 'ਤੇ ਗਰੀਬ ਬੱਚਿਆਂ ਦੀ ਪੜ੍ਹਾਈ ਦਾ ਮੁਕੰਮਲ ਖਰਚਾ ਚੁੱਕਿਆ ਤੇ ਪ੍ਰਾਇਮਰੀ ਸਕੂਲ ਦੇ ਪੰਜਵੀਂ ਤੱਕ ਬੱਚਿਆਂ ਦੀ ਫ੍ਰੀ ਪੜ੍ਹਾਈ ਦੀ ਜ਼ੁੰਮੇਵਾਰੀ ਲਈ ਅਤੇ ਹੋਰ ਕਈ ਧਾਰਮਿਕ ਅਸਥਾਨਾਂ ਦੀ ਸੇਵਾ ਕਰਵਾਈ।ਉਨ੍ਹਾ ਦੱਸਿਆ ਕਿ ਸਾਡੇ ਪਿੰਡ ਦੀਨਾ ਸਾਹਿਬ ਵਿਖੇ ਵੀ ਕਰਮਜੀਤ ਸਿੰਘ ਧਾਲੀਵਾਲ ਸੈਦੋਕੇ ਦੀ ਪ੍ਰੇਰਣਾ ਸਦਕਾ ਜਫਰਨਾਮਾ ਸਾਹਿਬ ਪਾਰਕ ਦਾ ਕੰਮ ਚੱਲ ਰਿਹਾ ਹੈ, ਜਿਸ ਦਾ ਆਉਦੇ ਦਿਨਾਂ ਵਿੱਚ ਉਦਘਾਟਨੀ ਸਮਾਰੋਹ ਵਿੱਚ ਇਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਚੇਅਰਮੈਨ ਖਣਮੁਖ ਭਾਰਤੀ ਪੱਤੋ, ਨੰਬਰਦਾਰ ਜਗਜੀਤ ਸਿੰਘ ਖਾਈ, ਪ੍ਰਧਾਨ ਰੁਪਿੰਦਰ ਸਿੰਘ ਦੀਦਾਰੇ ਵਾਲਾ, ਪ੍ਰਧਾਨ ਕੁਲਜੀਤ ਸਿੰਘ ਭਾਗੀਕੇ, ਪ੍ਰਧਾਨ ਰਾਮ ਸਿੰਘ ਪੱਤੋ ਹੀਰਾ ਸਿੰਘ, ਪ੍ਰਧਾਨ ਰੁਪਿੰਦਰ ਸਿੰਘ ਦੀਨਾ, ਸੁਖਦੀਪ ਸਿੰਘ ਬਰਾੜ ਦੀਨਾ, ਪ੍ਰਧਾਨ ਸੁਖਮੰਦਰ ਸਿੰਘ ਦੀਨਾ, ਪ੍ਰਧਾਨ ਜਗਸੀਰ ਸਿੰਘ, ਬਲਾਕ ਬਲਾਕ ਪ੍ਰਧਾਨ ਮਨਜੀਤ ਸਿੰਘ ਖੋਟੇ, ਸਰਪੰਚ ਕਾਕਾ ਬਰਾੜ ਬਾਰੇ ਵਾਲਾ, ਸਰਪੰਚ ਭਗਵੰਤ ਸਿੰਘ ਗਾਜੀਆਣਾਂ ਆਦਿ ਸ਼ਾਮਲ ਹੋਏ।

ਡਿਜੀਟਲ ਮੀਡੀਆ 'ਚ ਕੰਮ ਕਰਦੇ ਵਿਅਕਤੀਆਂ ਦੀ ਅਹਿਮ ਇਕੱਤਰਤਾ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਹਲਕਾ ਨਿਹਾਲ ਸਿੰਘ ਵਾਲਾ ਦੇ ਮਧੇਕੇ ਚੌਕ ਵਿੱਚ ਡਿਜੀਟਲ ਮੀਡੀਆ ਵਿੱਚ ਕੰਮ ਕਰਦੇ ਵਿਅਕਤੀਆਂ ਦੀ ਅਹਿਮ ਇਕੱਤਰਤਾ ਬਰਨਾਲਾ ਰੋਡ ਨਿਹਾਲ ਸਿੰਘ ਵਾਲਾ ਵਿਖੇ ਜਸਵਿੰਦਰ ਸਿੰਘ ਛਿੰਦਾ ਦੇ ਦਫਤਰ ਵਿਖੇ ਹੋਈ। ਇਸ ਮੌਕੇ ਪ੍ਰਧਾਨ ਗੁਰਚਰਨ ਸਿੰਘ ਰਾਜੂ ਪੱਤੋ ਵੱਲੋਂ ਏਜੰਡਾ ਪੇਸ਼ ਕੀਤਾ ਗਿਆ।ਡਿਜੀਟਲ ਮੀਡੀਆ 'ਤੇ ਕੰਮ ਕਰਦੇ ਵਿਅਕਤੀਆਂ ਦੀਆਂ ਜ਼ਿਲ੍ਹਾ ਤੇ ਬਲਾਕ ਪੱਧਰੀ ਕਮੇਟੀਆਂ ਦਾ ਗਠਨ ਕਰਨ ਸਬੰਧੀ ਅਤੇ ਸਮੱਸਿਆਵਾਂ ਦੇ ਨਿਪਟਾਰੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਸਬੰਧੀ ਹਾਜ਼ਰ ਵਿਅਕਤੀਆਂ ਵੱਲੋਂ ਹਸਤਾਖਰ ਕਰਕੇ ਆਪਣੇ ਕੀਮਤੀ ਸੁਝਾਅ ਦਿੱਤੇ ਗਏ ਅਤੇ ਸਰਬਸੰਮਤੀ ਨਾਲ ਫੈਸਲੇ ਕੀਤੇ ਗਏ।ਡਿਜੀਟਲ ਮੀਡੀਆ ਕਲੱਬ ਦੇ ਨਾਂਅ 'ਤੇ ਜ਼ਿਲ੍ਹਾ ਪੱਧਰੀ ਤਿੰਨ ਮੈਂਬਰੀ ਕਮੇਟੀ ਦਾ ਗਠਨ ਕੀਤਾ ਜਾਵੇ, ਜਿਸ ਦੀ ਅਗਵਾਈ ਵਿੱਚ ਜ਼ਿਲ੍ਹਾ ਪੱਧਰੀ ਮੈਂਬਰਸ਼ਿਪ ਮੁਹਿਮ ਚਲਾਈ ਜਾਵੇਗੀ ਅਤੇ 5 ਅਪ੍ਰੈਲ ਨੂੰ ਜ਼ਿਲ੍ਹਾ ਪੱਧਰੀ ਤੇ ਬਲਾਕ ਪੱਧਰੀ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ।ਇਹ ਵੀ ਫੈਸਲਾ ਕੀਤਾ ਗਿਆ ਕਿ ਇਸ ਸੰਸਥਾ ਦਾ ਨਾਂਅ ਡਿਜੀਟਲ ਮੀਡੀਆ ਕਲੱਬ ਰੱਖਿਆ ਜਾਵੇਗਾ।8 ਮਾਰਚ ਨੂੰ ਡਿਜੀਟਲ ਮੀਡੀਆ ਕਲੱਬ ਦਾ ਮੈਂਬਰਸ਼ਿਪ ਫਾਰਮ, ਪ੍ਰਣ ਪੱਤਰ, ਆਈ ਡੀ ਕਾਰਡ ਤੇ ਸੰਵਿਧਾਨ ਨੂੰ ਅੰਤਿਮ ਰੂਪ ਦੇਣ ਲਈ ਮੀਟਿੰਗ ਕੀਤੀ ਜਾਵੇਗੀ।ਇਸ ਮੌਕੇ ਪ੍ਰਧਾਨ ਗੁਰਚਰਨ ਸਿੰਘ ਰਾਜੂ ਪੱਤੋ, ਮਹਿੰਦਰ ਪਾਲ ਲੁੰਬਾ, ਸ਼ਸ਼ੀ ਭਦੌੜ, ਬਲਕਰਨ ਸਿੰਘ ਨੀਟੂ ਲੁਹਾਰਾਂ, ਡਾਕਟਰ ਜਗਤਾਰ ਸਿੰਘ ਹਿੰਮਤਪੁਰਾ, ਪਰਮਿੰਦਰ ਸ਼ਰਮਾ, ਹਰਪਾਲ ਸਿੰਘ ਪਾਲ ਧੀਮਾਨ, ਸਾਬਕਾ ਸਰਪੰਚ ਹਰਭਜਨ ਸਿੰਘ ਬਹੌਨਾ, ਕੁਲਬੀਰ ਸਿੰਘ ਗਾਜੀਆਣਾ, ਕੁਲਦੀਪ ਗੌਹਲ, ਨਿਰਮਲ ਸਿੰਘ ਰਣਸੀਂਹ ਕਲਾਂ, ਹਰਭਜਨ ਸਿੰਘ ਧਾਲੀਵਾਲ, ਰਾਜਵਿੰਦਰ ਸਿੰਘ, ਨੈਬ ਸਿੰਘ ਨਾਹਰ, ਗੁਰਸੇਵਕ ਸਿੰਘ ਮੱਲਾ, ਜਸਵਿੰਦਰ ਸਿੰਘ ਛਿੰਦਾ ਆਦਿ ਹਾਜ਼ਰ ਸਨ।

ਸ਼ਹੀਦ ਨਾਇਕ ਮਹਿੰਦਰ ਸਿੰਘ ਸਕੂਲ ਦਾ ਸਾਲਾਨਾ ਸਮਾਗਮ ਯਾਦਗਾਰੀ ਹੋ ਨਿੱਬੜਿਆ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ਼ਹੀਦ ਨਾਇਕ ਮਹਿੰਦਰ ਸਿੰਘ ਸਰਕਾਰੀ ਹਾਈ ਸਕੂਲ ਭੂੰਦੜ ਦਾ ਸਾਲਾਨਾ ਸਮਾਰੋਹ ਅਮਿੱਟ ਪੈੜਾਂ ਛੱਡਦਾ ਯਾਦਗਾਰੀ ਹੋ ਨਿੱਬੜਿਆ। ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸਰਪੰਚ ਸ੍ਰੀਮਤੀ ਸਰਬਜੀਤ ਕੌਰ, ਉਨ੍ਹਾਂ ਨਾਲ ਵਿਸ਼ੇਸ਼ ਮਹਿਮਾਨ ਵਜੋਂ ਸਮੂਹ ਪੰਚਾਇਤ ਮੈਂਬਰਜ਼, ਐੱਸ. ਐੱਮ. ਸੀ. ਚੇਅਰਮੈਨ ਸ੍ਰੀਮਤੀ ਬੇਅੰਤ ਕੌਰ ਤੇ ਸਮੂਹ ਕਮੇਟੀ ਮੈਂਬਰਜ਼ ਸ਼ਾਮਲ ਸਨ। ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਪੂਜਾ ਰਾਣੀ ਨੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਸਕੂਲ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ। ਉਪਰੰਤ ਵਿਦਿਆਰਥੀਆਂ ਵੱਲੋਂ ਪੇਸ਼ ਸੱਭਿਆਚਾਰਕ ਰੰਗਾ-ਰੰਗ ਪ੍ਰੋਗਰਾਮ ਦੌਰਾਨ ਮੋਬਾਇਲ ਫੋਨ ਦੀਆਂ ਹਾਨੀਆਂ ਨੂੰ ਦਰਸਾਉਂਦੇ ਨਾਟਕ ਤੋਂ ਇਲਾਵਾ ਪੰਜਾਬੀ ਲੋਕ ਵਿਰਸੇ ਨੂੰ ਦਰਸਾਉਂਦੇ ਲੋਕ ਨਾਚ, ਗਿੱਧਾ ਤੇ ਭੰਗੜਾ ਆਦਿ ਵੱਖ-ਵੱਖ ਵੰਨਗੀਆਂ ਦੀ ਪੇਸ਼ਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਮੁੱਖ ਮਹਿਮਾਨ ਸਰਪੰਚ ਸਰਬਜੀਤ ਕੌਰ ਤੇ ਪੰਚ ਸਾਹਿਬਾਨਾਂ ਵੱਲੋਂ ਵਿੱਦਿਅਕ, ਸਹਿ-ਵਿੱਦਿਅਕ ਤੇ ਖੇਡਾਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਬੱਚਿਆਂ ਦੀਆਂ ਪ੍ਰਾਪਤ ਉਪਲਬਧੀਆਂ ਦੀ ਸ਼ਲਾਘਾ ਕਰਦਿਆਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੰਦੇ ਹੋਏ ਆਪਣੇ ਮਾਪਿਆਂ ਤੇ ਆਧਿਆਪਕਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ ਗਿਆ। ਐੱਸ. ਐੱਮ. ਸੀ. ਚੇਅਰਮੈਨ ਸ੍ਰੀਮਤੀ ਬੇਅੰਤ ਕੌਰ ਸਮੇਤ ਕਮੇਟੀ ਮੈਂਬਰਾਂ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਲਈ ਸਮੂਹ ਸਟਾਫ਼ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸਮਾਗਮ ਵਿੱਚ ਭਾਗ ਲੈਣ ਵਾਲੇ ਬੱਚਿਆਂ, ਹਾਜ਼ਰ ਵਿਦਿਆਰਥੀਆਂ ਤੇ ਸਮਾਰੋਹ ਵਿੱਚ ਪੁੱਜੇ ਦਰਸ਼ਕਾਂ ਨੂੰ ਰਿਫਰੈਸਮੈਂਟ ਵੀ ਦਿੱਤੀ ਗਈ।

ਚੇਅਰਮੈਨ ਹੜਾਣਾ ਦੇ ਪੁੱਤਰ ਅਭੈਜੋਤ ਦੇ ਵਿਆਹ ਸਮਾਗਮ 'ਚ ਪੁੱਜੀਆਂ ਅਹਿਮ ਸ਼ਖਸੀਅਤਾਂ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੀ ਆਰ ਟੀ ਸੀ ਦੇ ਚੇਅਰਮੈਨ ਤੇ ਸੂਬਾ ਸਕੱਤਰ ਪੰਜਾਬ 'ਆਪ' ਰਣਜੋਧ ਸਿੰਘ ਹੜਾਣਾ ਦੇ ਪੁੱਤਰ ਅਭੈਜੋਤ ਦਾ ਚੰਦੀ ਪਰਿਵਾਰ ਦੀ ਧੀ ਸਿਮਰਨ ਕੌਰ ਨਾਲ ਹੋਏ ਵਿਆਹ ਮਗਰੋਂ ਬੀਤੇ ਦਿਨੀਂ ਹੋਏ ਰਿਸੈਪਸ਼ਨ ਸਮਾਗਮ ਵਿੱਚ ਸਿਆਸੀ, ਧਾਰਿਮਕ ਖੇਤਰ ਦੀਆਂ ਸ਼ਖਸੀਅਤਾਂ ਤੋਂ ਇਲਾਵਾ ਉੱਚ ਅਧਿਕਾਰੀਆਂ ਨੇ ਵੀ ਸ਼ਮੂਲੀਅਤ ਕੀਤੀ।ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ, ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਵਿੱਤ ਮੰਤਰੀ ਹਰਪਾਲ ਚੀਮਾ, ਕੈਬਨਿਟ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਕੈਬਨਿਟ ਮੰਤਰੀ ਬਰਿੰਦਰ ਗੋਇਲ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਧ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁਡੀਆਂ, ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਚੀਫ ਵ੍ਹਿੱਪ ਵਿਧਾਇਕ ਬਲਜਿੰਦਰ ਕੌਰ, ਚੇਅਰਮੈਨ ਤੇ ਸਟੇਟ ਸੈਕਟਰੀ ਵਿੱਚ ਡਾ. ਸਨੀ ਆਹਲੂਵਾਲੀਆ, ਚੇਅਰਮੈਨ ਹਰਚੰਦ ਸਿੰਘ ਬਰਸਟ, ਚੇਅਰਮੈਨ ਸ਼ਮਿੰਦਰ ਸਿੰਘ ਪਿੰਡਾ, ਚੇਅਰਮੈਨ ਗੁਰਦੇਵ ਸਿੰਘ ਲਖਣਾ, ਚੇਅਰਮੈਨ ਜਸਵੀਰ ਸਿੰਘ ਕੁਦਨੀ, ਡਾ. ਧਰਮਵੀਰ ਗਾਂਧੀ, ਐੱਸ ਐੱਸ ਪੀ ਨਾਨਕ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਵਿਧਾਇਕ ਚੇਤਨ ਸਿੰਘ ਜੌੜੇਮਾਜਰਾ, ਵਿਧਾਇਕ ਹਰਮੀਤ ਪਠਾਨਮਾਜਰਾ, ਪ੍ਰਿੰਸੀਪਲ ਬੁੱਧ ਰਾਮ, ਐੱਮ ਐੱਲ ਏ ਡਿੰਪੀ ਢਿੱਲੋਂ, ਵਿਧਾਇਕ ਨਰਿੰਦਰ ਕੌਰ ਭਰਾਜ, ਵਿਧਾਇਕ ਕੁਲਜੀਤ ਰੰਧਾਵਾ, ਵਿਧਾਇਕ ਕੁਲਵੰਤ ਮੋਹਾਲੀ, ਵਿਧਾਇਕ ਨਰਿੰਦਰ ਕੋਰ ਭਰਾਜ, ਵਿਧਾਇਕ ਜ਼ਮੀਲ ਉਲ ਰਹਿਮਾਨ ਮਲੇਰਕੋਟਲਾ, ਵਿਧਾਇਕ ਜਸਵੰਤ ਗੱਜਣਮਾਜਰਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਵਿਧਾਇਕ ਜਸਦੀਪ ਸਿੰਘ ਕਾਕਾ ਬਰਾੜ, ਵਿਧਾਇਕ ਲਖਬੀਰ ਰਾਏ ਫਤਿਹਗੜ੍ਹ ਸਾਹਿਬ, ਮੇਅਰ ਕੁੰਦਨ ਗੋਗੀਆਂ, ਬਲਤੇਜ ਪੰਨੂ, ਐੱਮ ਡੀ ਬਿਕਰਮਜੀਤ ਸ਼ੇਰਗਿੱਲ, ਆਈ ਏ ਐੱਸ ਰਵਿੰਦਰ ਸਿੰਘ, ਪੀਸੀਐੱਸ ਏ ਐੱਮ ਡੀ ਨਵਦੀਪ ਸ਼ਰਮਾ, ਐ

22 Feb Page-8.qxd 2/21/2025 11:10 PM Page 1

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਰੈਲ਼ੀ

ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਸਥਾਨਕ ਇਕਾਈ ਵੱਲੋਂ ਹਲ਼ਕਾ ਵਿਧਾਇਕ ਕਰਮਬੀਰ ਘੁੰਮਣ ਦੀ ਰਿਹਾਇਸ਼ ਮੂਹਰੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਮੰਗਾਂ ਨੂੰ ਲੈ ਕੇ ਰੋਸ ਰੈਲੀ ਕੀਤੀ। ਉਪਰੰਤ ਵਿਧਾਇਕ ਨੂੰ ਮੰਗ ਪੱਤਰ ਸੌਂਪਿਆ।ਪ ਸ ਸ

● ਵਿਧਾਇਕ ਘੁੰਮਣ ਨੂੰ ਮੰਗ ਪੱਤਰ ਸੌਂਪਿਆ

ਫ ਦੇ ਬਲਾਕ ਪ੍ਰਧਾਨ ਰਾਜੀਵ ਸ਼ਰਮਾ ਅਤੇ ਪੈਨਸ਼ਨਰ ਐਸੋਸੀਏਸ਼ਨ ਦੇ ਤਹਿਸਪਲ ਪ੍ਰਧਾਨ ਗਿਆਨ ਸਿੰਘ ਗੁਪਤਾ ਦੀ ਅਗਵਾਈ ਹੇਠ ਕੀਤੇ ਰੋਸ ਪ੍ਰਦਰਸ਼ਨ 'ਚ ਵੱਖ-ਵੱਖ ਵਿਭਾਗਾਂ ਤੋਂ ਵੱਡੀ ਗਿਣਤੀ ਮੁਲਾਜ਼ਮ ਅਤੇ ਪੈਨਸ਼ਨਰ ਸ਼ਾਮਲ ਹੋਏ। ਇਸ ਮੌਕੇ ਬੋਲਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੋਂ ਸੂਬਾ ਕਨਵੀਨਰ ਜਸਵੀਰ ਤਲਵਾੜਾ, ਵਿੱਤ ਸਕੱਤਰ ਵਰਿੰਦਰ ਵਿੱਕੀ, ਪੈਨਸ਼ਨਰ ਆਗੂ ਜੁਗਰਾਜ ਸਿੰਘ, ਵੀਰ ਸਿੰਘ ਅਤੇ ਕੇਹਰ ਸਿੰਘ, ਕੁੰਦਨ ਲਾਲ, ਜਸਵਿੰਦਰ ਸਿੰਗਲਾ ਆਦਿ ਨੇ 'ਆਪ' ਸਰਕਾਰ 'ਤੇ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਨੂੰ ਵਿਸਾਰਨ ਦੇ ਦੋਸ਼ ਲਗਾਏ।ਬੁਲਾਰਿਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ 'ਤੇ ਨਿਸ਼ਾਨਾ ਸੇਧਿਆ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਇੱਕ ਵੀ ਵਾਅਦੇ ਨੂੰ ਪੂਰਾ ਨਾ ਕਰਨ ਦੇ ਦੋਸ਼ ਲਗਾਏ। ਤਿੰਨ ਸਾਲ ਬੀਤ ਜਾਣ ਬਾਅਦ ਵੀ ਕੱਚੇ ਅਤੇ ਆਊਟਸੋਰਸ ਤਹਿਤ ਕੰਮ ਕਰਦੇ ਮੁਲਾਜ਼ਮ ਆਪਣੀਆਂ ਸੇਵਾਵਾਂ ਰੈਗੂਲਰ ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ, ਸਰਕਾਰੀ ਦਫ਼ਤਰਾਂ 'ਚ ਹਜ਼ਾਰਾਂ ਦੀ ਗਿਣਤੀ ਮਨਜ਼ੂਰਸ਼ੁਦਾ ਅਸਾਮੀਆਂ ਖਾਲੀ ਹਨ, ਹਸਪਤਾਲਾਂ 'ਚ ਡਾਕਟਰ ਅਤੇ ਸਕੂਲਾਂ 'ਚ ਮਾਸਟਰ ਨਹੀਂ ਹਨ, ਮਾਣ ਭੱਤੇ 'ਤੇ ਕੰਮ ਕਰਦੇ ਮਿਡ-ਡੇ-ਮੀਲ, ਆਸ਼ਾ ਵਰਕਰਾਂ ਫੈਸਿਲੀਟੇਟਰਾਂ ਅਤੇ ਆਂਗਣਵਾੜੀ ਵਰਕਰਾਂ 'ਤੇ ਮਾਨਯੋਗ ਸੁਪਰੀਮ ਕੋਰਟ ਦੇ ਬਰਾਬਰ ਕੰਮ ਬਰਾਬਰ ਉਜਰਤ ਦੇ ਫੈਸਲੇ ਨੂੰ ਲਾਗੂ ਕਰਨ 'ਚ ਭਗਵੰਤ ਮਾਨ ਸਰਕਾਰ ਨਾਕਾਮ ਸਿੱਧ ਹੋਈ ਹੈ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਦੇਣ ਅਤੇ 6ਵੇਂ ਤਨਖ਼ਾਹ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਕਰਨ ਤੋਂ ਸਰਕਾਰ ਲਗਾਤਾਰ ਟਾਲਾ ਵੱਟ ਰਹੀ ਹੈ। ਉੱਥੇ ਹੀ ਪੁਰਾਣੀ ਪੈਨਸ਼ਨ ਬਹਾਲੀ ਦਾ ਅਧੂਰਾ ਨੋਟੀਫਿਕੇਸ਼ਨ ਜ਼ਾਰੀ ਕਰਕੇ ਲੱਖਾਂ ਰੁਪਏ ਇਸ਼ਤਿਹਾਬਾਜ਼ੀ 'ਤੇ ਖਰਚ ਕਰ ਦਿੱਤੇ, ਪਰ ਨਵੀਂ ਪੈਨਸ਼ਨ ਸਕੀਮ ਮੁਲਾਜ਼ਮਾਂ ਦੇ ਸਿਵਾਏ ਨਿਰਾਸ਼ਾ ਦੇ ਕੁੱਝ ਪੱਲੇ ਨਹੀਂ ਪਾਇਆ।ਬੁਲਾਰਿਆਂ ਨੇ ਉਕਤ ਮੰਗਾਂ ਦੇ ਨਿਪਟਾਰੇ ਅਤੇ ਪਿਛਲੀ ਕਾਂਗਰਸ ਸਰਕਾਰ ਵੱਲੋਂ ਵਿਕਾਸ ਦੇ ਨਾਂ 'ਤੇ ਮੁਲਾਜ਼ਮਾਂ ਉੱਤੇ ਲਾਇਆ ਜਜ਼ੀਆ ਟੈਕਸ ਤੁਰੰਤ ਬੰਦ ਕਰਨ ਤੇ ਪਹਿਲਾਂ ਵਸੂਲਿਆ ਵਾਪਸ ਕਰਨ, ਕੈਸ਼ ਲੈੱਸ ਹੈਲਥ ਸਕੀਮ ਸੋਧ ਕੇ ਲਾਗੂ ਕਰਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਅਦਾਲਤੀ ਫੈਸਲੇ ਜਰਨਲਾਈਜ਼ ਕਰਨ, ਟ੍ਰੇਡ ਯੂਨੀਅਨ ਅਧਿਕਾਰਾਂ ਨੂੰ ਦਰਡ ?ਨ ਵਾਲਾ ਪਹਿਲੀ ਜਨਵਰੀ 2020 ਦਾ ਮਾਰੂ ਪੱਤਰ ਵਾਪਸ ਲੈਣ, ਸੰਘਰਸ਼ਾਂ ਦੌਰਾਨ ਦਰਜ ਕੀਤੇ ਝੂਠੇ ਪਰਚੇ ਰੱਦ ਕਰਨ ਦੀ ਮੰਗ ਕੀਤੀ।ਵਿਧਾਇਕ ਕਰਮਬੀਰ ਘੁੰਮਣ ਨੇ ਮੰਗਾਂ ਦੇ ਸਮਰਥਨ 'ਚ ਮੁੱਖ ਮੰਤਰੀ ਪੰਜਾਬ ਕੋਲ਼ ਰੱਖਣ ਅਤੇ ਵਿਧਾਨ ਸਭਾ 'ਚ ਅਵਾਜ ਉਠਾਉਣ ਦਾ ਭਰੋਸਾ ਦਿੱਤਾ।

ਸਿਵਲ ਸਰਜਨ ਨੇ ਕੀਤਾ ਜ਼ਿਲ੍ਹਾ ਹਸਪਤਾਲ ਦਾ ਦੌਰਾ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ) ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਬਲਵੀਰ ਕੁਮਾਰ ਵੱਲੋਂ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰ ਪਾਲ ਸਿੰਘ ਨਾਲ ਜ਼ਿਲ੍ਹਾ ਹਸਪਤਾਲ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਚੱਲ ਰਹੇ ਪ੍ਰੋਜੈਕਟ ਆਈ .ਪੀ .ਐਚ ਲੈਬ ਅਤੇ ਨਵੇਂ ਬਣਨ ਵਾਲੇ ਪ੍ਰੋਜੈਕਟਾਂ ਫੈਸੀਲੀਟੇਸ਼ਨ ਸੈਂਟਰ, ਬਰਨਿੰਗ ਯੂਨਿਟ , ਪੈਲੀਇਟਿਵ ਯੂਨਿਟ ਆਦਿ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਲਈ ਢੁਕਵੀ ਜਗ੍ਹਾ ਦੀ ਚੋਣ ਸਬੰਧੀ ਗੱਲਬਾਤ ਕੀਤੀ ਗਈ। ਇਸ ਦੇ ਨਾਲ ਹੀ ਉਨ੍ਹਾਂ ਨੇ ਹਦਾਇਤ ਕਰਦਿਆਂ ਕਿਹਾ ਕਿ ਦਵਾਈਆਂ, ਬਿਜਲੀ, ਪਾਣੀ, ਐਮਰਜੈਂਸੀ ਤੇ ਸਾਫ਼-ਸਫ਼ਾਈ ਵੱਲ ਖਾਸ ਧਿਆਨ ਦਿੱਤਾ ਜਾਵੇ। ਉਨ੍ਹਾਂ ਨੇ ਨਵੇਂ ਪ੍ਰੋਜੈਕਟਾਂ ਲਈ ਢੁੱਕਵੀਂ ਜਗ੍ਹਾ ਦੀ ਚੋਣ ਸਬੰਧੀ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਇਆ ਜਾਵੇ ਤਾਂ ਜੋ ਆਮ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਾ ਆਵੇ ।ਉਨ੍ਹਾਂ ਕਿਹਾ ਕਿ ਚੱਲ ਰਹੇ ਪ੍ਰੋਜੈਕਟਾਂ ਨੂੰ ਨਿਰਧਾਰਿਤ ਸਮੇਂ ਵਿਚ ਮੁਕੰਮਲ ਕਰਨ ਲਈ ਕੰਮ ਵਿਚ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਜ਼ਿਲ੍ਹਾ ਹਸਪਤਾਲ ਵਿਚ ਰਾਤ ਸਮੇਂ ਸੁਰੱਖਿਆ ਦੇ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਲਈ ਸੀ. ਸੀ. ਟੀ. ਵੀ. ਕੈਮਰਿਆਂ ਦਾ ਸਮੇਂ- ਸਮੇਂ 'ਤੇ ਨਿਰੀਖਣ ਕਰਨ ਸਬੰਧੀ ਵੀ ਹਦਾਇਤਾਂ ਦਿੱਤੀਆਂ। ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਤਰਸੇਮ ਲਾਲ, ਪਰਮਵੀਰ ਪ੍ਰਿੰਸ, ਸੀਨੀਅਰ ਫਾਰਮੇਸੀ ਅਫ਼ਸਰ, ਸਤਵਿੰਦਰ ਪਾਲ ਕੌਰ, ਹਰਜੀਤ ਸਿੰਘ ਤੇ ਸਮੂਹ ਹਾਜਰ ਸਟਾਫ਼ ਹਾਜ਼ਰ ਸੀ।

ਪੰਜਾਬ ਸਰਕਾਰ ਲੋਕਾਂ ਤੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਪੂਰੇ ਕਰਨ 'ਚ ਨਾਕਾਮ ਰਹੀ : ਏਟਕ

ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਪੰਜਾਬ ਸਰਕਾਰ ਲੋਕਾਂ ਅਤੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਪੂਰੇ ਕਰਨ 'ਚ ਨਾਕਾਮ ਸਿੱਧ ਹੋਈ ਹੈ।ਬੀਤੇ ਦਿਨੀਂ ਪੰਜਾਬ ਕੈਬਨਿਟ ਦੀ ਮੀਟਿੰਗ 'ਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 6ਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ ਦਾ ਭੁਗਤਾਨ ਕਰਨ ਦੇ ਲਏ ਫੈਸਲੇ ਨੂੰ ਬੀ ਬੀ ਐਮ ਬੀ ਮੁਲਾਜ਼ਮ ਜਥੇਬੰਦੀ ਏਟਕ ਨੇ ਊਠ ਦੇ ਮੂੰਹ 'ਚ ਜ਼ੀਰਾ ਦੱਸਿਆ ਹੈ।ਇੱਥੇ ਏਟਕ ਪ੍ਰਧਾਨ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਯੂਨੀਅਨ ਦੇ ਜਨ ਸਕੱਤਰ ਸ਼ਿਵ ਕੁਮਾਰ ਨੇ ਦੱਸਿਆ ਕਿ ਪੈਨਸ਼ਨਰਾਂ ਦਾ ਵਿੱਤੀ ਸਾਲ 2016-17 ਦੇ ਬਕਾਇਆ ਏਰੀਅਰ ਦਾ ਭੁਗਤਾਨ ਅਪ੍ਰੈਲ 2025 ਨੂੰ 15 ਕਿਸ਼ਤਾਂ, ਸਾਲ 2018-19 ਦੇ ਏਰੀਅਰ ਦਾ ਭੁਗਤਾਨ ਜੁਲਾਈ 2026 ਤੋਂ 18 ਕਿਸ਼ਤਾਂ ਅਤੇ ਸਾਲ 2020 ਤੋਂ 30 ਜੂਨ 2021 ਤੋਂ ਬਕਾਇਆ ਏਰੀਅਰ ਦਾ ਭੁਗਤਾਨ ਜਨਵਰੀ 2028 ਤੋਂ 9 ਕਿਸ਼ਤਾਂ 'ਚ ਕਰਨ ਦਾ ਪੱਤਰ ਜ਼ਾਰੀ ਕੀਤਾ ਹੈ। ਇਸੇ ਤਰ੍ਹਾਂ ਮੌਜੂਦਾ ਕੰਮ ਕਰਦੇ ਮੁਲਾਜ਼ਮਾਂ ਦਾ ਸਾਲ 2016 ਤੋਂ ਏਰੀਅਰ ਦਾ ਭੁਗਤਾਨ ਅਪ੍ਰੈਲ 2026 'ਚ 12 ਕਿਸ਼ਤਾਂ ਵਿਚ ਅਤੇ ਬਕਾਇਆ 30 ਜੂਨ 2021 ਤੱਕ ਦੇ ਏਰੀਅਰ ਦਾ ਭੁਗਤਾਨ ਅਪ੍ਰੈਲ 2027 ਤੋਂ 24 ਕਿਸ਼ਤਾਂ ਵਿਚ ਜ਼ਾਰੀ ਕਰਨ ਦਾ ਫੈਸਲਾ ਕੀਤਾ ਹੈ। ਏਟਕ ਨੇ ਪੰਜਾਬ ਸਰਕਾਰ ਨੂੰ ਇਹ ਫੈਸਲਾ ਤੁਰੰਤ ਰੱਦ ਕਰਕੇ ਸਾਰੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਇੱਕ ਕਿਸ਼ਤ 'ਚ ਸਾਰਾ ਬਕਾਇਆ ਜਾਰੀ ਕਰਨ ਦੀ ਮੰਗ ਕੀਤੀ ਹੈ।

ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਆਪਣੇ ਝੂਠਿਆਂ ਵਾਅਦਿਆਂ ਦੇ ਲੌਲੀਪਾਪ ਦਿਖਾ ਕੇ ਹੋਂਦ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਹਰੇਕ ਫਰੰਟ 'ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ ਤੇ ਹੁਣ ਪੰਜਾਬ ਦੇ ਲੋਕਾਂ ਦਾ ਇਸ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਜੰਡਿਆਲਾ ਗੁਰੂ ਦੇ ਕੋਆਰਡੀਨੇਟਰ ਡਾਕਟਰ ਲਖਵਿੰਦਰ ਸਿੰਘ ਬੰਡਾਲਾ ਤੇ ਉਹਨਾਂ ਦੇ ਸਾਥੀਆਂ ਨੇ ਕੀਤੀ ਗਈ ਇਕ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਮੀਟਿੰਗ 'ਚ ਡਾਕਟਰ ਲਖਵਿੰਦਰ ਸਿੰਘ ਤੋਂ ਇਲਾਵਾ, ਡਾਕਟਰ ਅੰਗਰੇਜ਼ ਸਿੰਘ ਖਾਨਕੋਟ, ਅਵਤਾਰ ਸਿੰਘ ਟੱਕਰ, ਸੁਰਜਨ ਸਿੰਘ ਫ਼ੌਜੀ ਖਾਨਕੋਟ, ਜੋਬਨਜੀਤ ਸਿੰਘ ਖਾਨਕੋਟ, ਇੰਦਰਜੀਤ ਸਿੰਘ, ਸੋਨੂੰ ਮਾਨ ,ਅਵਤਾਰ ਸਿੰਘ ਟਿੰਕਾ, ਤਰਸੇਮ ਸਿੰਘ ਸ਼ਫੀਪੁਰ , ਦਿਲਬਾਗ ਸਿੰਘ ਸ਼ਫੀਪੁਰ , ਡਾਕਟਰ ਰਾਜਵਿੰਦਰ ਸਿੰਘ ਰਾਜੂ ਬੰਡਾਲਾ, ਸ੍ਰ ਪਰਮਜੀਤ ਸਿੰਘ ਨੰਗਲ ਗੁਰੂ ਆਦਿ ਸੋਨੂੰ ਸੰਧੂ ਖਾਨਕੋਟ, ਜਗਦੀਪ ਸਿੰਘ ਆਦਿ ਨੇ ਸਰਕਾਰ ਦੀ ਕਾਰਗੁਜ਼ਾਰੀ ਤੇ ਸਵਾਲੀਆ ਨਿਸ਼ਾਨ ਖੜ੍ਹੇ ਕੀਤੇ।

ਲਾਇਲਪੁਰ ਖ਼ਾਲਸਾ ਕਾਲਜ ਵਿਖੇ ਕਰਵਾਈ ਪੁਰਾਣੇ ਤੇ ਮੌਜੂਦਾ ਵਿਦਿਆਰਥੀਆਂ ਦੀ ਮਿਲਣੀ

ਜਲੰਧਰ -(ਸੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਕਾਲਜ ਦੇ ਪੁਰਾਣੇ ਅਤੇ ਮੌਜੂਦਾ ਹੋਣਹਾਰ ਵਿਦਿਆਰਥੀਆਂ ਦਾ ਇੱਕ ਮਿਲਣੀ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਸਰਦਾਰਨੀ ਬਲਬੀਰ ਕੌਰ ਪ੍ਰਧਾਨ ਕਾਲਜ ਗਵਰਨਿੰਗ ਕੌਂਸਲ ਨੇ ਇਸ ਸਮਾਗਮ ਦੀ ਪ੍ਰਧਾਨਗੀ ਕੀਤੀ।ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਕੈਨੇਡਾ ਵਿੱਚ ਬਸੰਤ ਮੋਟਰਜ਼ ਦੇ ਮਾਲਕ ਸ. ਬਲਦੇਵ ਸਿੰਘ ਬਾਠ ਪਹੁੰਚੇ। ਜਦਕਿ ਵਿਧਾਇਕ ਪ੍ਰਗਟ ਸਿੰਘ, ਸਿਆਸਤਦਾਨ ਪਰਮਜੀਤ ਸਿੰਘ ਰਾਏਪੁਰ, ਜਗਰੂਪ ਸਿੰਘ ਢੇਸੀ, ਯੂ ਕੇ ਦੇ ਗਰੇਵਏਂਡ ਸ਼ਹਿਰ ਦੇ ਉੱਘੇ ਬਿਜਨੈਸਮੈਨ ਜਸਪਾਲ ਸਿੰਘ ਢੇਸੀ ਤੇ ਉਨ੍ਹਾਂ ਦੇ ਸਪੁੱਤਰ, ਜੋ ਯੂ ਕੇ ਸਲੋਹ ਹਲਕੇ ਦੇ ਐਮ ਪੀ ਹਨ, ਤਨਮਨਜੀਤ ਸਿੰਘ, ਕਾਲਜ ਦੇ ਪੰਜਾਬੀ ਵਿਭਾਗ ਦੇ ਸਾਬਕਾ ਪ੍ਰੋ. ਹਰਬੰਸ ਸਿੰਘ ਬੋਲੀਨਾ, ਯੂ ਐਸ ਏ ਤੋਂ ਕੁਲਵਿੰਦਰ ਸਿੰਘ ਬਾਠ, ਯੂ ਕੇ ਤੋਂ ਜਨਰੈਲ ਸਿੰਘ ਬਾਠ, ਕਨੇਡਾ ਤੋਂ ਸੁਰਜੀਤ ਸਿੰਘ ਬਾਠ, ਸਰਦਾਰਨੀ ਰੇਸ਼ਮ ਕੌਰ ਬਾਠ, ਜਸਵਿੰਦਰ ਕੌਰ ਬਾਠ, ਸਰਦਾਰਨੀ ਨਰਿੰਦਰ ਕੌਰ ਬਾਠ ਤੇ ਸਰਦਾਰਨੀ ਗੁਰਜੀਤ ਕੌਰ ਬਾਠ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਦਾ ਸੁਆਗਤ ਪ੍ਰਧਾਨ ਗਵਰਨਿੰਗ ਕੌਂਸਲ ਸਰਦਾਰਨੀ ਬਲਬੀਰ ਕੌਰ, ਉਪ-ਪ੍ਰਧਾਨ ਦੀਪਇੰਦਰ ਸਿੰਘ ਪੁਰੇਵਾਲ, ਸੰਯੁਕਤ ਸਕੱਤਰ ਜਸਪਾਲ ਸਿੰਘ ਅਤੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਦੁਆਰਾ ਫੁੱਲਾਂ ਦੇ ਗੁਲਦਸਤੇ ਨਾਲ ਕੀਤਾ ਗਿਆ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਆਪਣੇ ਉਦਘਾਟਨੀ ਭਾਸ਼ਣ ਵਿੱਚ ਵੱਖ-ਵੱਖ ਖੇਤਰਾਂ ਵਿੱਚ ਵਿਦਿਆਰਥੀਆਂ ਦੀ ਸਫਲਤਾ ਅਤੇ ਕਾਲਜ ਦੀ ਬਿਹਤਰੀ ਲਈ

ਉਨ੍ਹਾਂ ਦੁਆਰਾ ਕੀਤੇ ਜਾ ਰਹੇ ਕਾਰਜਾਂ ਵਿਚ ਸਹਿਯੋਗ ਦੀ ਸ਼ਲਾਘਾ ਕਰਦਿਆਂ ਸਾਬਕਾ ਵਿਦਿਆਰਥੀਆਂ ਦਾ ਸਵਾਗਤ ਕੀਤਾ। ਬਲਦੇਵ ਸਿੰਘ ਬਾਠ ਨੇ ਆਪਣੇ ਸੰਬੋਧਨ ਵਿੱਚ ਆਪਣੇ ਕਾਲਜ ਦੇ ਦਿਨਾਂ ਨੂੰ ਯਾਦ ਕੀਤਾ ਤੇ ਦੱਸਿਆ ਕਿ ਕਿਵੇਂ ਕਾਲਜ ਦੇ ਮਾਹੌਲ ਨੇ ਉਨ੍ਹਾਂ ਨੂੰ ਕੈਨੇਡਾ ਵਿੱਚ ਆਪਣਾ ਕਾਰੋਬਾਰ ਸਥਾਪਤ ਕਰਨ ਵਿੱਚ ਆਤਮ ਵਿਸ਼ਵਾਸ ਅਤੇ ਦ੍ਰਿੜਤਾ ਪ੍ਰਾਪਤ ਕਰਨ ਵਿੱਚ ਮਦਦ ਕੀਤੀ, ਉਨ੍ਹਾਂ ਆਪਣੇ ਕਨੇਡਾ ਦੇ ਅਨੁਭਵਾਂ ਬਾਰੇ ਆਪਣੀਆਂ ਭਾਵਨਾਵਾਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਕਾਲਜ ਅਤੇ ਇਥੋਂ ਦੇ ਪ੍ਰੋਫੈਸਰਾਂ ਦਾ ਆਪਣੇ ਕਰੀਅਰ ਅਤੇ ਪਰਉਪਕਾਰੀ ਭਾਵਨਾ ਨੂੰ ਆਕਾਰ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਆਈਆਂ ਹੋਈਆਂ ਸ਼ਖਸੀਅਤਾਂ ਨੇ ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਪ੍ਰੋ. ਨਿਰੰਜਨ ਸਿੰਘ ਢੇਸੀ ਵੱਲੋਂ ਵਿਭਾਗ ਅਤੇ ਕਾਲਜ ਨੂੰ ਦਿੱਤੇ ਯੋਗਦਾਨ ਨੂੰ ਯਾਦ ਕਰਦਿਆਂ ਹੋਇਆਂ ਉਨ੍ਹਾਂ ਨੂੰ ਆਪਣੀ ਸ਼ਰਧਾਜਲੀ ਭੇਟ ਕੀਤੀ ਅਤੇ ਉਨ੍ਹਾਂ ਦੀ ਲਿਖਤ ਪੁਸਤਕ 'ਮਰਣਾ ਮੁਣਸਾ ਸੂਰਿਆ' ਕਾਲਜ ਗਵਰਨਿੰਗ ਕੌਂਸਲ ਨੂੰ ਭੇਟ ਕੀਤੀ।ਇਸ ਮੌਕੇ ਕਾਲਜ ਦੇ ਸਾਬਕਾ ਅਤੇ ਮੌਜੂਦਾ ਵਿਦਿਆਰਥੀਆਂ ਵਿਚਕਾਰ ਇੱਕ ਗਿਆਨ ਸਾਂਝਾ ਕਰਨ ਦਾ ਸੈਸ਼ਨ ਆਯੋਜਿਤ ਕੀਤਾ ਗਿਆ, ਜਿਸ ਵਿੱਚ ਨਵੇਂ ਕਰੀਅਰ ਦੇ ਮੌਕਿਆਂ, ਵਿਦਿਆਰਥੀਆਂ ਦੀ ਸੋਚ ਪ੍ਰਕਿਰਿਆ ਨੂੰ ਆਕਾਰ ਦੇਣ ਵਿੱਚ ਕਾਲਜ ਸਟਾਫ ਦੀ ਮਹੱਤਤਾ ਪ੍ਰਵਾਸ ਦੀ ਨੈਤਿਕ ਦੁਬਿਧਾ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕੀਤੀ ਗਈ । ਇਸ ਤੋਂ ਇਲਾਵਾ ਬਲਦੇਵ ਸਿੰਘ ਬਾਠ ਨੇ ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਤੇ ਕਾਲਜ ਦੇ ਹੋਣਹਾਰ ਤੇ ਲੋੜਵੰਦ ਵਿਦਿਆਰਥੀਆਂ ਲਈ ਇੱਕ ਲੱਖ ਰੁਪਏ ਦਾ ਚੈੱਕ ਸੌਂਪਿਆ । ਇਹ ਮੌਜੂਦਾ ਵਿਦਿਆਰਥੀਆਂ ਲਈ ਇੱਕ ਯਾਦਗਾਰੀ ਅਨੁਭਵ ਰਿਹਾ। ਸਮਾਗਮ ਦੌਰਾਨ ਪ੍ਰੋ. ਸਤਪਾਲ ਸਿੰਘ, ਸੁਰਿੰਦਰ ਕੁਮਾਰ ਚਲੋਤਰਾ ਪੀ.ਏ. ਅਤੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀ ਮੌਜੂਦ ਸਨ।।

ਸੈਮੀਨਾਰ ਦੌਰਾਨ ਬੱਚਿਆਂ ਨੂੰ ਪੋਕਸੋ ਐਕਟ ਸੰਬੰਧੀ ਕੀਤਾ ਜਾਗਰੂਕ

ਨਵਾਂਸ਼ਹਿਰ, (ਮਨੋਜ ਲਾਡੀ)- ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰ

22 Feb Page-9.qxd 2/21/2025 11:09 PM Page 1

ਆਦਿਵਾਸੀਆਂ ਨੂੰ ਪੁਲਸ ਮੁਕਾਬਲਿਆਂ 'ਚ ਕਤਲ ਕਰਨ ਖਿਲਾਫ਼ ਰੋਸ ਪ੍ਰਦਰਸ਼ਨ 27 ਨੂੰ

ਜਲੰਧਰ, (ਕੇਸਰ) ਭਾਰਤੀ ਕਮਿਊਨਿਸਟ ਪਾਰਟੀ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕ੍ਰੇਸੀ, ਆਰ ਐਮ ਪੀ ਆਈ ਅਤੇ ਇਨਕਲਾਬੀ ਕੇਂਦਰ ਪੰਜਾਬ ਵਲੋਂ ਛੱਤੀਸਗੜ੍ਹ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਜੀਵਨ ਦੀ ਸੁਰੱਖਿਆ, ਜਲ, ਜੰਗਲ ਅਤੇ ਜ਼ਮੀਨ ਨੂੰ ਦੇਸੀ-ਵਿਦੇਸ਼ੀ ਲੁੱਟ ਤੋਂ ਬਚਾਉਣ ਲਈ ਸੰਘਰਸ਼ ਕਰ ਰਹੇ ਆਦਿਵਾਸੀਆਂ ਅਤੇ ਹੋਰ ਲੋਕਾਂ ਦੇ ਪੁਲਿਸ ਮੁਕਾਬਲਿਆਂ ਦੇ ਨਾਂ ਥੱਲੇ ਕੀਤੇ ਜਾ ਰਹੇ ਕਤਲ ਅਤੇ ਹਰ ਕਿਸਮ ਦੇ ਜ਼ਬਰ ਦਾ ਵਿਰੋਧ ਕਰਨ ਲਈ ਪੰਜਾਬ ਭਰ 'ਚ 27 ਫਰਵਰੀ ਨੂੰ ਜ਼ਿਲ੍ਹਾ ਕੇਂਦਰ ਉੱਤੇ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਗਿਆ ਹੈ।ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਸੀ ਪੀ ਆਈ (ਐੱਮ-ਐੱਲ) ਨਿਊ ਡੈਮੋਕਰੇਸੀ ਦੇ ਸੂਬਾਈ ਆਗੂ ਕਾਮਰੇਡ ਅਜਮੇਰ ਸਿੰਘ, ਆਰ ਐਮ ਪੀ ਆਈ ਦੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ ਅਤੇ ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਪ੍ਰਧਾਨ ਨਰਾਇਣ ਦੱਤ ਨੇ ਪ੍ਰੈਸ ਨੂੰ ਜਾਰੀ ਕੀਤੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਪਿਛਲੇ ਸਾਲ 250 ਅਤੇ ਇਸ ਸਾਲ ਦੇ ਪਹਿਲੇ 6 ਹਫਤਿਆਂ ਵਿੱਚ ਹੀ ਸੁਰੱਖਿਆ ਫੋਰਸਾਂ ਨੇ 86 ਲੋਕਾਂ ਨੂੰ ਜਾਨੋ ਮਾਰ ਦਿੱਤਾ ।ਪਿਛਲੇ ਦਿਨੀਂ ਵਾਪਰੀ ਤਾਜ਼ਾ ਘਟਨਾ ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਵਿੱਚ 31 ਆਦਿਵਾਸੀਆਂ ਨੂੰ ਕਤਲ ਕਰ ਦਿੱਤਾ ਗਿਆ।ਖਣਿਜ ਪਦਾਰਥਾਂ ਨਾਲ ਭਰਪੂਰ ਪਹਾੜੀ ਅਤੇ ਜੰਗਲੀ ਖਿੱਤੇ ਦੇਸੀ ਅਤੇ ਵਿਦੇਸ਼ੀ ਕਾਰਪੋਰੇਟ ਅਤੇ ਸਾਮਰਾਜ ਦੇ ਹਵਾਲੇ ਕਰਨ ਲਈ ਜ਼ਬਰ ਦਾ ਨਿਸ਼ਾਨਾ ਬਣਾ ਕੇ ਉਜਾੜਿਆ ਜਾ ਰਿਹਾ ਹੈ ਅਤੇ ਆਮ ਲੋਕਾਂ ਨੂੰ ਦਹਿਸ਼ਤਜਦਾ ਕੀਤਾ ਜਾ ਰਿਹਾ ਹੈ।ਸੰਵਿਧਾਨ ਵਿੱਚ ਦਰਜ ਕਾਨੂੰਨੀ ਵਿਵਸਥਾਵਾਂ ਦੀ ਵੀ ਪਾਲਣਾ ਨਾ ਕਰਕੇ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਇਸ ਲੁੱਟ ਅਤੇ ਜਬਰ ਦਾ ਵਿਰੋਧ ਕਰ ਰਹੇ ਖਿੱਤਿਆਂ ਵਿੱਚੋਂ ਨਕਸਲੀਆਂ ਨੂੰ ਮਾਰਚ 2026 ਤੱਕ ਖ਼ਤਮ ਕਰਨ ਦੇ ਐਲਾਨ ਕਰਕੇ ਜਬਰ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਇਸ ਜਬਰ ਦਾ ਵਿਰੋਧ ਕਰ ਰਹੀਆਂ ਜੱਥੇਬੰਦੀਆਂ, ਪਾਰਟੀਆਂ, ਸਿਆਸੀ ਅਤੇ ਜਮਹੂਰੀ ਕਾਰਕੁੰਨ, ਪੱਤਰਕਾਰ ਲੇਖਕਾਂ ਨੂੰ ਵੀ 'ਸ਼ਹਿਰੀ ਨਕਸਲੀ' ਕਹਿ ਕੇ ਇਸ ਜਬਰ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਦੇਸ਼ ਦੇ ਹਰ ਹਿੱਸੇ ਵਿੱਚ ਵਿਰੋਧ ਦੀ ਆਵਾਜ਼ ਉਠਾਉਣ ਅਤੇ ਸੰਘਰਸ਼ ਕਰ ਰਹੇ ਲੋਕਾਂ ਉੱਤੇ ਵੱਖ-ਵੱਖ ਢੰਗਾਂ ਰਾਹੀਂ ਦਬਾਉਣ ਦਾ ਹਰ ਹੀਲਾ ਵਰਤਿਆ ਜਾ ਰਿਹਾ ਹੈ। ਆਗੂਆਂ ਨੇ ਆਰ ਐਸ ਐਸ-ਭਾਜਪਾ ਦੇ ਇਸ ਜਬਰ ਦਾ ਵਿਰੋਧ ਕਰਨ ਲਈ ਇਨਕਲਾਬੀ ਅਤੇ ਜ਼ਮਹੂਰੀ ਪਾਰਟੀਆਂ, ਜੱਥੇਬੰਦੀਆਂ ਅਤੇ ਵਿਅਕਤੀਆਂ ਨੂੰ ਪੰਜਾਬ ਭਰ 'ਚ 27 ਫਰਵਰੀ ਨੂੰ ਵਿਰੋਧ ਪ੍ਰਦਰਸ਼ਨ ਵਿੱਚ ਵੱਧ-ਚੜ੍ਹਕੇ ਹਿੱਸਾ ਲੈਣ ਦੀ ਅਪੀਲ ਕੀਤੀ ਗਈ ਹੈ ਤਾਂ ਜੋ ਆਰ ਐਸ ਐਸ-ਭਾਜਪਾ ਦੇ ਫਾਸ਼ੀ ਹਮਲਿਆਂ ਦੇ ਵਿਰੋਧ ਦਾ ਹਿੱਸਾ ਬਣ ਸਕੀਏ।

ਪੰਜਾਬ ਦੇ ਵਪਾਰ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਵਾਂਗੇ : ਸੌਂਦ

ਚੰਡੀਗੜ੍ਹ, (ਗੁਰਜੀਤ ਬਿੱਲਾ)— ਪੰਜਾਬ ਦੇ ਉਦਯੋਗ ਤੇ ਵਣਜ ਅਤੇ ਪੂੰਜੀ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਨਿਵੇਕਲੀ ਪਹਿਲ ਕਰਦਿਆਂ ਵੱਖ-ਵੱਖ ਖੇਤਰਾਂ ਦੇ ਉਦਯੋਗਪਤੀਆਂ ਅਤੇ ਉੱਦਮੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਨਾਲ ਇਸ ਗੱਲ ਉੱਤੇ ਸਲਾਹ ਮਸ਼ਵਰਾ ਕੀਤਾ ਗਿਆ ਕਿ ਪੰਜਾਬ ਦੇ ਵਪਾਰ ਅਤੇ ਪੰਜਾਬ ਵਿੱਚ ਬਣਨ ਵਾਲੇ ਖਾਸ ਉਤਪਾਦਾਂ ਨੂੰ ਕਿਸ ਤਰ੍ਹਾਂ ਕੌਮਾਂਤਰੀ ਨਕਸ਼ੇ 'ਤੇ ਲਿਆਂਦਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਤਾਂ ਹੀ ਸੰਭਵ ਹੈ ਜੇਕਰ ਇੱਥੋਂ ਦੇ ਉਦਯੋਗ ਤੇ ਵਪਾਰ ਪ੍ਰਫੁੱਲਤ ਹੋਣਗੇ। ਉਨ੍ਹਾਂ ਕਿਹਾ ਕਿ ਅਜਿਹੇ ਬਹੁਤ ਸਾਰੇ ਉਤਪਾਦ ਪੰਜਾਬ ਵਿੱਚ ਬਣਾਏ ਜਾਂਦੇ ਹਨ ਜਿਨ੍ਹਾਂ ਨੂੰ ਕੌਮੀ ਅਤੇ ਕੌਮਾਂਤਰੀ ਪੱਧਰ ਉੱਤੇ ਖਾਸ ਪਹਿਚਾਣ ਮਿਲ ਸਕਦੀ ਹੈ। ਪੰਜਾਬ ਦੀ ਫੁਲਕਾਰੀ, ਪੰਜਾਬੀ ਜੁੱਤੀ, ਸਾਈਕਲ ਉਦਯੋਗ, ਕਈ ਖਾਣੇ ਆਦਿ ਦੀ ਚੰਗੀ ਤਰ੍ਹਾਂ ਮਾਰਕੀਟਿੰਗ ਕਰਕੇ ਵਿਸ਼ਵ ਪੱਧਰ ਉੱਤੇ ਵਪਾਰ ਵਧਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਉਦਯੋਗਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਸਨਅਤਕਾਰਾਂ ਦੀ ਹਰ ਪੱਖੋਂ ਮਦਦ ਕਰਨ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਬੇਹਤਰ ਮਾਰਕੀਟਿੰਗ ਅਤੇ ਵਿਸ਼ਵ ਪੱਧਰੀ ਨੁਮਾਇਸ਼ ਕੇਂਦਰ ਖੋਲ੍ਹਣ ਨਾਲ ਪੰਜਾਬ ਦੇ ਉਤਪਾਦਾਂ ਨੂੰ ਕੌਮਾਂਤਰੀ ਪੱਧਰ ਉੱਤੇ ਪਹੁੰਚਦਾ ਕੀਤਾ ਜਾ ਸਕਦਾ ਹੈ। ਆਨਲਾਈਨ ਵਿਕਰੀ ਉੱਤੇ ਵੀ ਜ਼ੋਰ ਦਿੱਤਾ ਗਿਆ। ਉਦਯੋਗਾਂ ਦੀ ਪ੍ਰਫੁੱਲਤਾ ਲਈ ਇਸ ਮੌਕੇ ਹੋਰ ਵੀ ਬਹੁਤ ਸਾਰੇ ਸੁਝਾਅ ਦਿੱਤੇ ਗਏ। ਉਦਯੋਗ ਮੰਤਰੀ ਨੇ ਖੁਦ ਸਾਰੀਆਂ ਸਲਾਹਾਂ ਨੋਟ ਕੀਤੀਆਂ ਅਤੇ ਇਨ੍ਹਾਂ ਬਾਰੇ ਮੁੱਖ ਮੰਤਰੀ ਅਤੇ ਸਬੰਧਤ ਵਿਭਾਗਾਂ ਨਾਲ ਵਿਚਾਰ ਕੇ ਸਾਰਥਕ ਸਿੱਟੇ ਦੇਣ ਦਾ ਭਰੋਸਾ ਦਿੱਤਾ। ਮੀਟਿੰਗ ਵਿੱਚ ਉਦਯੋਗ ਵਿਭਾਗ ਦੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ, ਇਨਵੈਸਟ ਪੰਜਾਬ ਦੇ ਸੀਈਓ ਅਮਿਤ ਢਾਕਾ, ਪੀਐਸਆਈਈਸੀ ਦੇ ਐਮਡੀ ਵਰਿੰਦਰ ਕੁਮਾਰ ਸ਼ਰਮਾ, ਪੰਜਾਬ ਵਿਕਾਸ ਕਮਿਸ਼ਨ ਦੇ ਵਾਈਸ ਚੇਅਰਪਰਸਨ ਸੀਮਾ ਬਾਂਸਲ ਤੇ ਮੈਂਬਰ ਵੈਭਵ ਮਹੇਸ਼ਵਰੀ, ਉਦਯੋਗ ਵਿਭਾਗ ਦੇ ਹੋਰ ਉੱਚ ਅਧਿਕਾਰੀ ਅਤੇ ਵੱਖ-ਵੱਖ ਸਨਅਤੀ ਫੈਡਰੇਸ਼ਨਾਂ, ਚੈਂਬਰਾਂ ਦੇ ਨੁਮਾਇੰਦੇ ਅਤੇ ਨਾਮੀਂ ਉਦਯੋਗਪਤੀ ਹਾਜ਼ਰ ਸਨ।

ਵਧੀਕ ਮੁੱਖ ਚੋਣ ਅਫ਼ਸਰ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ

ਨਵਾਂਸ਼ਹਿਰ, (ਮਨੋਜ ਲਾਡੀ)- ਵਧੀਕ ਮੁੱਖ ਚੋਣ ਅਫਸਰ ਪੰਜਾਬ ਹਰੀਸ਼ ਨਈਅਰ ਵੱਲੋਂ ਨਵਾਂਸ਼ਹਿਰ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਜ਼ਿਲ੍ਹੇ ਵਿਚ ਪੈਂਦੇ ਤਿੰਨ ਵਿਧਾਨ ਸਭਾ ਚੋਣ ਹਲਕਿਆਂ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਬੂਥ ਲੈਵਲ ਏਜੰਟ ਨਿਯੁਕਤ ਕਰਨ ਲਈ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਹਦਾਇਤ ਕੀਤੀ ਕਿ ਜ਼ਿਲ੍ਹੇ ਦੀਆਂ ਸਮੂਹ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕਰਕੇ ਆਪਣੇ- ਆਪਣੇ ਚੋਣ ਹਲਕੇ ਵਿਚ ਬੂਥ ਲੈਵਲ ਏਜੰਟ ਨਿਯੁਕਤ ਕਰਨ ਲਈ ਕਿਹਾ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਆਮ ਜਨਤਾ ਦੀ ਜਾਗਰੂਕਤਾ ਲਈ ਸਵੀਪ ਗਤੀਵਿਧੀਆਂ ਲਗਾਤਾਰ ਜਾਰੀ ਰੱਖੀਆਂ ਜਾਣ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਜ਼ਿਲ੍ਹਾ ਪੱਧਰ 'ਤੇ ਵੋਟਿੰਗ ਮਸ਼ੀਨਾਂ ਰੱਖਣ ਲਈ ਬਣਾਏ ਗਏ ਵੇਅਰ ਹਾਊਸ ਦਾ ਨਿਰੀਖਣ ਵੀ ਕੀਤਾ ਗਿਆ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ, ਐਸ.ਡੀ.ਐਮ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ, ਚੋਣ ਤਹਿਸੀਲਦਾਰ ਪਲਵਿੰਦਰ ਸਿੰਘ, ਚੋਣ ਕਾਨੂੰਗੋ ਦਲਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਹਾਜਰ ਸਨ।

ਅੰਤਰਰਾਸ਼ਟਰੀ ਦਿਵਿਆਂਗਤਾ ਦਿਵਸ ਮਨਾਇਆ

ਜਲੰਧਰ, (ਸੁਰਿੰਦਰ ਕੁਮਾਰ)- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਸਥਾਨਕ ਦਿਵਿਆਂਗ ਰੈਡ ਕਰਾਸ ਸਕੂਲ ਮਕਸੂਦਾਂ ਵਿਖੇ 'ਅੰਤਰਰਾਸ਼ਟਰੀ ਦਿਵਿਆਂਗਤਾ ਦਿਵਸ' ਮਨਾਇਆ ਗਿਆ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮਨਜਿੰਦਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ ਪ੍ਰੋਗਰਾਮ ਦੌਰਾਨ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜ ਵਿੱਚ ਪੂਰੇ ਸਨਮਾਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਗਿਆ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਆਪਣੇ ਸੰਬੋਧਨ ਵਿੱਚ ਕਿਹਾ ਕਿ ਦਿਵਿਆਂਗ ਬੱਚੇ ਕਿਸੇ ਵੀ ਤਰ੍ਹਾਂ ਆਮ ਬੱਚਿਆਂ ਨਾਲੋਂ ਘੱਟ ਨਹੀਂ ਹਨ ਅਤੇ ਜੇਕਰ ਇਨ੍ਹਾਂ ਨੂੰ ਪੂਰਾ ਸਹਿਯੋਗ ਅਤੇ ਹੱਲਾਸ਼ੇਰੀ ਦਿੱਤੀ ਜਾਵੇ, ਤਾਂ ਇਹ ਕਿਸੇ ਵੀ ਮੁਕਾਮ ਨੂੰ ਹਾਸਲ ਕਰ ਸਕਦੇ ਹਨ। ਉਨ੍ਹਾਂ ਸਰਕਾਰ ਵੱਲੋਂ ਦਿਵਿਆਂਗਜਨਾਂ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਵੀ ਦਿੱਤੀ। ਉਪਰੰਤ ਸਕੂਲ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਬੱਚਿਆਂ ਨੂੰ ਰਿਫਰੈਸਮੈਂਟ ਦਿੱਤੀ ਗਈ। ਇਸ ਮੌਕੇ ਦਿਵਿਆਂਗ ਵਿਅਕਤੀਆਂ ਦੀ ਭਲਾਈ ਲਈ ਕੰਮ ਕਰ ਰਹੀ ਸੰਸਥਾ ਸਕਸ਼ਮ ਦੇ ਜਨਰਲ ਸਕੱਤਰ ਦੀਪਿਕਾ ਸੂਦ ਨੂੰ ਵੀ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸੁਪਰਡੰਟ ਨਿਰਮਲ ਕੌਰ, ਸੀਨੀਅਰ ਸਹਾਇਕ ਗੁਰਿੰਦਰ ਸਿੰਘ, ਰੈੱਡ ਕਰਾਸ ਸਕੂਲ ਦੇ ਪ੍ਰਿੰਸੀਪਲ ਪੁਸ਼ਪਿੰਦਰ ਨਾਥ ਸ਼ਰਮਾ ਅਤੇ ਸਟਾਫ਼ ਵੀ ਮੌਜੂਦ ਸੀ।

ਪੰਜਾਬ ਰਾਜ ਭਵਨ ਵਿਖੇ ਮਨਾਇਆ ਮਿਜ਼ੋਰਮ ਤੇ ਅਰੁਣਾਚਲ ਪ੍ਰਦੇਸ਼ ਦਾ ਸਥਾਪਨਾ ਦਿਵਸ

ਜ਼ੀਰਕਪੁਰ, (ਕ੍ਰਿਸ਼ਨ ਗਰਗ) ਪੰਜਾਬ ਰਾਜ ਭਵਨ ਵਿਖੇ ਮਿਜ਼ੋਰਮ ਅਤੇ ਅਰੁਣਾਚਲ ਪ੍ਰਦੇਸ਼ ਸਥਾਪਨਾ ਦਿਵਸ ਮਨਾਇਆ ਗਿਆ।ਇਨ੍ਹਾਂ ਜਸ਼ਨਾਂ ਨੇ ਭਾਰਤ ਦੀ ਵਿਭਿੰਨ ਸੱਭਿਆਚਾਰਕ ਵਿਰਾਸਤ ਨੂੰ ਇੱਕ ਸਾਂਝੇ ਪਲੇਟਫਾਰਮ 'ਤੇ ਲਿਆਉਣ ਅਤੇ 'ਏਕ ਭਾਰਤ, ਸ਼ਰੇਸ਼ਠ ਭਾਰਤ' ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਮੌਕਾ ਪ੍ਰਦਾਨ ਕੀਤਾ।ਸਮਾਗਮ ਦੌਰਾਨ ਮਿਜ਼ੋਰਮ ਅਤੇ ਅਰੁਣਾਚਲ ਪ੍ਰਦੇਸ਼ ਦੀਆਂ ਜੀਵੰਤ ਰਹੁ-ਰੀਤਾਂ ਅਤੇ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦੀਆਂ ਵੱਖ-ਵੱਖ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਉਨ੍ਹਾਂ ਦੀ ਧਰਮਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਆਪਣੇ ਸੰਬੋਧਨ ਵਿੱਚ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਦੋਵਾਂ ਰਾਜਾਂ ਦੀਆਂ ਸੱਭਿਆਚਾਰਕ, ਭੂਗੋਲਿਕ ਅਤੇ ਇਤਿਹਾਸਕ ਵਿਸ਼ੇਸ਼ਤਾਵਾਂ 'ਤੇ ਚਾਨਣਾ ਪਾਇਆ ਅਤੇ ਕਿਹਾ ਕਿ ਅਜਿਹੇ ਸਮਾਗਮ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਹਨ।ਪ੍ਰੋਗਰਾਮ ਦੌਰਾਨ, ਦੋਵਾਂ ਰਾਜਾਂ ਨਾਲ ਸਬੰਧਤ ਦਸਤਾਵੇਜ਼ੀ ਫਿਲਮਾਂ ਦਿਖਾਈਆਂ ਗਈਆਂ, ਜਿਸ ਨਾਲ ਲੋਕਾਂ ਨੂੰ ਇਨ੍ਹਾਂ ਰਾਜਾਂ ਦੇ ਸੱਭਿਆਚਾਰਕ ਅਤੇ ਇਤਿਹਾਸਕ ਇਤਿਹਾਸ ਤੋਂ ਜਾਣੂ ਹੋਣ ਦਾ ਮੌਕਾ ਮਿਲਿਆ।ਪ੍ਰੋਗਰਾਮ ਵਿੱਚ ਚੰਡੀਗੜ੍ਹ ਦੇ ਮੇਅਰ ਸ਼੍ਰੀਮਤੀ ਹਰਪ੍ਰੀਤ ਕੌਰ ਬਬਲਾ, ਮੁੱਖ ਸਕੱਤਰ ਸ਼੍ਰੀ ਰਾਜੀਵ ਵਰਮਾ, ਰਾਜਪਾਲ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਕੇ. ਸਿਵਾ ਪ੍ਰਸਾਦ, ਰਾਜਪਾਲ ਦੇ ਪ੍ਰਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ, ਡੀਜੀਪੀ ਚੰਡੀਗੜ੍ਹ ਸ਼੍ਰੀ ਸੁਰੇਂਦਰ ਸਿੰਘ ਯਾਦਵ, ਸਿੱਖਿਆ ਸਕੱਤਰ ਸ਼੍ਰੀਮਤੀ ਪ੍ਰੇਰਨਾ ਪੁਰੀ, ਸਿਹਤ ਸਕੱਤਰ ਸ਼੍ਰੀ ਅਜੈ ਚਗਤੀ, ਪ੍ਰਸ਼ਾਸਕ ਦੇ ਵਿਸ਼ੇਸ਼ ਸਕੱਤਰ ਸ਼੍ਰੀ ਅਭਿਜੀਤ ਵਿਜੇ ਚੌਧਰੀ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਵਿੱਤੀ ਸਾਖਰਤਾ ਤੇ ਕਰੀਅਰ ਜਾਗਰੂਕਤਾ 'ਤੇ ਦੋ ਦਿਨਾਂ ਵਰਕਸ਼ਾਪ

ਜਲੰਧਰ (ਸ਼ੈਲੀ ਐਲਬਰਟ)- ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਟਿਊਸ਼ਨਜ਼ ਦੇ ਸਕੂਲ ਆਫ ਮੈਨੇਜਮੈਂਟ ਵੱਲੋਂ ਅਕਾਦਮਿਕ ਕਮੇਟੀ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੀ ਵਿੱਤੀ ਸਮਝ ਅਤੇ ਵਿੱਤੀ ਖੇਤਰ ਵਿੱਚ ਕਰੀਅਰ ਦੇ ਮੌਕਿਆਂ ਨੂੰ ਵਧਾਉਣ ਲਈ ਵਿੱਤੀ ਸਾਖਰਤਾ ਅਤੇ ਕਰੀਅਰ ਜਾਗਰੂਕਤਾ ਉੱਤੇ ਦੋ ਦਿਨਾਂ ਦੀ ਵਰਕਸ਼ਾਪ ਆਯੋਜਿਤ ਕੀਤੀ ਗਈ। ਇਹ ਪਹਿਲ ਟਿਕਾਊ ਵਿਕਾਸ ਲਕਸ਼ (ਐਸ ਡੀ ਜੀ 4) - ਗੁਣਵੱਤਾ ਯੁਕਤ ਸਿੱਖਿਆ ਦੇ ਅਨੁਕੂਲ ਸੀ, ਜੋ ਵਿਦਿਆਰਥੀਆਂ ਨੂੰ ਅਹਿਮ ਵਿੱਤੀ ਗਿਆਨ ਅਤੇ ਕਰੀਅਰ ਤਿਆਰੀ ਪ੍ਰਦਾਨ ਕਰਨ ਲਈ ਸੰਕਲਪਬੱਧਤਾ ਨੂੰ ਦਰਸਾਉਂਦੀ ਹੈ।ਇਸ ਵਰਕਸ਼ਾਪ ਵਿੱਚ ਐਸ ਈ ਬੀ ਆਈ ਦੀ ਸੁਰੱਖਿਆ ਮਾਰਕਿਟ ਟਰੇਨਰ ਅਨੀਤਾ ਸੈਣੀ ਅਤੇ ਐਨ ਆਈ ਐਸ ਐਮ ਦੇ ਸਰਟੀਫਾਈਡ ਟਰੇਨਰ ਨਾਗੇਸ਼ ਕੁਮਾਰ ਨੇ ਵਿਸ਼ੇਸ਼ ਸੈਸ਼ਨਾਂ ਦੀ ਅਗਵਾਈ ਕੀਤੀ।ਉਨ੍ਹਾਂ ਨੇ ਨਿਵੇਸ਼ ਯੋਜਨਾ, ਪੋਰਟਫੋਲੀਓ ਵੱਖ-ਵੱਖਤਾ, ਵਿੱਤੀ ਲਕਸ਼ ਨਿਰਧਾਰਨ, ਮਿਊਚੁਅਲ ਫੰਡ, ਸ਼ੇਅਰ ਬਾਜ਼ਾਰ ਦੇ ਰੁਝਾਨ, ਅਤੇ ਜੋਖਮ ਪ੍ਰਬੰਧਨ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ। ਵਿਦਿਆਰਥੀਆਂ ਨੂੰ ਵਿੱਤੀ ਖੇਤਰ ਵਿੱਚ ਕਰੀਅਰ ਦੀਆਂ ਸੰਭਾਵਨਾਵਾਂ, ਪੇਸ਼ੇਵਰ ਪ੍ਰਮਾਣ ਪੱਤਰਾਂ ਦੀ ਮਹੱਤਤਾ ਅਤੇ ਨਿਵੇਸ਼ ਧੋਖਾਧੜੀ ਤੋਂ ਬਚਣ ਦੇ ਤਰੀਕਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਹ ਸੈਸ਼ਨ ਪੂਰੀ ਤਰ੍ਹਾਂ ਅੰਤਰ ਕਿਰਿਆਤਮਕ (ਇੰਟਰਐਕਟਿਵ) ਸਨ, ਜਿਸ ਵਿੱਚ ਅਸਲ ਜੀਵਨ

22-FEB-PAGE-10.qxd 2/21/2025 11:03 PM Page 1

ਨਸ਼ਾ ਮੁਕਤ ਪੰਜਾਬ ਦੇ ਸੰਕਲਪ ਲਈ ਪੁਲਸ ਦੇ ਖੇਡ ਟੂਰਨਾਮੈਂਟ ਦੀ ਟੀ ਸ਼ਰਟ ਜਾਰੀ

ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਜ਼ਿਲ੍ਹਾ ਪੁਲਸ ਮੁਖੀ ਸ੍ਰੀ ਤੁਸ਼ਾਰ ਗੁਪਤਾ ਆਈ ਪੀ ਐਸ ਐਸ ਐਸ ਪੀ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਸ਼ਾਮਲ ਹੋਣ ਦਾ ਸੁਨੇਹਾ ਦਿੰਦੇ ਹੋਏ ਵਾਲੀਬਾਲ ਸ਼ੂਟਿੰਗ (ਕੱਚੀ) ਖੇਡ ਮੁਕਾਬਲੇ ਕਰਾਏ ਜਾ ਰਹੇ ਹਨ, ਜਿਸ ਤਹਿਤ ਖਿਡਾਰੀਆਂ ਲਈ ਖੇਡ ਟੀ-ਸ਼ਰਟ ਜਾਰੀ ਕਰਦੇ ਹੋਏ ਐਸ.ਐਸ.ਪੀ ਨੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਟੂਰਨਾਮੈਂਟ ਵਿੱਚ ਭਾਗ ਲੈਣ ਤੇ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਵੱਧ ਤੋਂ ਵੱਧ ਇਸ ਟੂਰਨਾਮੈਂਟ ਵਿੱਚ ਆਉਣ ਦੇ ਲਈ ਅਪੀਲ ਕੀਤੀ ਹੈ।ਇਸ ਮੌਕੇ ਮਨਮੀਤ ਸਿੰਘ ਢਿੱਲੋਂ ਐਸ ਪੀ (ਡੀ), ਮਨਵਿੰਦਰ ਬੀਰ ਸਿੰਘ ਐਸ.ਪੀ. (ਪੀਬੀਆਈ), ਅਵਤਾਰ ਸਿੰਘ ਰਾਜਪਾਲ ਡੀ ਐਸ ਪੀ ਗਿੰਦੜਬਾਹਾ, ਅਮਨਦੀਪ ਸਿੰਘ ਡੀਐਸਪੀ (ਐਚ), ਸ੍ਰੀ ਨਵੀਨ ਕੁਮਾਰ ਡੀ ਐਸ ਪੀ, ਇੰਸਪੈਕਟਰ ਗੁਰਵਿੰਦਰ ਸਿੰਘ, ਰੀਡਰ ਅਜੀਤ ਪਾਲ ਸਿੰਘ, ਏ ਐਸ ਆਈ ਤਰਸੇਮ ਸਿੰਘ, ਐਸਆਈ ਸੁਖਦੇਵ ਸਿੰਘ, ਹੌਲਦਾਰ ਜਗਦੀਪ ਸਿੰਘ ਹਾਜ਼ਰ ਸਨ।ਐਸ.ਐਸ.ਪੀ ਨੇ ਦੱਸਿਆ ਕਿ 21 ਫਰਵਰੀ ਤੋਂ ਵਾਲੀਬਾਲ ਟੂਰਨਾਮੈਂਟ, ਖੇਡ ਗਰਾਊਂਡ ਪਿੰਡ ਸੰਗੂ ਧੌਣ ਵਿਖੇ ਸ਼ੁਰੂ ਹੋ ਰਹੇ ਹਨ।ਉਨ੍ਹਾਂ ਦੱਸਿਆ ਕਿ ਹੁਣ ਤੱਕ ਸ਼੍ਰੀ ਮੁਕਤਸਰ ਸਾਹਿਬ ਦੇ ਅਲੱਗ-ਅਲੱਗ ਪਿੰਡਾਂ ਵਿੱਚੋਂ ਤਕਰੀਬਨ 100 ਦੇ ਨੇੜੇ ਟੀਮਾਂ ਵੱਲੋਂ ਰਜਿਸਟ੍ਰੇਸ਼ਨ ਹੋ ਚੁੱਕੀ ਹੈ।ਫਾਈਨਲ 23 ਤਰੀਕ ਨੂੰ ਹੋਵੇਗਾ, ਜਿਸ 'ਤੇ ਪਹਿਲੀਆਂ ਛੇ ਜੇਤੂ ਟੀਮਾਂ ਨੂੰ ਇਨਾਮ ਮਿਲੇਣਗੇ।ਇਸ ਤੋਂ ਇਲਾਵਾ ਪਾਰਟੀਸਪੇਟ ਕਰਨ ਵਾਲੀ ਹਰ ਟੀਮ ਨੂੰ ਮੈਡਲ ਨਾਲ ਸਨਮਾਨਤ ਕੀਤਾ ਜਾਵੇਗਾ।

ਵਿਧਾਇਕ ਬੱਗਾ ਵੱਲੋਂ ਵਾਰਡ ਨੰਬਰ 86 'ਚ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ

ਲੁਧਿਆਣਾ (ਰਾਜ ਸਿੰਗਲਾ)-ਹਲਕੇ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਉਣ ਦੇ ਮੰਤਵ ਨਾਲ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵਲੋਂ ਵਾਰਡ ਨੰਬਰ 86 ਵਿਖੇ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ।ਇਸ ਪ੍ਰੋਜੈਕਟ ਤਹਿਤ ਕਰੀਬ 42 ਲੱਖ ਰੁਪਏ ਖਰਚ ਕੀਤੇ ਜਾਣਗੇ।ਵਿਧਾਇਕ ਬੱਗਾ ਨੇ ਕਿਹਾ ਕਿ ਹਲਕੇ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ, ਲਗਾਤਾਰ ਵਿਕਾਸ ਕਾਰਜ ਜਾਰੀ ਹਨ ਅਤੇ ਪੰਜਾਬ ਸਰਕਾਰ ਵੱਲੋਂ ਗਰਾਂਟਾ ਦੇ ਗੱਫੇ ਜਾਰੀ ਕੀਤੇ ਜਾ ਰਹੇ ਹਨ।ਉਨ੍ਹਾਂ ਨਾਲ ਨਿਗਮ ਕੌਂਸਲਰ ਮਨਜੀਤ ਸਿੰਘ ਢਿੱਲੋ, ਕੌਂਸਲਰ ਅਮਨ ਬੱਗਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।ਉਨ੍ਹਾਂ ਅੱਗੇ ਕਿਹਾ ਕਿ ਇਹ ਸੜਕਾਂ ਪਿਛਲੇ ਕਈ ਸਾਲਾਂ ਤੋਂ ਖਸਤਾ ਹਾਲਤ ਵਿੱਚ ਸਨ, ਜਿਸ ਕਾਰਨ ਇਲਾਕਾ ਨਿਵਾਸੀਆਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ ਆਵਾਜਾਈ ਸੁਖਾਵੀਂ ਹੋਵੇਗੀ।ਵਿਧਾਇਕ ਬੱਗਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਖੁਦ ਵੀ ਵਿਕਾਸ ਕਾਰਜਾਂ ਨੂੰ ਲੈ ਕੇ ਬਹੁਤ ਗੰਭੀਰ ਹਨ, ਉਹ ਕਿਸੇ ਵੀ ਵਿਕਾਸ ਪ੍ਰੋਜੈਕਟ ਨੂੰ ਬਿਨਾਂ ਕਿਸੇ ਅੜਚਣ ਤੋਂ ਪ੍ਰਵਾਨਗੀ ਦਿੰਦੇ ਹੋਏ ਤੁਰੰਤ ਸ਼ੁਰੂ ਕਰਨ ਲਈ ਹਰੀ ਝੰਡੀ ਦਿੰਦੇ ਹਨ।ਇਹੀ ਕਾਰਨ ਹੈ ਕਿ ਵਿਧਾਨ ਸਭਾ ਹਲਕਾ ਉੱਤਰੀ ਦੀਆਂ ਸੜਕਾਂ ਦੀ ਦਸ਼ਾ ਪੂਰੀ ਤਰਾਂ ਬਦਲ ਗਈ ਹੈ।ਉਨ੍ਹਾਂ ਕਿਹਾ ਕਿ ਸੜਕਾਂ ਦੀ ਮੁਰੰਮਤ ਨਾਲ ਸੜਕੀ ਹਾਦਸਿਆਂ 'ਤੇ ਵੀ ਠੱਲ ਪਵੇਗੀ ਤੇ ਵਿਕਾਸ ਦਾ ਰਾਹ ਪੱਧਰਾ ਹੋਵੇਗਾ।

ਸਾਈਬਰ ਖਤਰਿਆਂ ਪ੍ਰਤੀ ਜਾਗਰੂਕ ਕਰਨ ਲਈ ਲਾਇਆ ਗਿਆ ਜਾਗਰੂਕਤਾ ਸੈਮੀਨਾਰ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਡਾ. ਪ੍ਰਿਗਿਆ ਜੈਨ, ਐਸ.ਐਸ.ਪੀ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਸਾਈਬਰ ਠੱਗੀ ਤੇ ਡਿਜੀਟਲ ਅਪਰਾਧਾਂ ਵਿਰੁੱਧ ਮੁਹਿਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ।ਪੁਲਸ ਵੱਲੋਂ ਨਾ ਸਿਰਫ਼ ਸਾਈਬਰ ਅਪਰਾਧਾਂ ਨੂੰ ਰੋਕਣ ਲਈ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਬਲਕਿ ਪਿੰਡਾਂ, ਸ਼ਹਿਰਾਂ, ਮੁਹੱਲਿਆਂ, ਕਸਬਿਆਂ, ਸਕੂਲਾਂ, ਕਾਲਜਾਂ ਤੇ ਹੋਰ ਜਨਤਕ ਸਥਾਨਾਂ 'ਤੇ ਜਾ ਕੇ ਲੋਕਾਂ ਨੂੰ ਸਾਈਬਰ ਅਪਰਾਧਾਂ ਬਾਰੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ।ਇਸ ਕੜੀ ਵਿੱਚ ਸ਼੍ਰੀ ਰਾਜ ਕੁਮਾਰ, ਡੀ.ਐਸ.ਪੀ (ਹੋਮਸਾਈਡ ਐਂਡ ਫੋਰੈਂਸਿਕ), ਫਰੀਦਕੋਟ ਦੇ ਦਿਸ਼ਾ-ਨਿਰਦੇਸ਼ ਹੇਠ ਥਾਣਾ ਸਾਈਬਰ ਕ੍ਰਾਈਮ ਫਰੀਦਕੋਟ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਫਰੀਦਕੋਟ ਵਿਖੇ ਇੱਕ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ, ਅਧਿਆਪਕਾਂ ਤੇ ਨਾਗਰਿਕਾਂ ਨੂੰ ਸਾਈਬਰ ਅਪਰਾਧਾਂ ਦੇ ਖਤਰਿਆਂ ਤੇ ਉਨ੍ਹਾਂ ਤੋਂ ਬਚਣ ਦੇ ਉਪਾਅ ਬਾਰੇ ਜਾਣਕਾਰੀ ਦੇਣਾ ਸੀ।ਸੈਮੀਨਾਰ ਦੌਰਾਨ ਸਾਈਬਰ ਕਰਾਈਮ ਦੇ ਵੱਖ-ਵੱਖ ਪਹਿਲੂਆਂ ਜਿਵੇਂ ਕਿ ਔਨਲਾਈਨ ਠੱਗੀ, ਡਿਜੀਟਲ ਜਾਸੂਸੀ, ਸੋਸ਼ਲ ਮੀਡੀਆ ਹੈਕਿੰਗ ਤੇ ਫਿਸ਼ਿੰਗ ਜੈਸੇ ਖਤਰਿਆਂ ਬਾਰੇ ਵਿਸਤਾਰ ਵਿੱਚ ਜਾਣਕਾਰੀ ਸਾਂਝੀ ਕੀਤੀ ਗਈ।ਵਿਦਿਆਰਥੀਆਂ ਅਤੇ ਹਾਜ਼ਰੀਨ ਨੂੰ ਸੁਰੱਖਿਅਤ ਆਨਲਾਈਨ ਟਰਾਂਜੈਕਸ਼ਨ ਕਰਨ, ਪਾਸਵਰਡ ਮੈਨੇਜਮੈਂਟ, ਅਤੇ ਨਿੱਜੀ ਜਾਣਕਾਰੀ ਨੂੰ ਸੁਰੱਖਿਅਤ ਰੱਖਣ ਦੇ ਆਸਾਨ ਤਰੀਕੇ ਸਮਝਾਏ ਗਏ। ਇਸ ਦੇ ਨਾਲ ਹੀ, ਉਦਾਹਰਣਾਂ ਦੀ ਮਦਦ ਨਾਲ ਸਾਈਬਰ ਅਪਰਾਧਾਂ ਦੇ ਪਹਿਲੂ ਅਤੇ ਉਨ੍ਹਾਂ ਤੋਂ ਬਚਣ ਦੇ ਤਰੀਕਿਆਂ ਬਾਰੇ ਵਿਸਤਾਰ ਵਿੱਚ ਜਾਣਕਾਰੀ ਦਿੱਤੀ ਗਈ।

ਗੁਰੂ ਦੀ ਕਾਸ਼ੀ ਵਿਖੇ ਕਵੀਸ਼ਰੀ ਦਰਬਾਰ ਤੇ ਸਨਮਾਨ ਸਮਾਰੋਹ ਕਰਵਾਇਆ

ਤਲਵੰਡੀ ਸਾਬੋ (ਜਗਦੀਪ ਗਿੱਲ)-ਗੁਰੂ ਦੀ ਕਾਸ਼ੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸਾਹਿਤ ਤੇ ਕਵੀਸ਼ਰੀ ਦੀ ਸੇਵਾ ਕਰ ਰਹੀ ਪ੍ਰਸਿੱਧ ਸੰਸਥਾ ਗੁਰੂ ਕਾਸ਼ੀ ਸਾਹਿਤ ਸਭਾ ਤੇ ਕਵੀਸ਼ਰੀ ਵਿਕਾਸ ਮੰਚ ਵੱਲੋਂ ਇੱਕ ਕਵੀਸ਼ਰੀ ਦਰਬਾਰ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ।ਇਹ ਕਵੀਸ਼ਰੀ ਦਰਬਾਰ ਸਥਾਨਕ ਸੰਗਤ ਰੋਡ 'ਤੇ ਸਥਿਤ ਮਿੰਨੀ ਚੱਠਾ ਪੈਲਸ ਵਿਖੇ ਹੋਇਆ, ਜਿਸ ਵਿੱਚ ਮਾਲਵੇ ਦੇ ਪ੍ਰਸਿੱਧ ਕਵੀਸ਼ਰ ਮਿੱਠੂ ਸਿੰਘ ਲੌਂਗੋਵਾਲ, ਰਾਜਵਿੰਦਰ ਸਿੰਘ ਮੱਲੀ, ਲਾਭ ਸਿੰਘ ਉੱਭਾ, ਕੰਰ ਖਾਨ ਬਾਲਿਆਂਵਾਲੀ, ਅਮੀ ਚੰਦ ਸੇਮਾ ਤੇ ਨਛੱਤਰ ਸਿੰਘ ਮਹਿਮਾ ਦੇ ਕਵੀਸ਼ਰੀ ਜਥਿਆਂ ਨੇ ਆਈਆਂ ਸੰਗਤਾਂ ਦਾ ਭਰਪੂਰ ਮਨੋਰੰਜਨ ਕੀਤਾ।ਇਨ੍ਹਾਂ ਤੋਂ ਇਲਾਵਾ ਰਾਸ਼ਟਰਪਤੀ ਐਵਾਰਡ ਜੇਤੂ ਮਾਸਟਰ ਰੇਵਤੀ ਪ੍ਰਸਾਦ ਸ਼ਰਮਾ, ਬਾਬਾ ਦਰਸ਼ਨ ਸਿੰਘ ਚੱਠਾ, ਭਾਈ ਮਾਨ ਸਿੰਘ ਲਿਖਾਰੀ, ਗੁਰਪ੍ਰੀਤ ਸਿੰਘ ਢਾਡੀ, ਪ੍ਰਿੰਸੀਪਲ ਸੁਖਰਾਜ ਸਿੰਘ ਸੰਦੋਹਾ, ਬਿੰਦਰ ਸਿੰਘ ਯਮਲਾ, ਮਿਨੀ ਮਾਣਕ ਆਦਿ ਨੇ ਵੀ ਆਪੋ ਆਪਣੀ ਕਵੀਸ਼ਰੀ ਸੁਣਾ ਕੇ ਜਸ ਖੱਟਿਆ।ਗੁਰੂ ਕਾਸ਼ੀ ਸਾਹਿਤ ਸਭਾ ਦੇ ਪ੍ਰਧਾਨ ਬਾਬਾ ਦਰਸ਼ਨ ਸਿੰਘ ਚੱਠਾ ਤੇ ਕਵੀਸ਼ਰੀ ਵਿਕਾਸ ਮੰਚ ਦੇ ਪ੍ਰਧਾਨ ਮਾਸਟਰ ਰੇਵਤੀ ਪ੍ਰਸਾਦ ਸ਼ਰਮਾ ਤੇ ਸਮੂਹ ਅਹੁਦੇਦਾਰਾਂ ਨੇ ਸਤਵਰਤ ਸੂਫੀ ਤੇ ਨੰਦ ਸਿੰਘ ਕਵੀਸ਼ਰ ਦੇ ਪਰਿਵਾਰਾਂ ਨੂੰ ਲੋਈ, ਸਨਮਾਨ ਚਿੰਨ੍ਹ ਤੇ ਪੁਸਤਕਾਂ ਦੇ ਕੇ ਸਨਮਾਨਤ ਕੀਤਾ।ਸਭਾ ਵੱਲੋਂ ਬਾਹਰੋਂ ਆਏ ਹੋਏ ਕਵੀਸ਼ਰੀ ਜਥਿਆਂ ਦਾ ਵੀ ਮਾਣ ਸਨਮਾਨ ਕੀਤਾ ਗਿਆ।ਇਸ ਕਵੀਸ਼ਰੀ ਦਰਬਾਰ ਵਿੱਚ ਸਮਸ਼ੇਰ ਸਿੰਘ ਜਗ੍ਹਾ, ਅਮਰਦੀਪ ਸਿੰਘ ਡਿੱਖ, ਬਾਬਾ ਸ਼ੇਰ ਸਿੰਘ ਬੁੱਢਾ ਦਲ, ਬੀਹਲਾ ਸਿੰਘ ਗੋਦਾਰਾ, ਦਰਸ਼ਨ ਸਿੰਘ ਖਾਲਸਾ ਕੋਟ ਫੱਤਾ, ਫਲਰਾਜ ਸ਼ਰਮਾ, ਬੂਟਾ ਸਿੰਘ, ਸਰਬਜੀਤ ਸਿੰਘ, ਧਰਮਪਾਲ ਮਾਖਾ, ਰਵਿੰਦਰ ਕੁਮਾਰ ਸ਼ਰਮਾ, ਬਿੰਦਰ ਕੁਮਾਰ ਢਿੱਲਵਾਂ, ਜਗਸੀਰ ਸਿੰਘ ਪੀ ਪੀ, ਸੁਖਮੰਦਰ ਸਿੰਘ ਭਾਗੀਵਾਂਦਰ ਤੇ ਲਖਵਿੰਦਰ ਸ਼ਰਮਾ ਆਦਿ ਸ਼ਾਮਲ ਹੋਏ।ਸਟੇਜ ਸੈਕਟਰੀ ਦੀ ਸੇਵਾ ਦਰਸ਼ਨ ਭੰਮੇ ਵੱਲੋਂ ਨਿਭਾਈ ਗਈ।

ਬੱਚਿਆਂ ਨੂੰ ਨੈਤਿਕ ਸਿੱਖਿਆ ਦੇ ਗੁਣਾਂ ਤੋਂ ਜਾਣੂ ਕਰਵਾਇਆ

ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਨੈਤਿਕ ਸਿੱਖਿਆ ਦੇ ਗੁਣਾਂ ਤੋਂ ਜਾਣੂ ਕਰਵਾਇਆ ਗਿਆ।ਸਾਡਾ ਸਮਾਜਿਕ ਢਾਂਚਾ ਦਿਨ-ਬ-ਦਿਨ ਗੁੰਝਲਦਾਰ ਹੁੰਦਾ ਜਾ ਰਿਹਾ ਹੈ।ਇਸ 'ਚ ਉਪਭੋਗਤਾਵਾਦੀ ਪ੍ਰਵਿਰਤੀ ਭਾਰੂ ਹੁੰਦੀ ਜਾ ਰਹੀ ਹੈ ਤੇ ਨੈਤਿਕ ਕਦਰਾਂ ਕੀਮਤਾਂ ਮਨਫੀ ਹੋ ਰਹੀਆਂ ਹਨ। ਨੈਤਿਕ ਕਦਰਾਂ-ਕੀਮਤਾਂ ਇੱਕ ਨਰੋਏ ਸਮਾਜ ਦੀ ਸਿਰਜਣਾ ਲਈ ਬੇਹੱਦ ਜ਼ਰੂਰੀ ਹਨ।ਇਹ ਜ਼ਿੰਦਗੀ 'ਚ ਸਫਲਤਾ ਦੀ ਮੰਜ਼ਿਲ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਰੋਲ ਅਦਾ ਕਰਦੀਆਂ ਹਨ।ਵਿਦਿਆਰਥੀਆਂ ਨੂੰ ਨੈਤਿਕ ਕਦਰਾਂ-ਕੀਮਤਾਂ ਦੀ ਸਿੱਖਿਆ ਪ੍ਰਦਾਨ ਕਰਨ ਤੇ ਉਨ੍ਹਾਂ 'ਚ ਮਨੁੱਖੀ ਗੁਣ ਪੈਦਾ ਕਰਨ ਦੇ ਉਦੇਸ਼ ਨਾਲ ਅਧਿਆਪਕਾਂ ਵੱਲੋਂ ਕਲਾਸ ਵਿੱਚ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਗਏ। ਉਨ੍ਹਾਂ ਦੱਸਿਆ ਕਿ ਸਿੱਖਿਆ ਮਨੁੱਖ ਦਾ ਵਿਹਾਰ ਬਦਲਣ ਵਾਲਾ ਵਿਗਿਆਨ ਹੈ।ਇਸ ਨਾਲ ਸਾਡੇ ਗਿਆਨ 'ਚ ਵਾਧਾ ਤੇ ਸੋਚ 'ਚ ਤਬਦੀਲੀ ਆਉਣ ਦੇ ਨਾਲ ਨਾਲ ਸਾਡੇ ਵਿਹਾਰ 'ਚ ਵੀ ਤਬਦੀਲੀ ਆਉਂਦੀ ਹੈ।ਇਹ ਤਬਦੀਲੀ ਹੀ ਸਾਡੀ ਸ਼ਖਸੀਅਤ ਦੇ ਨਿਰਮਾਣ ਦਾ ਆਧਾਰ ਹੁੰਦੀ ਹੈ।ਵਿਦਿਆਰਥੀਆਂ 'ਚ ਜਿੱਥੇ ਨੈਤਿਕ ਕਦਰਾਂ ਕੀਮਤਾਂ ਤੇ ਮਨੁੱਖੀ ਗੁਣ ਪੈਦਾ ਕਰਕੇ ਚੰਗਾ ਇਨਸਾਨ ਬਣਾਉਣ 'ਚ ਸਹਾਈ ਹੋਵੇਗਾ, ਉਥੇ ਵਿਦਿਆਰਥੀਆਂ ਨੂੰ ਜੀਵਨ 'ਚ ਸਫਲ ਹੋਣ ਦਾ ਤਰੀਕਾ ਸਿਖਾਉਣ, ਜ਼ਿੰਦਗੀ ਦੀਆਂ ਮੁਸ਼ਕਲਾਂ ਦਾ ਦਲੇਰੀ ਨਾਲ ਸਾਹਮਣਾ ਕਰਨ ਦੇ ਨਾਲ ਨਾਲ ਆਪਣੀਆਂ ਕਮਜ਼ੋਰੀਆਂ ਤੇ ਤਾਕਤਾਂ ਨੂੰ ਪਛਾਣਨ 'ਚ ਵੀ ਸਹਾਈ ਹੋਵੇਗਾ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਅ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਬੱਚਿਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸਕੂਲ ਸਟਾਫ ਹਾਜ਼ਰ ਸੀ।

'ਮਨੁੱਖੀ ਜੀਵਨ 'ਚ ਮਸ਼ੀਨੀ ਬੁੱਧੀਮਾਨਤਾ : ਵਿਵਿਧ ਪ੍ਰਸੰਗ' ਵਿਸ਼ੇ 'ਤੇ ਸੈਮੀਨਾਰ

ਗਿੰਦੜਬਾਹਾ (ਜਸਵੰਤ ਗਿੱਲ ਛੱਤਿਆਣਾ)

ਐੱਮ ਐੱਮ ਡੀ ਡੀ ਏ ਵੀ ਕਾਲਜ ਗਿੱਦੜਬਾਹਾ ਵਿਖੇ ਪੀ ਜੀ ਪੰਜਾਬੀ ਵਿਭਾਗ ਵੱਲੋਂ 'ਕਾਲਜ ਡਿਵੈਲਪਮੈਂਟ ਕੌਂਸਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ 'ਮਨੁੱਖੀ ਜੀਵਨ ਵਿੱਚ ਮਸ਼ੀਨੀ ਬੁੱਧੀਮਾਨਤਾ: ਵਿਵਿਧ ਪ੍ਰਸੰਗ' ਵਿਸ਼ੇ ਅਧੀਨ ਇਕ ਰੋਜ਼ਾ ਰਾਸ਼ਟਰੀ ਸੈਮੀਨਾਰ ਕੀਤਾ ਗਿਆ।ਸਮਾਗਮ ਦਾ ਆਰੰਭ ਡੀਏਵੀ ਗਾਣ, ਦੀਪ ਪ੍ਰਜਵਲਿਤ ਕਰਨ ਉਪਰੰਤ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਰਾਜੇਸ਼ ਮਹਾਜਨ ਦੇ ਸੁਆਗਤੀ ਸ਼ਬਦਾਂ ਨਾਲ ਹੋਇਆ।ਉਨ੍ਹਾਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਏ ਆਈ ਦੇ ਪ੍ਰਯੋਗ ਨਾਲ ਬਦਲ ਰਹੀ ਜੀਵਨ ਸ਼ੈਲੀ ਨੂੰ ਸਮਝਣਾ ਲਾਜ਼ਮੀ ਹੈ।ਕੁੰਜੀਵਤ ਭਾਸ਼ਣ ਦੇ ਮੁੱਖ ਪ੍ਰਵਕਤਾ ਡਾ. ਪਰਮਜੀਤ ਸਿੰਘ ਢੀਂਗਰਾ ਨੇ ਸਾਹਿਤ, ਸੰਗੀਤ, ਫਿਲਮ ਆਦਿ ਦੇ ਹਵਾਲਿਆਂ ਨਾਲ ਕਿਹਾ ਕਿ ਭਵਿੱਖੀ ਜੀਵਨ ਬਾਰੇ ਜਾਣਨਾ ਦਿਲਚਸਪ ਹੈ, ਕਿਉਂਕਿ ਏ ਆਈ ਦੀ ਉਮਰ ਹਾਲੇ ਛੋਟੀ ਹੈ।ਇਉਂ ਡਾ. ਤਰਸੇਮ ਸ਼ਰਮਾ ਨੇ ਆਦਿ ਮਾਨਵ ਤੋਂ ਸਮਕਾਲ ਤੱਕ ਏ ਆਈ ਦੀ ਸੰਬੰਧਕਾਰੀ ਤੱਕ ਪਹੁੰਚਦਿਆਂ ਇਸ ਦੀ ਫ਼ਿਕਰਮੰਦੀ ਜ਼ਾਹਰ ਕੀਤੀ।ਡਾ. ਇਕਬਾਲ ਸਿੰਘ ਗੋਦਾਰਾ ਨੇ ਏ ਆਈ ਦੀ ਬਣ ਰਹੀ ਜੀਵਨਕਾਰੀ ਵਿੱਚ ਸੁਚੇਤ ਰਹਿਣ ਦੀ ਵਕਾਲਤ ਕੀਤੀ ਤੇ ਇਸ ਦੇ ਨਫ਼ੇ ਨੁਕਸਾਨ ਨੂੰ ਵਿਹਾਰਕ ਹਵਾਲਿਆਂ ਨਾਲ ਦਰਸਾਇਆ।ਵੱਖ ਵੱਖ ਕਾਲਜਾਂ ਯੂਨੀਵਰਸਿਟੀਆਂ ਤੋਂ ਪਹੁੰਚੇ ਵਿਦਿਆਰਥੀ, ਖੋਜਾਰਥੀ, ਅਧਿਆਪਕਾਂ ਨੇ ਵੀ ਆਪਣੇ ਪੇਪਰ ਪੇਸ਼ ਕੀਤੇ। ਪ੍ਰੋ. ਗੁਰਪ੍ਰੀਤ ਸਿੰਘ ਐੱਮ ਆਰ ਸਰਕਾਰੀ ਕਾਲਜ ਫਾਜ਼ਿਲਕਾ ਦੇ ਪੇਪਰ ਨੂੰ ਬਿਹਤਰੀਨ ਪਰਚਾ ਚੁਣਿਆ ਗਿਆ।ਉਨ੍ਹਾਂ ਰਾਜਸੀ ਜੀਵਨ ਵਿੱਚ ਮਸ਼ੀਨੀ ਬੁੱਧੀਮਾਨਤਾ ਦੇ ਵਿਵਿਧ ਪ੍ਰਸੰਗਾਂ ਨੂੰ ਵਾਚਣ 'ਤੇ ਜ਼ੋਰ ਦਿੱਤਾ।ਇਉਂ ਸੈਂਟਰਲ ਯੂਨੀਵਰਸਿਟੀ ਬਠਿੰਡਾ ਤੋਂ ਖੋਜਾਰਥੀ ਮਲਕੀਤ ਸਿੰਘ ਨੇ ਖੇਤਰੀ ਭਾਸ਼ਾਵਾਂ ਬਾਰੇ, ਪ੍ਰੋ. ਹਰਪ੍ਰੀਤ ਸਿੰਘ ਸਿੱਖਾਂਵਾਲਾ ਨੇ ਆਰਥਿਕ ਸੰਬੰਧਕਾਰੀ, ਡਾ. ਹਰਪ੍ਰੀਤ ਕੌਰ ਦਸਮੇਸ਼ ਗਰਲਜ਼ ਕਾਲਜ ਬਾਦਲ ਨੇ ਸੱਭਿਆਚਾਰਕ ਪਰਿਪੇਖ, ਦਿੱਲੀ ਯੂਨੀਵਰਸਿਟੀ ਦੇ ਖੋਜਾਰਥੀ ਬੇਅੰਤ ਕੌਰ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੋਜਾਰਥੀ ਪੂਜਾ ਰਾਣੀ ਨੇ ਵੀ ਸਮਕਾਲੀ ਸੱਭਿਆਚਾਰਕ 'ਚ ਏ ਆਈ ਬਾਰੇ ਗੱ

22-Feb-PAGE-11-Majha-25.qxd 2/21/2025 11:13 PM Page 1

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ 'ਚ ਅੰਤਰਰਾਸ਼ਟਰੀ ਮਾਂ-ਬੋਲੀ ਦਿਹਾੜਾ ਮਨਾਇਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਚੌਧਰੀ ਜੈ ਮੁਨੀ ਮੈਮੋਰੀਅਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਪ੍ਰਿੰਸੀਪਲ ਰਾਜਵਿੰਦਰ ਕੌਰ ਦੀ ਯੋਗ ਅਗਵਾਈ ਵਿੱਚ ਪੰਜਾਬੀ ਸੱਥ ਦੀਨਾਨਗਰ ਟੀਮ ਵੱਲੋਂ ਵਿਦਿਆਰਥਣਾਂ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ-ਬੋਲੀ ਦਿਹਾੜਾ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਸਮੇਂ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਪੰਜਾਬੀ ਮਾਂ-ਬੋਲੀ ਬਾਰੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਹਰ ਪੰਜਾਬੀ ਨੂੰ ਆਪਣੀ ਮਾਂ-ਬੋਲੀ ਦਾ ਸਨਮਾਨ ਕਰਨਾ ਚਾਹੀਦਾ। ਉਹਨਾਂ ਸੁਰਿੰਦਰ ਮੋਹਨ ਨੂੰ ਮਾਂ-ਬੋਲੀ ਪੰਜਾਬੀ ਦੇ ਸੱਚੇ ਸੇਵਕ ਦੱਸਦਿਆਂ ਉਹਨਾਂ ਵੱਲੋਂ ਮਾਂ-ਬੋਲੀ ਪੰਜਾਬੀ ਦੀ ਕੀਤੀ ਜਾ ਰਹੀ ਨਿਸ਼ਕਾਮ ਸੇਵਾ ਦੀ ਖੂਬ ਸ਼ਲਾਘਾ ਕੀਤੀ ਅਤੇ ਸੰਸਥਾ ਵਿੱਚ ਬਣੀ ਪੰਜਾਬੀ ਸੱਥ ਅਤੇ ਪੰਜਾਬੀ ਕੋਠੇ ਨੂੰ ਮਾਂ-ਬੋਲੀ ਪੰਜਾਬੀ ਪ੍ਰਤੀ ਅਥਾਹ ਪਿਆਰ ਦਾ ਪ੍ਰਤੀਕ ਦੱਸਿਆ, ਜਿਸ ਨੂੰ ਦੇਸ਼-ਵਿਦੇਸ਼ ਤੋਂ ਭਰਪੂਰ ਪਿਆਰ ਮਿਲ ਰਿਹਾ ਹੈ।

ਇਸ ਸਮੇਂ ਵਿਦਿਆਰਥਣ ਪਰਾਚੀ ਨੇ ਮਾਂ-ਬੋਲੀ ਪੰਜਾਬੀ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਟੇਟ ਐਵਾਰਡੀ ਲੈਕਚਰਾਰ ਪੰਜਾਬੀ ਸੁਰਿੰਦਰ ਮੋਹਨ ਨੇ ਮਾਂ-ਬੋਲੀ ਪੰਜਾਬੀ ਨੂੰ ਪਿਆਰ ਕਰਨ ਅਤੇ ਇਸ ਦਾ ਸਤਿਕਾਰ ਕਰਨ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਦੂਜੀਆਂ ਭਾਸ਼ਾਵਾਂ ਸਿੱਖਣੀਆਂ ਮਾੜੀ ਗੱਲ ਨਹੀਂ ਹੈ ਪਰ ਸਾਨੂੰ ਆਪਣੀ ਮਾਂ-ਬੋਲੀ ਪੰਜਾਬੀ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਸਮੇਂ ਪ੍ਰਿੰਸੀਪਲ ਰਾਜਵਿੰਦਰ ਕੌਰ ਦੀ ਅਗਵਾਈ ਵਿੱਚ ਕੰਮ ਕਰਦੀ ਪੰਜਾਬੀ ਸੱਥ ਦੀਨਾਨਗਰ ਟੀਮ ਵੱਲੋਂ ਮਾਂ-ਬੋਲੀ ਪ੍ਰਤੀ ਭਾਸ਼ਣ, ਸਲੋਗਨ ਅਤੇ ਚਿੱਤਰਕਾਰੀ ਰਾਹੀਂ ਪਿਆਰ-ਸਤਿਕਾਰ ਪ੍ਰਗਟ ਕਰਨ ਵਾਲੀਆਂ ਵਿਦਿਆਰਥਣਾਂ ਪਰਾਚੀ, ਹਰਸ਼ਦੀਪ, ਸ਼ਿਲਪਾ, ਦਿਕਸ਼ਾ, ਸੁਹਾਣੀ, ਬਾਨੀ, ਨੇਹਾ, ਤਮੰਨਾ, ਖੁਸ਼ਬੂ, ਹਿਨਾ, ਮਾਨਸੀ, ਅਨਾਮਿਕਾ, ਆਸਥਾ ਅਤੇ ਹੋਰਾਂ ਨੂੰ ਪੰਜਾਬੀ ਵਰਨਮਾਲਾ ਵਾਲੇ ਛੱਲੇ ਭੇਟ ਕਰ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਲੈਕਚਰਾਰ ਪੰਜਾਬੀ ਬਬੀਤਾ ਗੁਪਤਾ, ਰਜਨੀ, ਸੁਨੀਤਾ ਦੇਵੀ, ਸੀਮਾ ਅਰੋੜਾ, ਲੈਕਚਰਾਰ ਗੁਰਦੀਪ ਸਿੰਘ, ਪੰਕਜ ਸ਼ਰਮਾ, ਦਵਿੰਦਰ ਕੁਮਾਰ, ਮੁਕੇਸ਼ ਸ਼ਰਮਾ, ਕੁਲਦੀਪ ਰਾਜ, ਰਾਕੇਸ਼ ਸ਼ਰਮਾ, ਸਤੀਸ਼ ਕੁਮਾਰ, ਪੰਜਾਬੀ ਅਧਿਆਪਕਾ ਪਰਮਜੀਤ, ਸੋਨੀਆ ਵਾਲੀਆ, ਸ਼ਾਰਦਾ, ਰਕਸ਼ਾ ਦੇਵੀ, ਕਮਲਜੀਤ ਕੌਰ, ਨਮਰਤਾ, ਨਿਸ਼ੀ, ਰਜਨੀ, ਦਲਜੀਤ ਕੁਮਾਰੀ ਅਤੇ ਵੰਦਨਾ ਤੋਂ ਇਲਾਵਾ ਸਕੂਲ ਸਟਾਫ਼ ਅਤੇ ਵਿਦਿਆਰਥਣਾਂ ਹਾਜ਼ਰ ਸਨ।

ਪਿੰਡ ਸੰਘੇੜਾ 'ਚ ਇੱਕੋ ਰਾਤ ਤਿੰਨ ਮੱਝਾਂ ਚੋਰੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਇਤਿਹਾਸਕ ਕਸਬਾ ਧਿਆਨਪੁਰ ਨਾਲ ਲਗਦੇ ਪਿੰਡ ਸੰਘੇੜਾ 'ਚ ਬੀਤੀ ਰਾਤ ਇੱਕ ਕਿਸਾਨ ਦੀਆਂ ਤਿੰਨ ਮੱਝਾਂ ਚੋਰੀ ਹੋ ਜਾਣ ਦਾ ਸਮਾਚਾਰ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਗੁਰਵਿੰਦਰ ਸਿੰਘ ਸੰਘੇੜਾ ਨੇ ਕਿਹਾ ਕਿ ਹਰ ਰੋਜ਼ ਦੀ ਤਰ੍ਹਾਂ ਬੀਤੀ ਦੇਰ ਸ਼ਾਮ ਮੱਝਾਂ ਦੀਆਂ ਧਾਰਾਂ ਕੱਢ ਕੇ ਆਪਣੇ ਘਰ ਚਲੇ ਗਏ।

ਜਦੋਂ ਉਹ ਤੜਕਸਾਰ ਸਵੇਰੇ ਆਪਣੇ ਡੇਰੇ ਗਏ ਤਾਂ ਉਥੋਂ ਉਨ੍ਹਾਂ ਦੀਆਂ ਤਿੰਨ ਮੱਝਾਂ ਗਾਇਬ ਸਨ।ਉਨ੍ਹਾਂ ਆਸ ਪਾਸ ਮੱਝਾਂ ਦੀ ਭਾਲ ਕੀਤੀ ਤੇ ਜਦੋਂ ਆਪਣੇ ਤੌਰ 'ਤੇ ਪਿੰਡ ਵਿੱਚ ਲੱਗੇ ਸੀ ਸੀ ਟੀ ਵੀ ਕੈਮਰੇ ਦੇਖੇ ਤਾਂ 18 ਫਰਵਰੀ ਦੀ ਰਾਤ ਇਕ ਅਣਪਛਾਤੀ ਗੱਡੀ ਸੀ ਸੀ ਟੀ ਵੀ ਕੈਮਰਿਆਂ 'ਚ ਦਿਖਾਈ ਦਿੱਤੀ ਜੋ ਪਿੰਡ ਵਿੱਚ ਵਾਰ-ਵਾਰ ਗੇੜੇ ਮਾਰ ਰਹੀ ਸੀ।

ਮੱਝਾਂ ਚੋਰੀ ਨੂੰ ਲੈ ਕੇ ਉਨ੍ਹਾਂ ਵੱਲੋਂ ਪੁਲਸ ਥਾਣਾ ਕਿਲਾ ਲਾਲ ਸਿੰਘ ਵਿਖੇ ਲਿਖਤੀ ਤੌਰ 'ਤੇ ਸੂਚਿਤ ਵੀ ਕੀਤਾ ਗਿਆ ਹੈ।ਇਸ ਮੌਕੇ ਪੀੜਤ ਕਿਸਾਨ ਗੁਰਵਿੰਦਰ ਸਿੰਘ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਮੱਝਾਂ ਲੱਭਣ ਵਿੱਚ ਮਦਦ ਕੀਤੀ ਜਾਵੇ।

ਇਸ ਦੇ ਨਾਲ ਹੀ ਗੁਰਵਿੰਦਰ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਮੱਝਾਂ ਚੋਰੀ ਹੋਣ ਨਾਲ ਕਰੀਬ 3 ਲੱਖ ਦਾ ਨੁਕਸਾਨ ਹੋਇਆ ਹੈ ਤੇ ਆਪਣੇ ਘਰ ਦਾ ਗੁਜ਼ਾਰਾ ਵੀ ਆਪਣੇ ਪਸ਼ੂਆਂ ਦਾ ਦੁੱਧ ਵੇਚ ਕੇ ਕਰਦੇ ਹਨ। ਪੀੜਤ ਕਿਸਾਨ ਨੇ ਪੰਜਾਬ ਸਰਕਾਰ ਤੋਂ ਯੋਗ ਮੁਆਵਜ਼ੇ ਦੀ ਮੰਗ ਕੀਤੀ ਹੈ।

ਡਾ. ਸੇਨੂ ਦੁੱਗਲ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਹੋਏ ਨਤਮਸਤਕ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)- ਡੇਰਾ ਬਾਬਾ ਨਾਨਕ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਚੋਣ ਕਮਿਸ਼ਨ ਪੰਜਾਬ ਵੱਲੋਂ ਨਿਯੁਕਤ ਕੀਤੇ ਗਏ ਚੋਣ ਅਬਜ਼ਰਵਰ ਸੀਨੀਅਰ ਆਈ ਏ ਐਸ ਅਧਿਕਾਰੀ ਅਤੇ ਸ਼ੂਗਰ ਫੈਡ ਪੰਜਾਬ ਦੇ ਐਮ ਡੀ ਡਾ. ਸੇਨੂ ਦੁੱਗਲ ਵੱਲੋਂ ਅੱਜ ਸਬ ਡਵੀਜ਼ਨ ਮੈਜਿਸਟਰੇਟ ਕਮ ਮੁੱਖ ਨਗਰ ਕੌਂਸਲ ਚੋਣ ਪ੍ਰਬੰਧਕ ਦਫਤਰ ਡੇਰਾ ਬਾਬਾ ਨਾਨਕ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੀਆਂ ਚੋਣਾਂ ਨੂੰ ਲੈ ਕੇ ਚੋਣ ਦਫਤਰ ਵਿਖੇ ਚੱਲ ਰਹੀ ਚੋਣ ਪ੍ਰਕਿਰਿਆ ਦਾ ਨਿਰੀਖਣ ਕੀਤਾ ਅਤੇ ਚੋਣਾਂ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਇਸ ਮੌਕੇ ਚੋਣ ਅਬਜ਼ਰਵਰ ਡਾ. ਸੇਨੂ ਦੁੱਗਲ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਨਤਮਸਤਕ ਹੋਏ ਤੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ 'ਤੇ ਗ੍ਰੰਥੀ ਭਾਈ ਜਗਵਿੰਦਰ ਸਿੰਘ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਸੇਨੂ ਦੁੱਗਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਮੈਂ ਆਪਣੇ ਆਪ ਨੂੰ ਬਹੁਤ ਵਡਭਾਗਾ ਮੰਨ ਰਹੀ ਹਾਂ।

ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਕੇ ਮੇਰੇ ਮਨ ਨੂੰ ਬਹੁਤ ਸਕੂਨ ਮਿਲਿਆ ਹੈ।

ਇਸ ਮੌਕੇ ਡੀ ਪੀ ਓ ਇੰਦਰਜੀਤ ਸਿੰਘ ਬਾਜਵਾ, ਮਨਜੀਤ ਸਿੰਘ ਅਕਾਊਂਟੈਂਟ, ਜਗਦੀਪ ਸਿੰਘ, ਸੁਖਵਿੰਦਰ ਸਿੰਘ ਖਜ਼ਾਨਚੀ, ਮਲਕੀਤ ਸਿੰਘ, ਗੁਰਪ੍ਰੀਤ ਸਿੰਘ, ਪ੍ਰਦੀਪ ਸਿੰਘ, ਸੁਖਦੇਵ ਸਿੰਘ ਆਦਿ ਹਾਜ਼ਰ ਸਨ।

ਕੌਂਸਲਰ ਬਣਨ ਤੋਂ ਬਾਅਦ ਵਾਰਡ ਦਾ ਵਿਕਾਸ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ : ਇੰਦਰਜੀਤ ਕੌਰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-2 ਮਾਰਚ ਨੂੰ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੀਆਂ ਹੋਣ ਜਾ ਰਹੀਆਂ ਚੋਣਾਂ ਵਿੱਚ ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਬੀਬੀ ਇੰਦਰਜੀਤ ਕੌਰ ਪੱਡਾ ਤੇ ਉਨ੍ਹਾਂ ਦੇ ਪਤੀ ਜਸਬੀਰ ਸਿੰਘ ਪੱਡਾ ਨੇ ਪਿੰਡ ਕੋਟ ਦਲ ਰਾਏ ਪਾਰਟੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੋਣ ਜਿੱਤਣ ਤੋਂ ਬਾਅਦ ਵਾਰਡ ਨੰਬਰ 12 ਪਿੰਡ ਕੋਟ ਦਲ ਪੱਤ ਰਾਏ ਦਾ ਵਿਕਾਸ ਬਿਨਾਂ ਕਿਸੇ ਪੱਖਪਾਤ ਤੋਂ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਪਿੰਡ ਨਿਵਾਸੀਆਂ ਦੀ ਸਲਾਹ ਨਾਲ ਪਿੰਡ ਦਾ ਵਿਕਾਸ ਕਾਰਜ ਬਿਨਾਂ ਪੱਖ-ਪਾਤ ਤੋਂ ਕਰਵਾ ਕੇ ਉਨ੍ਹਾਂ ਦੀਆਂ ਆਸਾਂ ਉਮੀਦਾਂ 'ਤੇ ਖਰਾ ਉਤਰਨ ਦਾ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਸਾਡਾ ਪਹਿਲਾ ਕੰਮ ਪਿੰਡ ਦੇ ਬੱਚਿਆਂ ਅਤੇ ਪਿੰਡ ਦੇ ਯੂਥ ਲਈ ਖੇਡ ਗਰਾਊਂਡ ਬਣਾਉਣਾ, ਪਿੰਡ ਦੀ ਛੋਟੀ ਮੋਟੀ ਲੜਾਈ ਨੂੰ ਪਿੰਡ ਪੱਧਰ 'ਤੇ ਮੁਕਾਉਣਾ, ਪਿੰਡ ਦੇ ਗੰਦੇ ਪਾਣੀ ਦੀ ਨਿਕਾਸੀ ਕਰਵਾਉਣਾ, ਪਿੰਡ ਦਾ ਆਲਾ ਦੁਆਲਾ ਸਾਫ ਕਰਾਉਣਾ ਅਤੇ ਪਿੰਡ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣਾ, ਪਿੰਡ ਵਿੱਚ ਸੋਲਰ ਲਾਈਟਾਂ ਅਤੇ ਗਰੀਬ ਲੋਕਾਂ ਦੀਆਂ ਫਲੈਸ਼ਾਂ ਪਹਿਲ ਦੇ ਅਧਾਰ 'ਤੇ ਬਣਵਾਈਆਂ ਜਾਣਗੀਆਂ। ਕਬਰਸਤਾਨ ਅਤੇ ਸ਼ਮਸ਼ਾਨਘਾਟ ਵਿੱਚ ਰਹਿੰਦੇ ਅਧੂਰੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਅਸ਼ੀਰਵਾਦ ਸਦਕਾ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਉਹ ਇਸ ਵਾਰਡ ਨੰਬਰ 12 ਤੋਂ ਨਗਰ ਕੌਂਸਲ ਦੀ ਚੋਣ ਵਿੱਚ ਭਾਰੀ ਬਹੁਮਤ ਨਾਲ ਜਿੱਤ ਹਾਸਲ ਕਰਨਗੇ। ਇਸ ਮੌਕੇ ਜਰਨੈਲ ਸਿੰਘ, ਹਰਭਜਨ ਸਿੰਘ, ਅਮਰਜੀਤ ਕੌਰ, ਯੂਸਫ਼ ਮਸੀਹ,ਬੰਟੀ ਮਸੀਹ, ਵਿਜੇ ਮਸੀਹ, ਹੀਰਾ ਮਸੀਹ, ਆਸ਼ਿਸ਼ ਮਸੀਹ, ਤਰਸੇਮ ਮਸੀਹ, ਸਤਨਾਮ ਸਿੰਘ ਗਿੱਲ, ਰਜਨੀ, ਅਮਰੀਕ, ਬੀਬੀ ਸੱਤੋ, ਆਸ਼ਾ, ਅਮਰਜੀਤ, ਅਮਨ,ਅੰਜੂ, ਬਲਵਿੰਦਰ, ਕੁਸ਼ੱਲਿਆ, ਰੋਜ਼ੀ, ਬੂਟਾ ਮਸੀਹ, ਕਾਲਾ ਮਸੀਹ, ਬੰਟੀ, ਨਿੱਕਾ, ਬਿੱਟੂ ਆਦਿ ਆਪ ਵਰਕਰ ਹਾਜ਼ਰ ਸਨ।

ਆਈ-ਮੈਰਿਟ ਵਿਦਿਆਰਥੀਆਂ ਨੂੰ ਉਦਯੋਗ ਲਈ ਤਿਆਰ ਕਰੇਗੀ

ਅੰਮ੍ਰਿਤਸਰ- ਸਕਾਲਰਜ਼ ਮੈਰਿਟ ਔਨਲਾਈਨ ਪ੍ਰਾਈਵੇਟ ਲਿਮਟਿਡ ਦੇ ਫਲੈਗਸ਼ਿਪ ਪ੍ਰੋਗਰਾਮ ਆਈ-ਮੈਰਿਟ ਨੇ ਸ਼੍ਰੀ ਸਾਈਂ ਗਰੁੱਪ ਆਫ਼ ਇੰਸਟੀਚਿਊਟਸ ਨਾਲ ਸਮਝੌਤਾ ਪੱਤਰ ਤੇ ਹਸਤਾਖਰ ਕੀਤੇ ਹਨ। ਸ਼੍ਰੀ ਸਾਈਂ ਗਰੁੱਪ ਪਠਾਨਕੋਟ, ਅੰਮ੍ਰਿਤਸਰ ਅਤੇ ਪਾਲਮਪੁਰ ਵਿੱਚ ਕੈਂਪਸ ਦੇ ਨਾਲ ਭਾਰਤ ਵਿੱਚ ਉੱਚ ਅਤੇ ਤਕਨੀਕੀ ਸਿੱਖਿਆ ਦੇ ਖੇਤਰ ਵਿੱਚ ਇੱਕ ਜਾਣਿਆ-ਪਛਾਣਿਆ ਨਾਂਅ ਹੈ। ਸਮਝੌਤੇ ਦੇ ਤਹਿਤ ਆਈ-ਮੈਰਿਟ ਐਕਸਲੇਰੇਟ ਅਤੇ ਐਲੀਵੇਟ ਪ੍ਰੋਗਰਾਮਾਂ ਦੇ ਤਹਿਤ ਆਈ-ਮੈਰਿਟ ਨੌਵਾ ਕੋਰਸ ਇਸ ਦੀਆਂ ਛੇ ਸੰਸਥਾਵਾਂ ਦੇ 300 ਤੋਂ ਵੱਧ ਵਿਦਿਆਰਥੀਆਂ ਲਈ ਸ਼ੁਰੂ ਕੀਤੇ ਜਾਣਗੇ। ਇਸ ਸਹਿਯੋਗ ਦੇ ਤਹਿਤ ਤਿੰਨ ਮਹੀਨਿਆਂ ਦੇ ਕੋਰਸ ਉਪਲਬਧ ਹੋਣਗੇ, ਜੋ ਉਦਯੋਗ ਲਈ ਤਿਆਰ ਕੀਤੇ ਗਏ ਹਨ। ਇਸ ਬਾਰੇ ਸਕਾਲਰਜ਼ ਮੈਰਿਟ ਦੇ ਸੀ ਈ ਓ ਸੁਮਿਤ ਸ਼ੁਕਲਾ ਨੇ ਕਿਹਾ, ਸਚਾਈ ਇਹ ਹੈ ਕਿ ਪੁਰਾਣੇ ਕਾਲਜ ਕੋਰਸ ਅੱਜ ਦੇ ਨੌਕਰੀ ਬਾਜ਼ਾਰ ਦੀਆਂ ਬਦਲਦੀਆਂ ਮੰਗਾਂ ਨੂੰ ਪੂਰਾ ਕਰਨ ਵਿੱਚ ਅਸਮਰੱਥ ਸਾਬਤ ਹੋ ਰਹੇ ਹਨ। ਅਕਾਦਮਿਕ ਗਿਆਨ ਹੋਣ ਦੇ ਬਾਵਜੂਦ ਬਹੁਤ ਸਾਰੇ ਵਿਦਿਆਰਥੀ ਕੰਮ ਵਾਲੀ ਥਾਂ ਦੀਆਂ ਅਸਲ ਚੁਣੌਤੀਆਂ ਲਈ ਆਪਣੇ ਆਪ ਨੂੰ ਪੂਰੀ ਤਰ੍ਹਾਂ ਤਿਆਰ ਨਹੀਂ ਕਰ ਪਾਉਂਦੇ। ਇਹ ਸਫਲਤਾ ਲਈ ਜ਼ਰੂਰੀ ਤਕਨੀਕੀ ਅਤੇ ਅੰਤਰ-ਵਿਅਕਤੀਗਤ ਹੁਨਰ ਦੋਵਾਂ ਦੀ ਵਿਵਸਥਾ ਦੀ ਘਾਟ ਕਾਰਨ ਹੈ।ਇੰਜਨੀਅਰ ਤੁਸ਼ਾਰ ਪੁੰਜ, ਚੀਫ਼ ਮੈਨੇਜਿੰਗ ਡਾਇਰੈਕਟਰ, ਸ਼੍ਰੀ ਸਾਈਂ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਇਸ ਸਾਂਝੇਦਾਰੀ ਦੀ ਮਹੱਤਤਾ ਨੂੰ ਪ੍ਰਗਟ ਕੀਤਾ। ਸ਼੍ਰੀ ਸਾਈਂ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਅਸੀਂ ਸਿੱਖਿਆ ਅਤੇ ਉਦਯੋਗ ਦੀਆਂ ਅਸਲ ਉਮੀਦਾਂ ਵਿਚਕਾਰ ਪਾੜੇ ਨੂੰ ਪੂਰਾ ਕਰਨ 'ਤੇ ਜ਼ੋਰ ਦਿੰਦੇ ਹਾਂ। ਆਈ-ਮੈਰਿਟ ਨੌਵਾ ਪ੍ਰੋਗਰਾਮ ਆਪਣੀ ਵਿਲੱਖਣ ਬਣਤਰ ਅਤੇ ਵਿਹਾਰਕ ਪਹੁੰਚ ਦੇ ਨਾਲ ਉਦਯੋਗ-ਸੰਬੰਧਤ ਕੋਰਸ ਪੇਸ਼ ਕਰਦਾ ਹੈ। ਇਸ ਦੀ ਵਿਹਾਰਕ ਕੰਮ ਕਰਨ ਦੀ ਵਿਧੀ ਵਿਦਿਆਰਥੀਆਂ ਨੂੰ ਸਹੀ ਹੁਨਰ ਅਤੇ ਆਤਮ ਵਿਸ਼ਵਾਸ ਦਿੰਦੀ ਹੈ। ਅੱਜ, ਨੌਕਰੀ ਦੀ ਮਾਰਕੀਟ ਤੇਜ਼ੀ ਨਾਲ ਬਦਲ ਰਹੀ ਹੈ, ਇਸ ਲਈ ਆਈ-ਮੈਰਿਟ ਨੌਵਾ ਵਰਗੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਚੰਗੀਆਂ ਨੌਕਰੀਆਂ ਪ੍ਰਾਪਤ ਕਰਨ ਅਤੇ ਵਧੀਆ ਕਰੀਅਰ ਬਣਾਉਣ ਲਈ ਬਿਹਤਰ ਢੰਗ ਨਾਲ ਤਿਆਰ ਕਰਨਗੇ।

ਛਾਤੀ ਦੇ ਕੈਂਸਰ ਤੇ ਬਹਿਰਾਪਨ ਰੋਕਣ ਲਈ ਦਿੱਤੀ ਟ੍ਰੇਨਿੰਗ

ਗੁਰਦਾਸਪੁਰ (ਜਨਕ ਮਹਾਜਨ)- ਸਿਵਲ ਸਰਜਨ ਗੁਰਦਾਸਪੁਰ ਡਾ. ਪ੍ਰਭਜੋਤ ਕੌਰ ਕਲਸੀ ਦੀ ਅਗਵਾਈ ਹੇਠ ਛਾਤੀ ਦੇ ਕੈਂਸਰ ਅਤੇ ਬਹਿਰਾਪਨ ਰੋਕਣ ਲਈ ਸਿਹਤ ਮੁਲਾਜ਼ਮਾਂ ਦੀ ਟ੍ਰੇਨਿੰਗ ਕਰਵਾਈ ਗਈ। 2 ਵੱਖ-ਵੱਖ ਟ੍ਰੇਨਿੰਗਾਂ ਵਿੱਚ ਮੁਲਾਜ਼ਮਾਂ ਨੂੰ ਰੋਕਥਾਮ ਦੇ ਉਪਾਅ ਦੱਸੇ ਗਏ। ਗੈਰ ਸੰਚਾਰੀ ਰੋਗਾਂ ਦੀ ਰੋਕਥਾਮ ਲਈ ਕੀਤੇ ਜਾਣ ਵਾਲੇ ਉਪਾਅ ਤਹਿਤ ਛਾਤੀ ਦੇ ਕੈਂਸਰ ਸਬੰਧੀ ਸੀ.ਐਚ.ਓ. ਦੀ ਟ੍ਰੇਨਿੰਗ ਕਰਵਾਈ ਗਈ। ਇਸ ਮੌਕੇ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ ਨੇ ਕਿਹਾ ਕਿ ਗਲਤ ਖਾਣ-ਪਾਣ, ਗਲਤ ਜੀਵਨਸ਼ੈਲੀ, ਪਰਵਾਰਕ ਇਤਿਹਾਸ, ਬਾਂਝਪਣ, ਮਾਂ ਵੱਲੋਂ ਬੱਚੇ ਨੂੰ ਆਪਣਾ ਦੁੱਧ ਨਾ ਪਿਆਉਣਾ ਆਦਿ ਕਈ ਕਾਰਨ ਹਨ ਜੋ ਛਾਤੀ ਦੇ ਕੈਂਸਰ ਦੀ ਵਜ੍ਹਾ ਬਣ ਸਕਦੇ ਹਨ। ਇਸ ਦੇ ਲੱਛਣ ਸਰੀਰ 'ਤੇ ਦਿਖਾਈ ਦਿੰਦੇ ਹਨ। ਜੇਕਰ ਕੋਈ ਲੱਛਣ ਦਿਖੇ ਤਾਂ ਤੁਰੰਤ ਜਾਂਚ ਕਰਵਾਉਣੀ ਚਾਹੀਦੀ ਹੈ। ਸ਼ੁਰੂਆਤੀ ਜਾਂਚ ਨਾਲ ਇਲਾਜ ਆਸਾਨ ਹੋ ਜਾਂਦਾ ਹੈ। ਮੁੱਖ ਮੰਤਰੀ ਕੈਂਸਰ ਰਾਹਤ ਕੋਸ਼ ਜ਼ਰੀਏ ਕੈਂਸਰ ਦੇ ਇਲਾਜ ਲਈ ਡੇਢ

22 Feb Page-12.qxd 2/21/2025 11:07 PM Page 1

ਪੁਲਸ ਵੱਲੋਂ ਦੋ ਲੁਟੇਰੇ ਕਾਬੂ

ਜਲੰਧਰ, (ਸ਼ੈਲੀ ਐਲਬਰਟ) - ਪੁਲਸ ਨੇ ਸ਼ਹਿਰ ਵਿੱਚ ਲੁੱਟ-ਖੋਹ ਦੀਆਂ ਘਟਨਾਵਾਂ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ।ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਮੁਕੱਦਮਾ ਨੰਬਰ 22 ਮਿਤੀ 05.02.2025 ਅਧੀਨ 304(2), 3(5) ਬੀ.ਐਨ.ਐਸ ਥਾਣਾ ਭਾਰਗੋ ਕੈਂਪ, ਜਲੰਧਰ, ਵਿਖੇ ਮਹੇਸ਼ ਇੰਦਰ ਸਿੰਘ ਪੁੱਤਰ ਕਰਤਾਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਦਰਜ ਕੀਤਾ ਗਿਆ ਸੀ। ਉਹਨਾਂ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੀ ਪਤਨੀ ਤੋਂ ਸੋਨੇ ਦੀਆਂ ਵਾਲੀਆਂ ਦੀ ਖੋਹ ਹੋਈ ਸੀ।ਪੁਲਸ ਨੇ ਤਫਤੀਸ਼ ਦੇ ਆਧਾਰ 'ਤੇ ਮੁਲਜ਼ਮ ਦੀ ਪਛਾਣ ਭੁਪਿੰਦਰ ਸਿੰਘ ਉਰਫ਼ ਬਬਲੂ ਪੁੱਤਰ ਗੁਰਦੇਵ ਸਿੰਘ ਵਾਸੀ 41, ਪੰਜਾਬੀ ਬਾਗ, ਪਠਾਨਕੋਟ ਰੋਡ, ਜਲੰਧਰ ਅਤੇ ਵਿਕਰਮ ਵਰਮਾ, ਪੁੱਤਰ ਨੀਮ ਬਹਾਦੁਰ, ਜੋ ਇੰਡਸਟਰੀਅਲ ਟਾਊਨ, ਵਜੋਂ ਕੀਤੀ ਹੈ।ਪੁਲਸ ਨੇ ਇੱਕ ਸਪਲੈਂਡਰ ਮੋਟਰਸਾਈਕਲ ਜਿਸ ਦਾ ਰਜਿਸਟ੍ਰੇਸ਼ਨ ਨੰਬਰ ਪੀ.ਬੀ.07-ਏ.ਐਕਸ-6371 ਹੈ, ਬਰਾਮਦ ਕੀਤਾ ਹੈ, ਜੋ ਕੁਝ ਦਿਨ ਪਹਿਲਾਂ ਚੋਰੀ ਹੋਇਆ ਸੀ।

ਮਹਾਂਕੁੰਭ 'ਚ ਰੇਲਵੇ ਦੀਆਂ ਸੇਵਾਵਾਂ ਸ਼ਲਾਘਾਯੋਗ : ਯੋਗੀ

ਨਵੀਂ ਦਿੱਲੀ : (ਨਵਾਂ ਜ਼ਮਾਨਾ ਸਰਵਿਸ) ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਅਦਿਤਿਆਨਾਥ ਨੇ ਉੱਤਰ ਪ੍ਰਦੇਸ਼ ਵਿਧਾਨ ਸਭਾ ਵਿੱਚ ਮਹਾਂਕੁੰਭ ਨੂੰ ਲੈ ਕੇ ਭਾਰਤੀ ਰੇਲਵੇ ਵੱਲੋਂ ਦਿੱਤੀਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਹੈ। ਉਨ੍ਹਾ ਕਿਹਾ ਕਿ ਰੇਲਵੇ ਨੇ ਪ੍ਰੀਯਾਗ ਰਾਜ ਦੇ ਸਾਰੇ 9 ਰੇਲਵੇ ਸਟੇਸ਼ਨਾਂ ਦਾ ਸੁੰਦਰੀ ਕਰਨ ਕੀਤਾ ਹੈ ਅਤੇ 3 ਹਜ਼ਾਰ ਤੋਂ ਵੱਧ ਰੇਲ ਗੱਡੀਆਂ ਸਪੈਸ਼ਲ ਚਲਾਈਆਂ । ਭਾਰਤੀ ਰੇਲਵੇ ਦਾ ਕੰਮ ਸ਼ਲਾਘਯੋਗ ਹੈ। ਬਿਹਤਰ ਸਹਿਯੋਗ ਦੇ ਰਾਹੀਂ ਰੇਲ ਮੰਤਰੀ ਖੁਦ ਇਨ੍ਹਾਂ ਸੇਵਾਵਾਂ ਨਾਲ ਜੂੜੇ ਰਹੇ ਹਨ ਅਤੇ ਮੇਰੇ ਨਾਲ ਲਗਾਤਾਰ ਸੰਪਰਕ ਵਿੱਚ ਰਹੇ ਉਨ੍ਹਾਂ ਕਿਹਾ ਕਿ ਰੇਲਵੇ ਦੇ ਚਾਹੇ ਪ੍ਰਧਾਨ, ਜਨਰਲ ਮੈਨੇਜਰ ਜਾਂ ਡੀ ਆਰ ਐਮ ਪੱਧਰ ਦੇ ਅਧਿਕਾਰੀ ਹੋਣ, ਹਰੇਕ ਨੇ ਤਨਦੇਹੀ ਜ਼ੁੰਮੇਵਾਰੀ ਨਾਲ ਸੇਵਾਵਾਂ ਨਿਭਾਈਆਂ ਹਨ। ਮੈਂ ਰੇਲਵੇ ਵਿਭਾਗ ਦੇ ਸਮੂਚੇ ਸਟਾਫ਼ ਦਾ ਧੰਨਵਾਦ ਕੀਤਾ ਹੈ।

ਵਿਦਿਆਰਥੀਆਂ ਨੂੰ ਸਕੂਲੀ ਬੈਗ ਵੰਡੇ

ਤਲਵੰਡੀ ਚੌਧਰੀਆਂ (ਨਵ ਕਿਰਨ/ ਭੋਲਾ)- ਵਿਦਿਆ ਰੂਪੀ ਮੰਦਰ ਸਰਕਾਰੀ ਪ੍ਰਾਇਮਰੀ ਸਕੂਲ ਤਲਵੰਡੀ ਚੌਧਰੀਆਂ ਵਿਖੇ ਸੁਭਾਸ਼ ਚੰਦਰ ਮੜੀਆ ਪ੍ਰਵਾਸੀ ਭਾਰਤੀ ਵੱਲੋਂ ਸਮੂਹ ਜਮਾਤਾਂ ਦੇ ਵਿਦਿਆਰਥੀਆਂ ਅਤੇ ਆਂਗਣਵਾੜੀ ਸੈਂਟਰ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਅਤੇ ਰੋਟੀ ਪੈਕ ਕਰਨ ਵਾਲੇ ਟਿਫਨ ਵੰਡੇ ਗਏ। ਜਦੋਂ ਉਹਨਾਂ ਨੂੰ ਇਹ ਚੀਜ਼ਾਂ ਵੰਡਣ ਦਾ ਕਾਰਨ ਪੁੱਛਿਆ ਤਾਂ ਉਹਨਾਂ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਆਮ ਕਰਕੇ ਗਰੀਬ ਪਰਵਾਰਾਂ ਦੇ ਬੱਚੇ ਪੜ੍ਹਦੇ ਹਨ ਜਿਹਨਾਂ ਪਾਸ ਬਹੁਤ ਸਾਰੀਆਂ ਚੀਜ਼ਾਂ ਦੀ ਘਾਟ ਹੁੰਦੀ ਹੈ। ਉਨਾਂ ਦੀ ਲੋੜ ਨੂੰ ਸਮਝਦਿਆਂ ਮੈਂ ਇਹ ਟਿਫਨ ਅਤੇ ਬੈਗ ਵੰਡੇ ਹਨ। ਮਨਜੀਤ ਕੌਰ ਸੈਂਟਰ ਹੈਡ ਟੀਚਰ ਨੇ ਸੁਭਾਸ਼ ਚੰਦਰ ਮੜੀਆ ਅਤੇ ਉਨਾਂ ਦੇ ਨਾਲ ਆਏ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਈ ਵਿਦਿਆਰਥੀ ਕਿਸੇ ਚੀਜ਼ ਦੀ ਥੁੜ ਕਾਰਨ ਸਕੂਲ ਛੱਡ ਜਾਂਦੇ ਹਨ ਅਤੇ ਮਿਲੇ ਦਾਨ ਨਾਲ ਉਹਨਾਂ ਦੀ ਲੋੜ ਹੀ ਪੂਰੀ ਨਹੀਂ ਹੁੰਦੀ ਸਗੋਂ ਬੱਚਿਆਂ ਨੂੰ ਉਤਸ਼ਾਹ ਵੀ ਮਿਲਦਾ ਹੈ ਅਤੇ ਉਹ ਅੱਗੇ ਪੜ੍ਹਨ ਲਈ ਹੋਰ ਪ੍ਰੇਰਿਤ ਹੁੰਦੇ ਹਨ।ਇਸ ਮੌਕੇ 'ਤੇ ਮਨਜੀਤ ਸਿੰਘ ਲਾਲੀ ਸਾਬਕਾ ਮੈਂਬਰ ਪੰਚਾਇਤ, ਧੀਰਜ ਕੁਮਾਰ ਮੜੀਆ, ਦੀਪਕ ਮੜੀਆ, ਪ੍ਰੱਥਮ ਮੜੀਆ, ਅਧਿਆਪਕ ਗੌਰਵ ਗਿੱਲ, ਕਵਿਤਾ ਮੈਡਮ, ਗੁਰਵਿੰਦਰ ਕੌਰ, ਮਨਿੰਦਰ ਕੌਰ, ਪ੍ਰਭਜੋਤ ਕੌਰ ਅਮਨਦੀਪ ਕੌਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਪੰਜਾਬ ਦੀ ਧੀ ਨੇ ਕੈਨੇਡਾ ਨੇਵੀ ਪੁਲਸ 'ਚ ਭਰਤੀ ਹੋ ਕੇ ਮਾਪਿਆਂ ਦਾ ਮਾਣ ਵਧਾਇਆ

● ਸੁਲਤਾਨਪੁਰ ਲੋਧੀ ਦੇ ਪਿੰਡ ਸ਼ਤਾਬਗੜ੍ਹ ਨਾਲ ਸਬੰਧਿਤ ਹੈ ਰੂਪਨਪ੍ਰੀਤ ਕੌਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਕਪੂਰਥਲਾ ਜ਼ਿਲ੍ਹੇ ਦੀ ਤਹਿਸੀਲ ਸੁਲਤਾਨਪੁਰ ਲੋਧੀ ਦੇ ਪਿੰਡ ਸ਼ਤਾਬਗੜ੍ਹ ਦੀ ਰੂਪਨਪ੍ਰੀਤ ਕੌਰ ਨੇ ਕੈਨੇਡਾ ਦੀ ਨੇਵੀ ਪੁਲਿਸ 'ਚ ਚੁਣੇ ਜਾਣ 'ਤੇ ਅਪਣੇ ਮਾਪਿਆਂ ਦਾ ਮਾਣ ਵਧਾਇਆ ਹੈ, ਜਿਸ ਲਈ ਪਰਵਾਰ ਨੂੰ ਚੁਫ਼ੇਰਿਉਂ ਵਧਾਈਆਂ ਮਿਲ ਰਹੀਆਂ ਹਨ।ਦਾਦਾ ਗੱਜਣ ਸਿੰਘ ਅਤੇ ਦਾਦੀ ਬਲਵਿੰਦਰ ਕੌਰ ਦੀ ਹੋਣਹਾਰ ਪੋਤਰੀ ਰੂਪਨਪ੍ਰੀਤ ਕੌਰ, ਜੋ ਕੈਨੇਡਾ ਨੇਵੀ ਪੁਲਿਸ 'ਚ ਭਰਤੀ ਹੋਈ ਹੈ, ਬਾਰੇ ਕੈਨੇਡਾ ਤੋਂ ਭਰਾ ਜਸ਼ਨ ਸਿੰਘ ਅਤੇ ਇੰਡੀਆ ਤੋਂ ਪਿਤਾ ਮਹਿੰਦਰਪਾਲ ਸਿੰਘ ਸਾਥੀ ਮਹਿਰੋਕ ਅਤੇ ਮਾਤਾ ਚਰਨਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਗੁਰੂ ਨਾਨਕ ਦੇਵ ਮਾਡਲ ਸਕੂਲ, ਸ਼ਤਾਬਗੜ੍ਹ ਤੋਂ ਮੁਢਲੀ ਪੜ੍ਹਾਈ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸੁਲਤਾਨਪੁਰ ਲੋਧੀ ਤੋਂ +2 ਪਾਸ ਕਰ ਕੇ 2018 'ਚ ਕੈਨੇਡਾ ਗਈ ਧੀ ਰਾਣੀ ਨੇ ਪਹਿਲਾਂ 'ਲੰਗਾਰਾ ਕਾਲਜ, ਸਰੀ' 'ਚ ਪੂਰੀ ਲਗਨ ਅਤੇ ਮਿਹਨਤ ਨਾਲ ਅਪਣੀ ਪੜ੍ਹਾਈ ਪੂਰੀ ਕੀਤੀ ਅਤੇ ਪੀ ਆਰ ਹੋਣ ਉਪਰੰਤ ਆਪਣੀ ਜੋਬ ਦੇ ਨਾਲ ਨਾਲ ਕੈਨੇਡਾ ਨੇਵੀ ਲਈ 'ਫ਼ੋਰਸ ਟੈਸਟ ਮਿਲਟਰੀ ਅਤੇ ਇਥੌਸ ਫਿਟਨੈੱਸ ਟੈਸਟ' ਦੀ ਪੜ੍ਹਾਈ ਜਾਰੀ ਰੱਖੀ, ਜਿਸ ਦੇ ਫ਼ਲਸਰੂਪ ਉਹ ਅਪਣੀ 'ਕੈਨੇਡਾ ਨੇਵੀ' ਦੀ ਮੰਜ਼ਲ ਨੂੰ ਸਰ ਕਰ ਸਕੀ ਹੈ।ਸ਼ਤਾਬਗੜ੍ਹ ਦੀ ਹੋਣਹਾਰ ਧੀ ਦੀ ਇਸ ਉਪਲੱਬਧੀ ਲਈ ਮਹਿਰੋਕ ਪਰਵਾਰ ਨੂੰ ਵਧਾਈਆਂ ਦੇਣ ਵਾਲਿਆਂ 'ਚ ਸੁਖਦੇਵ ਸਿੰਘ ਨੰਬਰਦਾਰ, ਦਰਸ਼ਨ ਸਿੰਘ ਯੂ.ਕੇ; ਸੰਤੋਖ ਸਿੰਘ ਮਹਿਰੋਕ, ਦਲਵਿੰਦਰ ਸਿੰਘ ਕੈਨੇਡਾ, ਬਿੱਕਰ ਸਿੰਘ ਸ਼ਤਾਬਗੜ੍ਹ, ਪਰਮਿੰਦਰ ਸਿੰਘ ਸੋਢੀ ਕੈਨੇਡਾ, ਅਮਨਦੀਪ ਸਿੰਘ ਯੂ.ਕੇ, ਕੰਵਲਪ੍ਰੀਤ ਸਿੰਘ ਕੌੜਾ,ਅਜੀਤ ਸਿੰਘ ਕੌੜਾ ਆਦਿ ਦੇ ਨਾਂ ਸ਼ਾਮਲ ਹਨ।

ਜਨਮ ਦਿਨ ਮੁਬਾਰਕ

ਰੁਦਰਾਕਸ਼

ਏਕਮਦੀਪ ਕੌਰ
ਪਿਤਾ : ਦਮਨਦੀਪ ਸਿੰਘ
ਮਾਤਾ : ਰਮਨਦੀਪ ਕੌਰ
ਵਾਸੀ : ਜਲੰਧਰ

ਜ਼ਰੂਰੀ ਮੇਨਟੀਨੈਂਸ ਦੇ ਚਲਦਿਆਂ ਬਿਜਲੀ ਸਪਲਾਈ ਰਹੇਗੀ ਬੰਦ

ਫਗਵਾੜਾ (ਡਾ. ਰਮਨ) ਪੀ ਐਸ ਪੀ ਸੀ ਐਲ ਕਾਰਜਕਾਰੀ ਸਹਾਇਕ ਇੰਜੀਨੀਅਰ ਟੀ-2 ਸਬ ਅਰਬਨ ਉਪ ਮੰਡਲ ਫਗਵਾੜਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 22/02/2025 ਦਿਨ ਸ਼ਨੀਵਾਰ ਨੂੰ 66 ਕੇ ਵੀ ਹੁਸ਼ਿਆਰਪੁਰ ਰੋਡ ਵਿਖੇ ਸ਼ਟ ਡਾਉਨ ਦੋਰਾਨ ਜ਼ਰੂਰੀ ਮੇਨਟੀਨੈਂਸ ਕਰਨ ਲਈ ਹੇਠ ਲਿਖੇ ਏਰੀਏ ਦੀ ਬਿਜਲੀ ਸਪਲਾਈ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 17:00 ਵਜੇ ਤੱਕ ਬੰਦ ਰਹੇਗੀ 11 ਕੇ ਵੀ ਪੇਂਡੂ ਸ਼ਹਿਰੀ ਨੰ:1 ਅਤੇ 11 ਕੇ ਵੀ ਪੇਂਡੂ ਸ਼ਹਿਰੀ ਨੰ:2, 11 ਕੇ ਵੀ ਲਿੰਕ ਫੀਡਰ, 11 ਕੇ ਵੀ ਖਲਵਾੜਾ ਫੀਡਰ, 11 ਕੇ ਵੀ ਬਾਬਾ ਗਧੀਆ ਫੀਡਰ, 11 ਕੇ ਵੀ ਹੁਸ਼ਿਆਰਪੁਰ ਰੋਡ ਫੀਡਰ, 11ਕੇ ਵੀ ਅਸ਼ੋਕ ਵਿਹਾਰ ਫੀਡਰ, 11 ਕੇ.ਵੀ. ਫਤਿਹਗੜ, 11 ਕੇ ਵੀ ਸਿਵਲ ਹਸਪਤਾਲ ਫੀਡਰ, ਇਹਨਾਂ ਸਬ ਸਟੇਸ਼ਨਾਂ ਤੋਂ ਚੱਲਦੇ ਸਾਰੇ ਏ ਪੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ।ਬਿਜਲੀ ਸਪਲਾਈ ਬੰਦ ਰਹਿਣ ਕਾਰਣ ਪ੍ਰਭਾਵਿਤ ਏਰੀਆ ਮੁਹੱਲਾ, ਚਾਹਲ ਨਗਰ, ਸੰਤੋਖਪੁਰਾ, ਦਸਮੇਸ਼ ਨਗਰ, ਸ਼ਾਮ ਇਨਕਲੇਵ, ਨੇੜੇ ਜੀਟੀ ਰੋਡ, ਮੁਹੱਲਾ ਧਰਮਕੋਟ, ਪਲਾਹੀ ਰੋਡ, ਬਾਬਾ ਗਧੀਆ, ਪਿੰਡ ਭੁੱਲਾਰਾਈ, ਹਾਜੀਪੁਰ, ਚੱਕ ਹਕੀਮ, ਖੰਗੂੜਾ, ਪਲਾਹੀ,ਵਜੀਦੋਵਾਲ, ਖਲਵਾੜਾ, ਪੰਡੋਰੀ, ਖਾਟੀ, ਖੁਰਮਪੁਰ, ਚੱਕ ਪ੍ਰੇਮਾ, ਲੱਖਪੁਰ ਸੰਗਤਪੁਰ, ਨਵਾਂ ਪਿੰਡ ਆਦਿ ਪ੍ਰਮੁੱਖ ਹਨ।

ਦਫ਼ਤਰੀ ਕਰਮਚਾਰੀਆਂ ਨੂੰ 27 ਤੱਕ ਪੱਕੇ ਹੋਣ ਦੀ ਆਸ ਬੱਝੀ

ਜਲੰਧਰ (ਰਾਜੇਸ਼ ਥਾਪਾ) ਬੀਤੇ ਲੰਮੇ ਸਮੇ ਤੋਂ ਰੈਗੂਲਰ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਦਫ਼ਤਰੀ ਕਰਮਚਾਰੀਆਂ ਨੂੰ 27 ਤਰੀਕ ਨੂੰ ਹੋਣ ਵਾਲੀ ਸਬ ਕਮੇਟੀ ਤੇ ਸਮੂਹ ਅਧਿਕਾਰੀਆਂ ਦੀ ਮੀਟਿੰਗ ਵਿੱਚ ਪੱਕੇ ਹੋਣ ਦੀ ਆਸ ਬੱਝੀ ਹੈ। ਪ੍ਰੈਸ ਬਿਆਨ ਜਾਰੀ ਕਰਦੇ ਹੋਏ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫ਼ਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਰਾਕੇਸ਼ ਕੁਮਾਰ ਵੱਲੋਂ ਇਸੇ ਸਬੰਧ ਵਿੱਚ ਐਮ. ਐਲ. ਏ ਜਲੰਧਰ ਸੈਂਟਰਲ ਰਮਨ ਅਰੋੜਾ ਨੂੰ ਮਿਲਿਆ ਤੇ ਉਹਨਾਂ ਨੂੰ ਮੁਲਾਜ਼ਮ ਮੰਗਾਂ ਬਾਰੇ ਦੱਸਿਆ। ਉਹਨਾਂ ਵੱਲੋਂ ਗੱਲ ਨੂੰ ਬੜੇ ਧਿਆਨ ਨਾਲ ਸੁਣਿਆ ਗਿਆ ਤੇ ਕਿਹਾ ਗਿਆ ਸਰਕਾਰ ਵੱਲੋਂ ਜਲਦ ਹੀ ਤੁਹਾਨੂੰ ਰੈਗੂਲਰ ਕੀਤਾ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਪਿਛਲੇ ਦੋ ਮਹੀਨਿਆਂ ਦੀ ਤਨਖਾਹ ਵਿੱਚ ਸਿੱਖਿਆ ਸਕੱਤਰ ਵੱਲੋਂ ਕੱਟ ਲਗਾ ਦਿੱਤਾ ਗਿਆ ਜਿਸ ਕਰਕੇ ਕਰਮਚਾਰੀਆਂ ਦੀਆਂ ਲੋਨ ਦੀਆਂ ਕਿਸ਼ਤਾਂ, ਬਚਿਆਂ ਦੀਆਂ ਫੀਸਾਂ,ਘਰੇਲੂ ਖਰਚੇ ਕਰਨ ਵਿੱਚ ਬਹੁਤ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਐਮ. ਐਲ. ਏ ਵੱਲੋਂ ਮੌਕੇ 'ਤੇ ਸਿੱਖਿਆ ਸਕੱਤਰ ਨੂੰ ਫੋਨ ਕੀਤਾ ਗਿਆ ਤੇ ਦਫ਼ਤਰੀਆਂ ਕਰਮਚਾਰੀਆਂ ਪ੍ਰਤੀ ਹਮਦਰਦੀ ਦਿਖਾਉਂਦੇ ਹੋਏ ਤਨਖਾਹਾਂ ਜਾਰੀ ਕਰਨ ਲਈ ਕਿਹਾ ਗਿਆ। ਸਿੱਖਿਆ ਸਕੱਤਰ ਵੱਲੋਂ ਹਮਦਰਦੀ ਦਿਖਾਉਂਦੇ ਹੋਏ ਸੋਮਵਾਰ ਤੱਕ ਫੰਡ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ।

ਲਾਇਨਜ਼ ਕਲੱਬ ਨੇ ਹਲਕੇ 'ਚ ਕੀਤੀ ਸਫਾਈ ਮੁਹਿੰਮ ਸ਼ੁਰੂ

ਡੇਰਾਬੱਸੀ — ਲਾਇਨਜ਼ ਕਲੱਬ ਡੇਰਾਬੱਸੀ ਨੇ ਡੇਰਾਬੱਸੀ ਵਿੱਚ ਸਵੱਛਤਾ ਅਭਿਆਨ ਦੇ ਹਿੱਸੇ ਵਜੋਂ ਸਕੂਲਾਂ ਅਤੇ ਕਾਲਜਾਂ ਵਿੱਚ ਸੈਨੇਟਰੀ ਪੈਡ ਵੰਡ ਕੇ ਅਤੇ ਅੱਖੇ ਦਿਨਾਂ ਵਿੱਚ ਪੌਸ਼ਟਿਕ ਭੋਜਨ ਲੈਣ ਅਤੇ ਸਫ਼ਾਈ ਬਣਾਈ ਰੱਖਣ ਬਾਰੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ। ਇਸਦੀ ਸ਼ੁਰੂਆਤ ਕਰਦੇ ਹੋਏ, ਡਾ. ਰਵੀਨਾ ਸੂਰੀ ਨੇ ਡੇਰਾਬੱਸੀ ਦੇ ਡੀ.ਏ.ਵੀ. ਸਕੂਲ ਦੀਆਂ 8ਵੀਂ ਤੋਂ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਨੂੰ ਇਨ੍ਹਾਂ ਦਿਨਾਂ ਵਿੱਚ ਆਪਣੇ ਆਪ ਨੂੰ ਖੁਸ਼ ਕਿਵੇਂ ਰੱਖਣਾ ਹੈ, ਤਣਾਅ ਤੋਂ ਕਿਵੇਂ ਬਚਣਾ ਹੈ ਆਦਿ ਬਾਰੇ ਦੱਸਿਆ। ਉਨ੍ਹਾਂ ਦੱਸਿਆ ਕਿ ਸਫਾਈ ਦਾ ਜੀਵਨ ਵਿੱਚ ਵਿਸ਼ੇਸ਼ ਮਹੱਤਵ ਹੈ। ਉਨ੍ਹਾਂ ਦੱਸਿਆ ਕਿ ਸੈਨੇਟਰੀ ਪੈਡ ਅੱਜ ਦੀਆਂ ਔਰਤਾਂ ਅਤੇ ਨੌਜਵਾਨ ਕੁੜੀਆਂ ਦੀ ਸਿਹਤ ਦਾ ਇੱਕ ਹਿੱਸਾ ਹਨ। ਜੋ ਕਿ ਸਮਾਜ ਦੀਆਂ ਸਾਰੀਆਂ ਔਰਤਾਂ ਦੀ ਮੁੱਢਲੀ ਲੋੜ ਹੈ। ਪਰ ਅੱਜ ਵੀ ਇਸ ਬਾਰੇ ਸਮਾਜ ਵਿੱਚ ਝਿਜਕ ਅਤੇ ਸ਼ਰਮ ਦੀ ਭਾਵਨਾ ਹੈ, ਜੋ ਔਰਤਾਂ ਦੀ ਸਿਹਤ ਨੂੰ ਪ੍ਰਭਾਵਿਤ ਕਰਦੀ ਹੈ। ਉਪੇਸ਼ ਬਾਂਸਲ ਨੇ ਕਿਹਾ ਕਿ ਲਾਇਨਜ਼ ਕਲੱਬ ਨੇੜਲੇ ਪਿੰਡਾਂ ਵਿੱਚ ਜਾ ਕੇ ਇਸ ਬਾਰੇ ਜਾਗਰੂਕਤਾ ਮੁਹਿੰਮ ਚਲਾਏਗਾ ਅਤੇ ਸੈਨੇਟਰੀ ਪੈਡ ਵੀ ਵੰਡੇਗਾ।ਸਕੂਲ ਪ੍ਰਿੰਸੀਪਲ ਸਰਿਤਾ ਯਾਦਵ ਨੇ ਲਾਇਨਜ਼ ਕਲੱਬ ਦਾ ਧੰਨਵਾਦ ਕੀਤਾ।ਇਸ ਮੌਕੇ ਲਾਇਨਜ਼ ਕਲੱਬ ਦੇ ਪ੍ਰਧਾਨ ਨਿਤਿਨ ਜਿੰਦਲ, ਰਵਿੰਦਰ ਸੈਣੀ ਆਦਿ ਮੌਜੂਦ ਸਨ।

ਭਾਰਤੀਆਂ ਨੂੰ ਜਬਰੀ ਡਿਪੋਰਟ ਕੀਤੇ ਜਾਣਾ ਗੰਭੀਰ ਚਿੰਤਾ ਦਾ ਵਿਸ਼ਾ : ਮੰਗੂਪੁਰ

ਬਲਾਚੌਰ (ਜਸਵਿੰਦਰ ਬੈਂਸ)- ਅਮਰੀਕਾ ਵਲੋਂ ਭਾਰਤੀਆਂ ਨੂੰ ਜਬਰੀ ਡਿਪੋਰਟ ਕੀਤੇ ਜਾਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ ਅਤੇ ਜਿਹੜੀ ਹਾਲਾਤ ਵਿਚ ਭਾਰਤੀਆਂ ਨੂੰ ਡਿਪੋਰਟ ਕੀਤਾ ਜਾ ਰਿਹਾ ਹੈ, ਉਹ ਸਿੱਧੇ ਤੌਰ 'ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਹਜ਼ਾਰਾਂ ਪੰਜਾਬੀ ਨੌਜਵਾਨ, ਜੋ ਕਿ ਆਪਣੇ ਸੁਨਹਿਰੇ ਭਵਿੱਖ ਲਈ ਅਮਰੀਕਾ ਗਏ ਸਨ, ਉਨ੍ਹਾਂ ਨੂੰ ਵਿਦੇਸ਼ੀ ਨੀਤੀਆਂ ਅਤੇ ਸਰਕਾਰਾਂ ਦੀ ਨਾਕਾਮੀ ਕਾਰਨ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਝ ਨੌਜਵਾਨਾਂ ਦੀ ਬਿਨਾਂ ਸੁਣਵਾਈ ਕੀਤੇ ਹੀ ਉਨ੍ਹਾਂ ਨੂੰ ਡਿਪੋਰਟ ਕੀਤਾ ਜਾ ਰਿਹਾ ਹੈ, ਜੋ ਕਿ ਮੂਲ ਰੂਪ 'ਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਉਨ੍ਹਾਂ ਭਾਰਤ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਗਲਤ ਸਾਬਤ ਹੋ ਰਹੀਆਂ ਹਨ ਤੇ ਸਰਕਾਰ ਅੰਤਰਰਾਸ਼ਟਰੀ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਕਰਨ 'ਚ ਫੇਲ੍ਹ ਸਾਬਤ ਹੋ ਰਹੀ ਹੈ। ਉਨ੍ਹਾਂ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਉੱਚ ਪੱਧਰੀ ਵਫ਼ਦ ਭੇਜ ਕੇ ਅਮਰੀਕਾ 'ਚ ਭਾਰਤੀਆਂ ਦੀ ਕਾਨੂੰਨੀ ਸਹਾਇਤਾ ਕੀਤੀ ਜਾਵੇ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰਾਖੀ ਲਈ ਪੂਰੇ ਯਤਨ ਕੀਤੇ ਜਾਣ।

ਬੋਪਾਰਾਏ 'ਚ ਵਿਰਾਸਤ ਮੇਲਾ ਚੌਕਿਆਂ ਦਾ ਭਲਕੇ

ਗੁਰਾਇਆ (ਰਘਬੀਰ ਸਿੰਘ)- ਬੋਪਾਰਾਏ ਗੁਰਾਇਆ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਗਰ